ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 1 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੧੭ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਆਜ਼ਾਦੀ ਦਿਹਾੜੇ ਤੋਂ ਪਹਿਲਾਂ ਪੰਜਾਬ 'ਚ ਹਾਈ ਅਲਰਟ, ਸੰਵੇਦਨਸ਼ੀਲ ਥਾਵਾਂ 'ਤੇ ਪੁਲਿਸ ਫੋਰਸ ਹੋਵੇਗੀ ਤਾਇਨਾਤ

**ਚੰਡੀਗੜ੍ਹ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਆਉਣ ਵਾਲੇ 79ਵੇਂ ਆਜ਼ਾਦੀ ਦਿਵਸ ਦੇ ਜਸ਼ਨਾਂ ਨੂੰ ਸ਼ਾਂਤੀਪੂਰਨ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਹਨ। ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ ਨੇ ਸਾਰੇ ਪੁਲਿਸ ਕਮਿਸ਼ਨਰਾਂ, ਰੇਂਜ ਆਈਜੀ/ਡੀਆਈਜੀ ਅਤੇ ਜ਼ਿਲ੍ਹਾ ਪੁਲਿਸ ਮੁਖੀਆਂ (ਐਸਐਸਪੀ) ਨੂੰ ਵਿਸ਼ੇਸ਼ ਸੁਰੱਖਿਆ ਮੁਹਿੰਮ ਸ਼ੁਰੂ ਕਰਨ ਅਤੇ ਕਾਨੂੰਨ ਵਿਵਸਥਾ 'ਤੇ ਸਖ਼ਤ ਨਜ਼ਰ ਰੱਖਣ ਦੇ ਨਿਰਦੇਸ਼ ਜਾਰੀ ਕੀਤੇ ਹਨ। ਡੀਜੀਪੀ ਨੇ ਕਿਹਾ ਕਿ ਆਜ਼ਾਦੀ ਦਿਵਸ 'ਤੇ, ਮੁੱਖ ਮੰਤਰੀ, ਮੰਤਰੀ, ਵਿਧਾਇਕ, ਪ੍ਰਸ਼ਾਸਨਿਕ ਅਧਿਕਾਰੀ ਅਤੇ ਹੋਰ ਪਤਵੰਤੇ ਰਾਜ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਰਾਸ਼ਟਰੀ ਝੰਡਾ ਲਹਿਰਾਉਣਗੇ। ਇਸ ਲਈ, ਸਾਰੇ ਸਮਾਰੋਹ ਸਥਾਨਾਂ 'ਤੇ ਬਹੁ-ਪੱਧਰੀ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਜਾਣੇ ਚਾਹੀਦੇ ਹਨ, ਇਹ ਯਕੀਨੀ ਬਣਾਇਆ ਜਾਵੇ ਕਿ ਕੋਈ ਕੁਤਾਹੀ ਨਾ ਰਹੇ। ਉਨ੍ਹਾਂ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਰਾਜ ਭਰ ਵਿੱਚ ਤੁਰੰਤ ਵਿਸ਼ੇਸ਼ ਤਲਾਸ਼ੀ ਅਤੇ ਜਾਂਚ ਮੁਹਿੰਮ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਖੇਤਰਾਂ ਦੀ ਪਛਾਣ ਕੀਤੀ ਜਾਣੀ ਚਾਹੀਦੀ ਹੈ ਅਤੇ ਉੱਥੇ ਵਾਧੂ ਪੁਲਿਸ ਬਲ ਤਾਇਨਾਤ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਸਾਰੇ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ ਨਿਯਮਤ ਤੌਰ 'ਤੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਨ ਅਤੇ ਕਿਸੇ ਵੀ ਜਾਣਕਾਰੀ 'ਤੇ ਤੁਰੰਤ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ।

# ਪੰਚਕੂਲਾ ਜ਼ਿਲ੍ਹਾ ਕੋਰਟ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ

### ਸੀਜੇਪੀ ਪ੍ਰਦਰਸ਼ਨ ਨੂੰ ਲੈ ਕੇ ਦਿੱਤੀ ਚੇਤਾਵਨੀ



**ਚੰਡੀਗੜ੍ਹ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼ੁੱਕਰਵਾਰ ਸਵੇਰੇ ਸੈਕਟਰ 1 ਸਥਿਤ ਪੰਚਕੂਲਾ ਜ਼ਿਲ੍ਹਾ ਅਦਾਲਤ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਪ੍ਰਸ਼ਾਸਨ ਅਤੇ ਪੁਲਿਸ ਹਫੜਾ-ਦਫੜੀ ਵਿੱਚ ਪੈ ਗਏ। ਸਵੇਰੇ 10:35 ਵਜੇ ਦੇ ਕਰੀਬ ਸੁਰੱਖਿਆ ਅਲਰਟ ਮਿਲਣ ਤੋਂ ਬਾਅਦ ਪੁਲਿਸ ਅਤੇ ਹੋਰ ਸੁਰੱਖਿਆ ਏਜੰਸੀਆਂ ਤੁਰੰਤ ਹਰਕਤ ਵਿੱਚ ਆ ਗਈਆਂ। ਜ਼ਿਲ੍ਹਾ ਅਦਾਲਤ ਕੰਪਲੈਕਸ ਨੂੰ ਸੁਰੱਖਿਆ ਖਤਰੇ ਦੀ ਸੂਚਨਾ ਮਿਲਣ 'ਤੇ, ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਸਬੰਧਤ ਸੁਰੱਖਿਆ ਏਜੰਸੀਆਂ ਨੂੰ ਤੁਰੰਤ ਸੂਚਿਤ ਕੀਤਾ ਗਿਆ। ਇਸ ਤੋਂ ਬਾਅਦ, ਪੂਰੇ ਅਦਾਲਤ ਕੰਪਲੈਕਸ ਲਈ ਸੁਰੱਖਿਆ ਪ੍ਰਬੰਧ ਹੋਰ ਸਖ਼ਤ ਕਰ ਦਿੱਤੇ ਗਏ। ਸਾਵਧਾਨੀ ਵੱਜੋਂ ਅਦਾਲਤੀ ਕੰਪਲੈਕਸ ਵਿੱਚ ਵਾਧੂ ਪੁਲਿਸ ਬਲ ਤਾਇਨਾਤ ਕੀਤੇ ਗਏ ਹਨ। ਸੁਰੱਖਿਆ ਏਜੰਸੀਆਂ ਇਮਾਰਤ ਦੇ ਹਰ ਕੋਨੇ 'ਤੇ ਨਜ਼ਰ ਰੱਖ ਰਹੀਆਂ ਹਨ ਅਤੇ ਨਿਆਂਇਕ ਅਧਿਕਾਰੀਆਂ, ਸਟਾਫ਼, ਵਕੀਲਾਂ ਅਤੇ ਆਮ ਜਨਤਾ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ਼ੱਕੀ ਗਤੀਵਿਧੀਆਂ 'ਤੇ ਤਿੱਖੀ ਨਜ਼ਰ ਰੱਖ ਰਹੀਆਂ ਹਨ।

## ਬਠਿੰਡਾ ਰੇਲਵੇ ਸਟੇਸ਼ਨ ਨੂੰ ਬੰਬ ਨਾਲ ਉਡਾਉਣ ਦੀ ਧਮਕੀ, ਮਚਿਆ ਹੜਕੰਪ, ਵਧਾਈ ਸੁਰੱਖਿਆ

**ਬਠਿੰਡਾ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਰੇਲਵੇ ਸਟੇਸ਼ਨ ਨੂੰ ਬੰਬ ਨਾਲ ਉਡਾਉਣ ਦੀ ਈਮੇਲ ਰਾਹੀਂ ਧਮਕੀ ਮਿਲਣ ਤੋਂ ਬਾਅਦ ਹੜਕੰਪ ਮਚ ਗਿਆ ਹੈ। ਇਸ ਗੰਭੀਰ ਧਮਕੀ ਦੇ ਮੱਦੇਨਜ਼ਰ ਰੇਲਵੇ ਪ੍ਰੋਟੈਕਸ਼ਨ ਫੋਰਸ ਅਤੇ ਸਰਕਾਰੀ ਰੇਲਵੇ ਪੁਲਿਸ ਪੂਰੀ ਤਰ੍ਹਾਂ ਅਲਰਟ ਮੋਡ 'ਤੇ ਆ ਗਈ ਹੈ। ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਦੇ ਹੋਏ ਰੇਲਵੇ ਸਟੇਸ਼ਨ 'ਤੇ ਵਿਆਪਕ ਚੈਕਿੰਗ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ। 15 ਅਗਸਤ (ਆਜ਼ਾਦੀ ਦਿਵਸ) ਅਤੇ ਆਉਣ ਵਾਲੇ ਤਿਉਹਾਰਾਂ ਨੂੰ ਧਿਆਨ ਵਿੱਚ ਰੱਖਦਿਆਂ ਪੁਲਿਸ ਪ੍ਰਸ਼ਾਸਨ ਕਿਸੇ ਵੀ ਤਰ੍ਹਾਂ ਦਾ ਖ਼ਤਰਾ ਮੋਲ ਨਹੀਂ ਲੈਣਾ ਚਾਹੁੰਦਾ। GRP ਅਤੇ RPF ਦੀਆਂ ਟੀਮਾਂ ਨੇ ਡੌਗ ਸਕੁਆਡ ਦੀ ਮਦਦ ਨਾਲ ਸਟੇਸ਼ਨ ਦੇ ਮੁੱਖ ਪਰਿਸਰ, ਪਲੇਟਫਾਰਮਾਂ, ਉਡੀਕ ਘਰਾਂ ਅਤੇ ਹੋਰ ਸੰਵੇਦਨਸ਼ੀਲ



ਥਾਵਾਂ ਦੀ ਗਹਿਰਾਈ ਨਾਲ ਤਲਾਸ਼ੀ ਲਈ। ਯਾਤਰੀਆਂ ਦੇ ਸਮਾਨ ਦੀ ਸਖ਼ਤ ਜਾਂਚ ਕੀਤੀ ਜਾ ਰਹੀ ਹੈ ਅਤੇ ਹਰ ਸ਼ੱਕੀ ਗਤੀਵਿਧੀ 'ਤੇ ਕੜੀ ਨਿਗਰਾਨੀ ਰੱਖੀ ਜਾ ਰਹੀ ਹੈ। GRP ਅਧਿਕਾਰੀ ਕੁਲਦੀਪ ਚੰਦ ਨੇ ਦੱਸਿਆ ਕਿ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਸੁਰੱਖਿਆ ਪ੍ਰਬੰਧ ਹੋਰ ਸਖ਼ਤ ਕਰ ਦਿੱਤੇ ਗਏ ਹਨ। ਆਜ਼ਾਦੀ ਦਿਵਸ ਅਤੇ ਤਿਉਹਾਰੀ ਸੀਜ਼ਨ ਨੂੰ ਦੇਖਦੇ ਹੋਏ ਇਸ ਵਿਸ਼ੇਸ਼ ਮੁਹਿੰਮ ਤਹਿਤ ਰੇਲਵੇ ਜੰਕਸ਼ਨ 'ਤੇ 48 ਤੋਂ ਵੱਧ ਪੁਲਿਸ ਅਤੇ ਸੁਰੱਖਿਆ ਕਰਮੀ ਤੈਨਾਤ ਕੀਤੇ ਗਏ ਹਨ। ਪੁਲਿਸ ਅਧਿਕਾਰੀਆਂ ਨੇ ਰੇਲਵੇ ਸਟੇਸ਼ਨ 'ਤੇ ਮੌਜੂਦ ਅਤੇ ਯਾਤਰਾ ਕਰ ਰਹੇ ਲੋਕਾਂ ਨੂੰ ਚੌਕਸ ਰਹਿਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇ ਸਟੇਸ਼ਨ ਪਰਿਸਰ ਜਾਂ ਰੇਲਗੱਡੀ ਵਿੱਚ ਕੋਈ ਲਾਵਾਰਿਸ ਬੈਗ, ਵਸਤੂ ਜਾਂ ਕੋਈ ਸ਼ੱਕੀ ਵਿਅਕਤੀ ਨਜ਼ਰ ਆਵੇ ਤਾਂ ਉਸ ਦੀ ਸੂਚਨਾ ਤੁਰੰਤ ਪੁਲਿਸ ਜਾਂ ਰੇਲਵੇ ਸੁਰੱਖਿਆ ਬਲ ਨੂੰ ਦਿੱਤੀ ਜਾਵੇ।

## ਮੀਰੀ-ਪੀਰੀ ਸੰਸਥਾਨ ਨੂੰ ਲੈ ਕੇ ਐਸਜੀਪੀਸੀ ਦਾ ਦੋਗਲਾ ਚਿਹਰਾ ਆਇਆ ਸਾਹਮਣੇ : ਬਿਆਨ ਕੁਝ ਹੋਰ, ਮਨਸ਼ਾ ਕੁਝ ਹੋਰ : ਜਥੇਦਾਰ ਦਾਦੂਵਾਲ

**ਸ਼ਾਹਾਬਾਦ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼ਾਹਾਬਾਦ ਸਥਿਤ ਮੀਰੀ-ਪੀਰੀ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਸੈਂਟਰ ਨੂੰ ਲੈ ਕੇ ਚੱਲ ਰਿਹਾ ਵਿਵਾਦ ਇੱਕ ਵਾਰ ਫਿਰ ਗੰਭੀਰ ਹੋ ਗਿਆ ਹੈ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ 27 ਜੁਲਾਈ ਨੂੰ ਹਰਿਆਣਾ ਸਰਕਾਰ ਵੱਲੋਂ ਨਿਯੁਕਤ ਡਿਊਟੀ ਮੈਜਿਸਟ੍ਰੇਟ ਦੀ ਮੌਜੂਦਗੀ ਵਿੱਚ ਹਸਪਤਾਲ ਦਾ ਪ੍ਰਬੰਧ ਵਿਧੀਵਤ ਤੌਰ 'ਤੇ ਸੰਭਾਲ ਲਿਆ ਗਿਆ ਸੀ। ਉਸ ਸਮੇਂ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰ ਵੀ ਮੌਜੂਦ ਸਨ। ਇਸ ਦੇ ਬਾਵਜੂਦ ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਦਲ ਦਲ ਮੀਰੀ-ਪੀਰੀ ਟਰੱਸਟ ਵੱਲੋਂ ਕਾਨੂੰਨੀ ਨੋਟਿਸ ਭੇਜੇ ਜਾਣ ਤੋਂ ਬਾਅਦ ਵਿਵਾਦ ਨੇ ਨਵਾਂ ਮੋੜ ਲੈ ਲਿਆ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV



### ਸ਼੍ਰੋਮਣੀ ਕਮੇਟੀ ਨੇ ਕਮੇਟੀ ਨੂੰ ਮੁੜ ਭੇਜਿਆ ਕਾਨੂੰਨੀ ਨੋਟਿਸ

ਸਾਬਕਾ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਕਮੇਟੀ ਨੇ ਪ੍ਰੈੱਸ ਵਾਰਤਾ ਦੌਰਾਨ ਕਿਹਾ ਕਿ 27 ਜੁਲਾਈ ਨੂੰ ਪ੍ਰਬੰਧ ਸੰਭਾਲਣ ਤੋਂ ਬਾਅਦ ਹਰਿਆਣਾ ਕਮੇਟੀ ਹਸਪਤਾਲ ਦੇ ਡਾਕਟਰਾਂ ਅਤੇ ਕਰਮਚਾਰੀਆਂ ਦੀਆਂ ਰੁਕੀਆਂ ਹੋਈਆਂ ਤਨਖਾਹਾਂ ਜਾਰੀ ਕਰਨ ਦੀ ਤਿਆਰੀ ਕਰ ਰਹੀ ਸੀ, ਪਰ ਇਸੇ ਦੌਰਾਨ ਐਸਜੀਪੀਸੀ ਅਤੇ ਮੀਰੀ-ਪੀਰੀ ਟਰੱਸਟ ਦੇ ਵਕੀਲ ਵੱਲੋਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫ਼ਤਰ ਨੂੰ ਕਾਨੂੰਨੀ ਨੋਟਿਸ ਭੇਜ ਦਿੱਤਾ ਗਿਆ ਹੈ ਨੋਟਿਸ ਵਿੱਚ ਕਿਹਾ ਗਿਆ ਹੈ ਕਿ ਅਦਾਲਤ ਦਾ ਫ਼ੈਸਲਾ ਮੀਰੀ-ਪੀਰੀ ਟਰੱਸਟ ਦੇ ਹੱਕ ਵਿੱਚ ਹੈ ਅਤੇ ਬੋਰਡ ਸਬੰਧੀ ਮਾਮਲੇ ਵਿੱਚ ਅਦਾਲਤ ਵੱਲੋਂ ਦਿੱਤੀ ਗਈ ਸਟੇ ਅਜੇ ਵੀ ਪ੍ਰਭਾਵੀ ਹੈ। ਇਸ ਲਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਸਪਤਾਲ ਦਾ ਪ੍ਰਬੰਧ ਆਪਣੇ ਹੱਥ ਵਿੱਚ ਨਹੀਂ ਲੈ ਸਕਦੀ। ਨਾਲ ਹੀ ਇਹ ਵੀ ਕਿਹਾ ਗਿਆ ਹੈ ਕਿ ਕਮੇਟੀ ਦਾ ਕੋਈ ਵੀ ਅਹੁਦੇਦਾਰ ਜਾਂ ਮੈਂਬਰ ਮੀਰੀ-ਪੀਰੀ ਸੰਸਥਾਨ ਵਿੱਚ ਦਾਖਲ ਨਾ ਹੋਵੇ ਇਹ ਪੂਰਨ ਤੌਰ ਤੇ ਪਹਿਲਾਂ ਦੀ ਤਰਾਂ ਗੁੰਮਰਾਹਕੁੰਨ ਹੈ

ਜਥੇਦਾਰ ਦਾਦੂਵਾਲ ਨੇ ਕਿਹਾ ਕਿ ਇਹ ਨੋਟਿਸ ਬਾਦਲ ਦਲ ਦੇ ਦੋਗਲੇ ਚਿਹਰੇ ਨੂੰ ਬੇਨਕਾਬ ਕਰਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਐਸਜੀਪੀਸੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਲਗਾਤਾਰ ਬਿਆਨ ਦਿੱਤੇ ਜਾ ਰਹੇ ਸਨ ਕਿ ਜੇਕਰ ਹਰਿਆਣਾ ਕਮੇਟੀ ਮੀਰੀ-ਪੀਰੀ ਸੰਸਥਾਨ ਦੀ ਸੇਵਾ-ਸੰਭਾਲ ਕਰਨਾ ਚਾਹੁੰਦੀ ਹੈ ਤਾਂ ਐਸਜੀਪੀਸੀ ਨੂੰ ਕੋਈ ਇਤਰਾਜ਼ ਨਹੀਂ। ਪਰ ਹੁਣ ਉਸੇ ਸੰਸਥਾਨ ਸਬੰਧੀ ਕਾਨੂੰਨੀ ਨੋਟਿਸ ਭੇਜਣਾ ਇਹ ਸਾਬਤ ਕਰਦਾ ਹੈ ਕਿ ਐਸਜੀਪੀਸੀ ਅਸਲ ਵਿੱਚ ਹਸਪਤਾਲ ਦਾ ਕੰਟਰੋਲ ਛੱਡਣਾ ਨਹੀਂ ਚਾਹੁੰਦੀ।

ਉਨ੍ਹਾਂ ਕਿਹਾ ਕਿ ਜੇ ਐਸਜੀਪੀਸੀ ਦਾ ਪਹਿਲਾਂ ਦਿੱਤਾ ਗਿਆ ਬਿਆਨ ਸਹੀ ਸੀ ਤਾਂ ਫਿਰ ਨੋਟਿਸ ਭੇਜਣ ਦੀ ਲੋੜ ਕਿਉਂ ਪਈ ? ਇਸ ਨਾਲ ਸਪੱਸ਼ਟ ਹੋ ਗਿਆ ਹੈ ਕਿ ਜਨਤਕ ਬਿਆਨਾਂ ਅਤੇ ਅਸਲ ਕਾਰਵਾਈ ਵਿੱਚ ਵੱਡਾ ਫ਼ਰਕ ਹੈ।

ਜਥੇਦਾਰ ਦਾਦੂਵਾਲ ਨੇ ਦੋਸ਼ ਲਾਇਆ ਕਿ ਐਸਜੀਪੀਸੀ ਅਤੇ ਮੀਰੀ-ਪੀਰੀ ਟਰੱਸਟ ਦੀ ਇਸ ਕਾਰਵਾਈ ਕਾਰਨ ਹਸਪਤਾਲ ਦੇ ਕਰਮਚਾਰੀਆਂ ਦੀਆਂ ਤਨਖਾਹਾਂ ਦੇ ਭੁਗਤਾਨ ਦੀ ਪ੍ਰਕਿਰਿਆ ਇੱਕ ਵਾਰ ਫਿਰ ਰੁਕਾਵਟ ਦਾ ਸ਼ਿਕਾਰ ਹੋ ਗਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਕਰਮਚਾਰੀਆਂ ਦੀਆਂ ਤਨਖਾਹਾਂ ਨੂੰ ਲੈ ਕੇ ਲਗਾਤਾਰ ਅਸਮੰਜਸ ਦੀ ਸਥਿਤੀ ਬਣੀ ਰਹੀ ਅਤੇ ਹੁਣ ਕਾਨੂੰਨੀ ਨੋਟਿਸ ਕਾਰਨ ਦੁਬਾਰਾ ਅਨਿਸ਼ਚਿਤਤਾ ਪੈਦਾ ਹੋ ਗਈ ਹੈ।

ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੁਝ ਅਹੁਦੇਦਾਰ ਅਤੇ ਮੈਂਬਰ ਵੀ "ਬਾਦਲ ਪਰਿਵਾਰ" ਨਾਲ ਮਿਲੇ ਹੋਏ ਹਨ, ਜਿਸ ਕਾਰਨ ਮੀਰੀ-ਪੀਰੀ ਸੰਸਥਾਨ ਨੂੰ ਲੈ ਕੇ ਲਗਾਤਾਰ ਨਵੀਆਂ ਨਵੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਸੱਚਮੁੱਚ ਹਸਪਤਾਲ ਹਰ ਮਹੀਨੇ ਕਰੋੜਾਂ ਰੁਪਏ ਦੇ ਘਾਟੇ ਵਿੱਚ ਚੱਲ ਰਿਹਾ ਹੈ, ਜਿਵੇਂ ਕਿ ਬਾਦਲ ਦਲ ਵੱਲੋਂ ਪਹਿਲਾਂ ਕਿਹਾ ਜਾਂਦਾ ਰਿਹਾ ਹੈ, ਤਾਂ ਫਿਰ ਉਸੇ ਸੰਸਥਾਨ 'ਤੇ ਕਬਜ਼ਾ ਬਣਾਈ ਰੱਖਣ ਲਈ ਕਾਨੂੰਨੀ ਲੜਾਈ ਕਿਉਂ ਲੜੀ ਜਾ ਰਹੀ ਹੈ ?

ਜਥੇਦਾਰ ਦਾਦੂਵਾਲ ਨੇ ਕਿਹਾ ਕਿ ਹਰਿਆਣਾ ਕਮੇਟੀ ਹੁਣ ਸੰਸਥਾਨ ਦੀ ਸੇਵਾ-ਸੰਭਾਲ ਲੈ ਚੁੱਕੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹਸਪਤਾਲ ਦੇ ਸਾਰੇ ਵਿੱਤੀ ਅਤੇ ਪ੍ਰਸ਼ਾਸਨਿਕ ਮਾਮਲਿਆਂ ਦੀ ਜਾਂਚ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਨਿਰਮਾਣ ਕਾਰਜਾਂ, ਦਵਾਈਆਂ ਦੀ ਖਰੀਦ, ਵਿੱਤੀ ਲੈਣ-ਦੇਣ ਅਤੇ ਹੋਰ ਪ੍ਰਸ਼ਾਸਨਿਕ ਮਾਮਲਿਆਂ ਦੀ ਨਿਰਪੱਖ ਜਾਂਚ ਤੋਂ ਬਾਅਦ ਇਹ ਸਾਹਮਣੇ ਆਵੇਗਾ ਕਿ ਸੰਸਥਾਨ ਵਿੱਚ ਕਿਸ ਤਰ੍ਹਾਂ ਕੰਮ ਕੀਤਾ ਗਿਆ ਅਤੇ ਜੇਕਰ ਕਿਤੇ ਕੋਈ ਬੇਨਿਯਮਤਾ ਜਾਂ ਭ੍ਰਿਸ਼ਟਾਚਾਰ ਹੋਇਆ ਹੈ ਤਾਂ ਉਸ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ। ਉਨ੍ਹਾਂ ਸਿੱਖ ਸੰਗਤ ਨੂੰ ਵੀ ਅਪੀਲ ਕੀਤੀ ਕਿ ਹੁਣ ਸਮਾਂ ਆ ਗਿਆ ਹੈ ਕਿ ਸੱਚ ਦਾ ਸਾਥ ਦਿੱਤਾ ਜਾਵੇ ਤਾਂ ਜੋ ਮੀਰੀ-ਪੀਰੀ ਸੰਸਥਾਨ ਨੂੰ ਪਾਰਦਰਸ਼ੀ ਅਤੇ ਬਿਹਤਰ ਢੰਗ ਨਾਲ ਚਲਾਇਆ ਜਾ ਸਕੇ ਅਤੇ ਮਰੀਜ਼ਾਂ ਅਤੇ ਕਰਮਚਾਰੀਆਂ ਦੇ ਹਿੱਤਾਂ ਦੀ ਰੱਖਿਆ ਹੋ ਸਕੇ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਜੇਕਰ ਐਸਜੀਪੀਸੀ ਇਸ ਸੰਸਥਾਨ 'ਤੇ ਆਪਣਾ ਹੱਕ ਜਤਾ ਰਹੀ ਹੈ ਤਾਂ ਫਿਰ ਮੀਰੀ-ਪੀਰੀ ਦੇ ਡਾਕਟਰਾਂ ਅਤੇ ਸਟਾਫ਼ ਨੂੰ ਤਨਖਾਹ ਕਿਉਂ ਨਹੀਂ ਦੇ ਰਹੀ ? ਉਨ੍ਹਾਂ ਕਿਹਾ ਕਿ ਐਸਜੀਪੀਸੀ ਨੂੰ 27 ਜੁਲਾਈ ਤੋਂ ਪਹਿਲਾਂ ਬਣਦੀ ਡਾਕਟਰਾਂ ਅਤੇ ਸਟਾਫ਼ ਦੀ ਬਕਾਇਆ ਤਨਖਾਹ ਤੁਰੰਤ ਅਦਾ ਕਰਨੀ ਚਾਹੀਦੀ ਹੈ।

## 'ਹਰੇਕ ਸਿੱਖ 3-3 ਬੱਚੇ ਪੈਦਾ ਕਰੇ...', ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਜਾਣੋ ਕਿਉਂ ਕਹੀ ਇਹ ਗੱਲ



**ਫਰੀਦਕੋਟ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਹਰ ਸਿੱਖ ਨੂੰ 3-3 ਬੱਚੇ ਪੈਦਾ ਕਰਨ ਲਈ ਕਿਹਾ ਹੈ। ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਇਹ ਗੱਲ ਫਰੀਦਕੋਟ ਜ਼ਿਲ੍ਹੇ ਦੇ ਕੋਟਕਪੂਰਾ ਵਿਖੇ ਮੀਰੀ ਪੀਰੀ ਖਾਲਸਾ ਮਾਰਚ ਦੌਰਾਨ ਕਹੀ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਮਾਰਚ ਦੌਰਾਨ ਸਿੱਖਾਂ ਦੀ ਇਕਜੁਟਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਬਾਹਰੀ ਤਾਕਤਾਂ ਦੇ ਹਮਲਿਆਂ ਖਿਲਾਫ਼ ਇਕਜੁਟ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਗਿਣਤੀ ਲਗਾਤਾਰ ਘੱਟ ਰਹੀ ਹੈ, ਜਿਸ ਲਈ ਸਿੱਖਾਂ ਨੂੰ 3-3 ਬੱਚੇ ਪੈਦਾ ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਸਿੱਖ ਸੰਗਤ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਜੇਕਰ ਜੇ ਪੁੱਤ ਦਾ ਭਰਾ ਚਾਹੀਦਾ ਹੈ ਤਾਂ ਉਸ ਦੀ ਭੈਣ ਵੀ ਚਾਹੀਦੀ ਹੈ। ਉਨ੍ਹਾਂ ਨੇ ਗਲਤ ਪਾਸੇ ਪਏ ਨੌਜਵਾਨਾਂ ਦੇ ਹੱਕ 'ਚ ਵੀ ਹਾਅ ਦਾ ਨਾਅਰਾ ਮਾਰਿਆ ਅਤੇ ਸੰਗਤ ਨੂੰ ਨੌਜਵਾਨਾਂ ਦਾ ਸਾਥ ਦੇ ਕੇ ਗੁਰੂ ਗ੍ਰੰਥ ਸਾਹਿਬ ਤੇ ਗੁਰੂ ਪੰਥ ਨਾਲ ਜੋੜਨ ਲਈ ਵੀ ਕਿਹਾ। ਉਨ੍ਹਾਂ ਪੰਜਾਬ ਵਿੱਚ ਵੱਧ ਰਹੇ ਨਸ਼ਿਆਂ ਦੇ ਰੁਝਾਨ 'ਤੇ ਵੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਕੁਝ ਨਹੀਂ ਕਰ ਰਹੀ ਅਤੇ ਪੰਜਾਬ ਵਿੱਚ ਨਸ਼ਿਆਂ ਦੀ ਘਰ-ਘਰ ਡਿਲੀਵਰੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਭਾਈਚਾਰਾ ਆਪਣੀ ਪਛਾਣ, ਤਾਕਤ ਅਤੇ ਮਾਣ ਨੂੰ ਸਿਰਫ਼ ਚੜ੍ਹਦੀ ਕਲਾ ਵਿੱਚ ਰਹਿ ਕੇ ਹੀ ਕਾਇਮ ਰੱਖ ਸਕਦਾ ਹੈ। ਛੇਵੇਂ ਗੁਰੂ, ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮੀਰੀ-ਪੀਰੀ ਸਿਧਾਂਤਾਂ, ਸਿੱਖ ਭਾਈਚਾਰੇ ਦੀ ਏਕਤਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਦੇ ਸੰਦੇਸ਼ ਨੂੰ ਫੈਲਾਉਣ ਦੇ ਉਦੇਸ਼ ਨਾਲ ਕੱਢੇ ਜਾ ਰਹੇ ਇਸ ਮਾਰਚ ਵਿੱਚ, ਸ਼ਰਧਾਲੂਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਸਰੂਪ ਦੇ ਨਾਲ-ਨਾਲ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਸ਼ਸਤਰ ਨੂੰ ਸ਼ਰਧਾ ਨਾਲ ਸ਼ਰਧਾਂਜਲੀ ਭੇਟ ਕੀਤੀ। ਇਹ ਖਾਲਸਾ ਮਾਰਚ, ਜੋ 24 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ਼ੁਰੂ ਹੋਇਆ ਸੀ, 3 ਅਗਸਤ, 2026 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਮਾਪਤ ਹੋਵੇਗਾ। ਮਾਰਚ ਸ਼ੁੱਕਰਵਾਰ ਸਵੇਰੇ ਗੁਰਦੁਆਰਾ ਖ਼ਾਲਸਾ ਦੀਵਾਨ ਤੋਂ ਰਾਤ ਦੇ ਆਰਾਮ ਤੋਂ ਬਾਅਦ ਸ਼ੁਰੂ ਹੋਇਆ। ਫ਼ਰੀਦਕੋਟ ਸ਼ਹਿਰ ਤੋਂ ਇਲਾਵਾ ਪਿੰਡ ਸੰਧਵਾਂ, ਕੋਟਕਪੂਰਾ, ਢਿਲਵਾਂ ਕਲਾਂ, ਬਹਿਬਲ ਕਲਾਂ, ਬਰਗਾੜੀ ਸਮੇਤ ਹੋਰਨਾਂ ਥਾਵਾਂ 'ਤੇ ਵੀ ਸੰਗਤਾਂ ਨੇ ਖ਼ਾਲਸਾ ਮਾਰਚ ਦਾ ਸਵਾਗਤ ਕੀਤਾ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਧੁਰ ਕੀ ਬਾਣੀ ਸਬਦੁ ਸਚੀ ਟਕਸਾਲ
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਗੁਰਪ੍ਰਤਾਪ ਸਿੰਘ ਪਦਮ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

## ਸ਼ਨਿੱਚਰਵਾਰ 1 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸੱਜਣਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਆਵਾਜ਼ਿ ਕੌਮ
AWAZE QAUM
International Newspaper & WEB TV
Gurmat
KATHA SAMAGAM
GIANI RAJPAL SINGH JI BOPARAI
Kathavachak
Gurdwara Shaheedan Baba Nihal Singh Ji, Talhan Sahib Wale
Whatsapp: +91 9478897960
27 JULY
TO
2 AUG 2026
DAILY : 6:00 AM TO 6:45 AM
6:00 PM TO 7.00 PM
SUNDAY 2 AUG 2026
11:40 AM TO 12: 45 AM
VENUE:
GURU NANAK GURDWARA, WALSALL, ENGLAND
162 W Bromwich St, Walsall WS1 4DE

### 'ਇਕ ਰੁੱਖ ਸੌ ਸੁੱਖ ਕਹਾਵਤ' ਤੋਂ ਹੋਣਾ ਪਵੇਗਾ ਜਾਣੂੰ

# ਪੁਲਿਸ ਅਧਿਕਾਰੀਆਂ ਦੀ ਸਹਾਇਤਾ ਨਾਲ ਡੇਹਰੀਵਾਲ ਚ ਛਾਂਦਾਰ ਬੂਟੇ ਲਗਾਏ ਗਏ



**ਜੰਡਿਆਲਾ ਗੁਰੂ 31 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਇਕ ਰੁੱਖ ਸੌ ਸੁੱਖ ਵਾਲੀ ਕਹਾਵਤ ਪੰਜਾਬ ਵਿੱਚ ਪੁਰਾਤਨ ਸਮੇਂ ਤੋਂ ਬੋਲੀ ਜਾਂਦੀ ਹੈ ਲੇਕਿਨ ਇਸ ਕਹਾਵਤ ਦੀ ਸਚਾਈ ਤਪਦੀ ਗਰਮੀ ਵਿੱਚ ਯਾਦ ਆ ਜਾਂਦੀ ਹੈ ਕਿ ਪੁਰਾਣੇ ਸਮੇਂ ਦੌਰਾਨ ਮਨੁੱਖਤਾ ਦੀ ਭਲਾਈ ਲਈ ਵੱਡੇ ਵੱਡੇ ਛਾਂਦਾਰ ਬੂਟੇ ਲਗਾਏ ਜਾਂਦੇ ਸਨ ਅਤੇ ਉਨਾਂ ਨੂੰ ਪਾਲਿਆ ਜਾਂਦਾ ਸੀ ਅਤੇ ਬੂਟੇ ਵੱਡੇ ਹੋਣ ਤੇ ਇਕ ਵੱਡੇ ਦਰਖਤ ਦੀ ਥਾਂ ਲੈਂਦੇ ਸਨ ਅਤੇ ਮਨੁੱਖਤਾ ਉਨਾਂ ਦਰਖਤਾਂ ਤੋਂ ਆਕਸੀਜਨ ਲੈਂਦੀ ਅਤੇ ਛਾਂ ਦਾ ਆਨੰਦ ਮਾਣਦੀ ਸੀ ਪਰ ਕੁਝ ਸਮੇਂ ਤੋਂ ਇਨਾਂ ਦਰੱਖਤਾਂ ਦੀ ਕਟਾਈ ਤਾਂ ਸੁਰੂ ਕੀਤੀ ਗਈ ਲੇਕਿਨ ਨਵੇਂ ਬੂਟੇ ਲਗਾਉਣ ਲਈ ਵੱਖ ਵੱਖ ਸਮਾਜ ਸੇਵਕ ਜਥੇਬੰਦੀਆਂ ਨੂੰ ਅੱਗੇ ਆਉਣਾ ਪਿਆ ਜਿਸ ਦੇ ਚੱਲਦਿਆਂ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸਾਂ ਅਨੁਸਾਰ ਅਤੇ ਐਸ ਐਸ ਪੀ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ ਦੀ ਅਗਵਾਈ ਵਿੱਚ ਸੀ ਪੀ ਆਰ ਸੀ ਦਿਹਾਤੀ ਅੰਮ੍ਰਿਤਸਰ ਦੇ ਇੰਚਾਰਜ ਇੰਨਸਪੈਕਟਰ ਬਿਕਰਮਜੀਤ ਸਿੰਘ, ਏ ਐਸ ਆਈ ਜਸਪਾਲ ਸਿੰਘ , ਪੀ ਐਸ ਤਰਸਿੱਕਾ ਇੰਚਾਰਜ ਗੁਰਪ੍ਰੀਤ ਸਿੰਘ , ਜਸਵੰਤ ਸਿੰਘ ਅਤੇ ਸਰਪੰਚ ਪਰਮਿੰਦਰ ਸਿੰਘ ਡੇਹਰੀਵਾਲ ਦੀ ਸਮੂਹ ਪੰਚਾਇਤ ਦੀ ਟੀਮ ਨੇ ਰਲ ਕੇ ਪਿੰਡ ਵਿਚ ਛੱਪੜ ਕਿਨਾਰੇ ਅਤੇ ਹੋਰ ਪਈਆਂ ਖਾਲੀ ਥਾਂਵਾਂ ਤੇ ਫਲ ਅਤੇ ਛਾਂਦਾਰ ਬੂਟੇ ਲੱਗਾਕੇ ਕੁਦਰਤ ਨਾਲ ਪ੍ਰੇਮ ਹੋਣ ਦਾ ਅਹਿਸਾਸ ਮਹਿਸੂਸ ਕੀਤਾ । ਇਸ ਮੌਕੇ ਲੋਕਾਂ ਨੂੰ ਵੀ ਸੰਦੇਸ ਦਿੱਤਾ ਗਿਆ । ਕਿ ਉਹ ਪੰਜਾਬ ਵਿਚ ਪੈ ਰਹੀ ਕੜਾਕੇ ਦੀ ਗਰਮੀ ਅਤੇ ਘਟ ਰਹੀ ਹਰਿਆਲੀ ਵਿਚ ਨੂੰ ਪੂਰਿਆ ਕਰਨ ਲਈ ਕੁਦਰਤ ਪ੍ਰੇਮੀਆਂ ਅਤੇ ਮਾਹਰਾਂ ਵੱਲੋਂ ਦਿੱਤੇ ਜਾਂਦੇ ਵਿਚਾਰ ਅਤੇ ਆਪ ਮੋਹਰੇ ਹੋਕੇ ਸਮਾਜਸੇਵੀ ਸੰਸਥਾਵਾਂ ਵੱਲੋਂ ਲਗਾਏ ਜਾਂਦੇ ਰੁੱਖਾਂ ਦੀ ਪੇਸ਼ ਕੀਤੀ ਜਾਂਦੀ ਉਦਾਹਰਣ ਨੂੰ ਆਪਣੇ ਤੇ ਢੁਕਾਉਂਦਿਆਂ ਆਪ ਅਤੇ ਹੋਰਾਂ ਨੂੰ ਪ੍ਰੇਰਨਾ ਦੇਕੇ ਵੱਡੀ ਮਾਤਰਾ ਵਿਚ ਰੁੱਖ ਲਗਾਈਏ ।ਤਾਂ ਕਿ ਸਾਡੀਆਂ ਆਉਣ ਵਾਲੀਆਂ ਪੀੜੀਆਂ ਸਾਡੇ ਤੇ ਮਾਣ ਕਰ ਸਕਣ । ਕਿ ਸਾਡੇ ਵਡੇਰਿਆਂ ਨੇ ਸਾਡੇ ਲਈ ਕੁਝ ਕੀਤਾ ਸੀ । ਇਸ ਮੌਕੇ ਸਰਪੰਚ ਪਰਮਿੰਦਰ ਸਿੰਘ ਡੇਹਰੀਵਾਲ ਸਾਬਕਾ ਸਰਪੰਚ ਪਰਮਜੀਤ ਸਿੰਘ, ਅਤੇ ਗੁਰਦੀਪ ਸਿੰਘ, ਜੋਗਿੰਦਰ ਸਿੰਘ ਬਿੱਟੂ, ਗੁਲਾਬ ਸਿੰਘ, ਸੁਖਵਿੰਦਰ ਸਿੰਘ ਸਾਰੇ ਮੈਂਬਰ ਪੰਚਾਇਤ ਡਾ ਸੁਖਜਿੰਦਰ ਸਿੰਘ ਅਤੇ ਹੋਰ ਮੋਹਤਬਰ ਹਾਜ਼ਰ ਸਨ।

### ਜਬਰ ਜ਼ੁਲਮ ਦੇ ਸਤਾਏ ਲੋਕਾਂ ਲਈ ਇਨਕਲਾਬੀ ਪੈਗਾਮ ਹੈ ਗੁਰੂ ਗ੍ਰੰਥ ਸਾਹਿਬ : ਭਾਨ ਸਿੰਘ ਜੱਸੀ

# ਪਿੰਡ ਗੁੰਮਟੀ ਦੇ ਗੁਰਦੁਆਰਾ ਸਾਹਿਬ ਵਿੱਚ ਕੀਤਾ ਗਿਆ ਸਮਾਗਮ



**ਮਹਿਲ ਕਲਾ ( ਰਣਜੀਤ ਸਿੰਘ ਪੇਧਨੀ )**-ਹਲਕਾ ਮਹਿਲ ਕਲਾਂ ਦੇ ਪਿੰਡ ਗੁੰਮਟੀ ਵਿਖੇ ਗੁਰੂ ਰਵਿਦਾਸ ਜੀ ਦੀ ਯਾਦ ਵਿੱਚ ਬਣੇ ਗੁਰਦੁਆਰਾ ਸਾਹਿਬ ਵਿਖੇ ਪੂਰਨਮਾਸੀ ਦਾ ਦਿਹਾੜਾ ਮਨਾਇਆ ਗਿਆ । ਪਾਠ ਦੇ ਭੋਗਾਂ ਦੀ ਸਮਾਪਤੀ ਤੇ ਸਮਾਜ ਸੇਵੀ, ਭਾਨ ਸਿੰਘ ਜੱਸੀ ( ਜੱਸੀ ਪੇਦਨੀ ) ਨੇ ਗੁਰੂ ਘਰ ਦੀ ਸੇਵਾ ਲਈ ਜਿੱਥੇ 5 ਹਜਾਰ ਰੁਪਏ ਦੀ ਰਾਸ਼ੀ ਭੇਂਟ ਕੀਤੀ ਉੱਥੇ ਇਕੱਤਰ ਹੋਈਆਂ ਮਾਵਾਂ ਅਤੇ ਭੈਣਾਂ ਨੂੰ "ਚੁੰਨੀਆਂ" ਵੱਡਣ ਦੀ ਸੇਵਾ ਕੀਤੀ ਗਈ। ਇਸ ਮੌਕੇ ਬੋਲਦਿਆਂ ਉਹਨਾਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਯੂ.ਪੀ ਸਟੇਟ ਵਿੱਚ ਜਨਮ ਲੈਕੇ ਜਾਤੀ ਹੰਕਾਰ ਵਿੱਚ ਗੜੁੱਚ ਉਥੋਂ ਦੀਆਂ ਬ੍ਰਾਹਮਣਵਾਦੀ ਤਾਕਤਾਂ ਨੂੰ ਸਿੱਧੀ ਚੁਣੌਤੀ ਦਿੰਦਿਆਂ ਇਨਸਾਨੀਅਤ ਦੇ ਹੱਕ ਵਿੱਚ ਜੋਰਦਾਰ ਆਵਾਜ਼ ਬੁਲੰਦ ਕੀਤੀ ਸੀ। ਸਿੱਟੇ ਵਜੋਂ ਸਿੱਖ ਗੁਰੂ ਸਾਹਿਬਾਨਾਂ ਨੇ ਗੁਰੂ ਰਵਿਦਾਸ ਜੀ ਦੀ "ਬਾਣੀ" ਨੂੰ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸੰਪਾਦਿਤ ਕਰਕੇ ਗਰੀਬ ਅਤੇ ਜ਼ੁਲਮਾਂ ਦੇ ਸ਼ਿਕਾਰ ਲੋਕਾਂ ਨੂੰ ਵੱਡਾ ਮਾਣ ਬਖਸ਼ਿਆ ਹੈ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਗੁੰਮਰਾਹ ਕਰਨ ਵਾਲੇ ਛਾਤਰ ਲੋਕਾਂ ਤੋਂ ਸੁਚੇਤ ਰਹਿੰਦੇ ਹੋਏ ਧੰਨ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨਾਲ ਜੁੜੇ ਰਹਿਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਰਾਮ ਸਿੰਘ ਗੁੰਮਟੀ , ਜਥੇਦਾਰ ਭੋਲਾ ਸਿੰਘ ਗੁੰਮਟੀ, ਮੀਤ ਪ੍ਰਧਾਨ ਬਹਾਦਰ ਸਿੰਘ , ਖਜਾਨਚੀ ਚਮਕੌਰ ਸਿੰਘ ਕੌਂਗੀ , ਹਰਭਜਨ ਸਿੰਘ ਬਿੱਲੂ , ਜੇ.ਈ ਰੁਲਦੂ ਸਿੰਘ ਅਤੇ ਗ੍ਰੰਥੀ ਭਾਈ ਪ੍ਰੀਤਮ ਸਿੰਘ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਅੰਤ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮਾਜ ਸੇਵੀ, ਭਾਨ ਸਿੰਘ ਜੱਸੀ ਨੂੰ ਉਹਨਾਂ ਵੱਲੋਂ ਲੰਮੇ ਸਮੇਂ ਤੋਂ ਗਰੀਬਾਂ ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਅਤੇ ਹੋਰਨਾਂ ਲੋੜਵੰਦਾਂ ਦੀ ਸੇਵਾ ਕਰਨ ਬਦਲੇ ਸਨਮਾਨਿਤ ਕੀਤਾ ਗਿਆ।

# ਸ਼ਾਂਤਮਈ ਰੋਸ ਪ੍ਰਦਰਸ਼ਨ 'ਤੇ ਐਫਆਈਆਰ ਦਰਜ ਕਰਨਾ ਲੋਕਤੰਤਰੀ ਹੱਕਾਂ 'ਤੇ ਹਮਲਾ: ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਸ਼ਾਂਤਮਈ ਰੋਸ ਪ੍ਰਦਰਸ਼ਨ ਦੌਰਾਨ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਐਫਆਈਆਰ ਦਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਰਤ ਦਾ ਸੰਵਿਧਾਨ ਹਰ ਨਾਗਰਿਕ ਨੂੰ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰਨ ਅਤੇ ਆਪਣੀ ਗੱਲ ਸਰਕਾਰ ਤੱਕ ਪਹੁੰਚਾਉਣ ਦਾ ਅਧਿਕਾਰ ਦਿੰਦਾ ਹੈ, ਪਰ ਪੰਜਾਬੀਆਂ ਨੂੰ ਆਪਣੀ ਹੀ ਰਾਜਧਾਨੀ ਚੰਡੀਗੜ੍ਹ ਵਿੱਚ ਪ੍ਰਦਰਸ਼ਨ ਕਰਨ ਤੋਂ ਰੋਕਿਆ ਜਾ ਰਿਹਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਸਵਾਲ ਉਠਾਇਆ ਕਿ ਪੰਜਾਬੀਆਂ ਨੂੰ ਆਪਣੀ ਹੀ ਰਾਜਧਾਨੀ ਵਿੱਚ ਦਾਖ਼ਲ ਹੋਣ ਤੋਂ ਕਿਉਂ ਰੋਕਿਆ ਜਾਂਦਾ ਹੈ ਅਤੇ ਮੁੱਖ ਮੰਤਰੀ ਦੀ ਰਿਹਾਇਸ਼ ਸਾਹਮਣੇ ਮੈਮੋਰੈਂਡਮ ਦੇਣ ਦਾ ਅਧਿਕਾਰ ਕਿਉਂ ਖੋਹਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਜਵਾਬ ਐਫਆਈਆਰ ਨਾਲ ਨਹੀਂ, ਸਗੋਂ ਸੰਵਾਦ ਰਾਹੀਂ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਖੁਦ ਪ੍ਰਦਰਸ਼ਨਕਾਰੀਆਂ ਤੋਂ ਮੈਮੋਰੈਂਡਮ ਪ੍ਰਾਪਤ ਕਰਨਾ ਚਾਹੀਦਾ ਸੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਵਰਗੇ ਅਹਿਮ ਮਸਲੇ 'ਤੇ ਆਪਣਾ ਸਪੱਸ਼ਟ ਪੱਖ ਰੱਖਣਾ ਚਾਹੀਦਾ ਸੀ। ਉਨ੍ਹਾਂ ਇਹ ਵੀ ਯਾਦ ਦਿਵਾਇਆ ਕਿ ਮੁੱਖ ਮੰਤਰੀ ਆਪਣੇ ਸਿਆਸੀ ਜੀਵਨ ਦੇ ਪਹਿਲਾਂ ਦੇ ਦੌਰ ਵਿੱਚ ਵੀ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕਰਦੇ ਰਹੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ਼ਾਂਤਮਈ ਰੋਸ ਪ੍ਰਦਰਸ਼ਨ ਨੂੰ ਰੋਕਣਾ ਅਤੇ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਐਫਆਈਆਰ ਦਰਜ ਕਰਨਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਅਜਿਹੀਆਂ ਕਾਰਵਾਈਆਂ ਤੋਂ ਗੁਰੇਜ਼ ਕਰਨ ਅਤੇ ਲੋਕਾਂ ਦੇ ਸੰਵਿਧਾਨਕ ਅਧਿਕਾਰਾਂ ਦਾ ਸਤਿਕਾਰ ਕਰਨ ਦੀ ਅਪੀਲ ਕੀਤੀ।

# ਸਤਿਕਾਰ ਕਾਨੂੰਨ ਦੀਆਂ ਸੋਧਾਂ 'ਤੇ ਪੰਜਾਬ ਸਰਕਾਰ ਦੀ ਨੀਅਤ ਸ਼ੱਕ ਦੇ ਘੇਰੇ ਵਿੱਚ: ਸੰਤ ਮੀਤ ਸਿੰਘ



**ਨਵੀਂ ਦਿੱਲੀ 31 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਸਤਿਕਾਰ ਕਾਨੂੰਨ ਵਿੱਚ ਸੋਧਾਂ ਨੂੰ ਲੈ ਕੇ ਪੰਜਾਬ ਸਰਕਾਰ ਇੱਕ ਵਾਰ ਫਿਰ ਸਵਾਲਾਂ ਦੇ ਘੇਰੇ ਵਿੱਚ ਆ ਗਈ ਹੈ। ਸਰਕਾਰ 'ਤੇ ਦੋਸ਼ ਲੱਗ ਰਹੇ ਹਨ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੁਝਾਈਆਂ ਗਈਆਂ ਜ਼ਰੂਰੀ ਸੋਧਾਂ ਲਾਗੂ ਕਰਨ ਦੀ ਬਜਾਏ ਸਿਰਫ਼ ਇੱਕ ਲਿਖਤੀ ਜਵਾਬ ਭੇਜ ਕੇ ਮਾਮਲੇ ਨੂੰ ਲਟਕਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਦੋਸ਼ ਇਹ ਵੀ ਹਨ ਕਿ ਜਿਨ੍ਹਾਂ ਧਾਰਾਵਾਂ ਦਾ ਪੰਥਕ ਪੱਧਰ 'ਤੇ ਵਿਰੋਧ ਹੋ ਰਿਹਾ ਸੀ, ਉਨ੍ਹਾਂ ਵਿੱਚ ਕੋਈ ਤਬਦੀਲੀ ਨਹੀਂ ਕੀਤੀ ਗਈ ਅਤੇ ਇਸ ਸਾਰੇ ਘਟਨਾਕ੍ਰਮ ਰਾਹੀਂ ਸਰਕਾਰ ਨੇ ਹੋਰ ਦੋ ਮਹੀਨਿਆਂ ਦਾ ਸਮਾਂ ਹਾਸਲ ਕਰ ਲਿਆ। ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਜਨਕ ਪੁਰੀ ਵਾਰਡ ਨੰਬਰ 32 ਦੇ ਉਮੀਦੁਆਰ ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਰਵੱਈਆ ਪੰਥਕ ਭਾਵਨਾਵਾਂ ਨਾਲ ਇਨਸਾਫ਼ ਨਹੀਂ ਕਰਦਾ। ਉਨ੍ਹਾਂ ਨੇ ਸਮੂਹ ਪੰਥਕ, ਧਾਰਮਿਕ ਅਤੇ ਰਾਜਨੀਤਿਕ ਜਥੇਬੰਦੀਆਂ ਨੂੰ ਇਕਜੁੱਟ ਹੋ ਕੇ ਸਰਕਾਰ ਦੀ ਇਸ ਕਾਰਵਾਈ ਦਾ ਡਟਵਾਂ ਵਿਰੋਧ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਗਸਤ ਦੇ ਪਹਿਲੇ ਹਫ਼ਤੇ ਤੋਂ ਸ਼ੁਰੂ ਹੋਣ ਵਾਲੇ ਪੰਜਾਬ ਵਿਧਾਨ ਸਭਾ ਇਜਲਾਸ ਦੌਰਾਨ ਮੁੱਖ ਮੰਤਰੀ ਅਤੇ ਸਰਕਾਰ ਤੋਂ ਸਪੱਸ਼ਟ ਜਵਾਬ ਮੰਗਿਆ ਜਾਣਾ ਚਾਹੀਦਾ ਹੈ ਕਿ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਾਜ਼ਰ ਹੋਏ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੇ ਜੈਕਾਰਿਆਂ ਦੀ ਗੂੰਜ ਵਿੱਚ ਕਾਨੂੰਨ ਵਿੱਚ ਸੋਧਾਂ ਕਰਨ ਲਈ ਸਹਿਮਤੀ ਜਤਾਈ ਸੀ ਅਤੇ ਇਹ ਵੀ ਮੰਨਿਆ ਸੀ ਕਿ ਉਨ੍ਹਾਂ ਨੇ ਬਿਨਾਂ ਪੂਰੀ ਤਰ੍ਹਾਂ ਪੜ੍ਹੇ ਮਸੌਦੇ ਨੂੰ ਪ੍ਰਵਾਨਗੀ ਦਿੱਤੀ ਸੀ, ਤਾਂ ਹੁਣ ਉਹ ਵਾਅਦਾ ਕਿਉਂ ਨਹੀਂ ਨਿਭਾਇਆ ਜਾ ਰਿਹਾ ? ਸ. ਸੰਤ ਮੀਤ ਸਿੰਘ ਨੇ ਕਿਹਾ ਕਿ ਹੁਣ ਸਮਾਂ ਬਿਆਨਾਂ ਦਾ ਨਹੀਂ, ਸਗੋਂ ਜਵਾਬਦੇਹੀ ਦਾ ਹੈ। ਜੇਕਰ ਸਰਕਾਰ ਨੇ ਪੰਥ ਦੀਆਂ ਮੰਗਾਂ ਨੂੰ ਅਣਡਿੱਠਾ ਕਰਨਾ ਹੀ ਹੈ ਤਾਂ ਵਿਧਾਨ ਸਭਾ ਦੇ ਅੰਦਰ ਅਤੇ ਬਾਹਰ ਇਸ ਮੁੱਦੇ 'ਤੇ ਤਿੱਖੇ ਸਵਾਲ ਪੁੱਛੇ ਜਾਣਗੇ ਅਤੇ ਲੋਕਾਂ ਨੂੰ ਇਹ ਦੱਸਣਾ ਪਵੇਗਾ ਕਿ ਆਖ਼ਿਰ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਕੀਤੇ ਵਾਅਦਿਆਂ ਤੋਂ ਪਿੱਛੇ ਹਟਣ ਦਾ ਕਾਰਨ ਕੀ ਹੈ।

# ਵੰਦੇ ਮਾਤਰਮ ਅਤੇ ਜਨ ਗਣ ਮਨ ਸਿੱਖ ਕੌਮ 'ਤੇ ਨਹੀਂ ਥੋਪੇ ਜਾ ਸਕਦੇ, ਸਿੱਖ ਆਪਣੀ ਵੱਖਰੀ ਪਛਾਣ ਅਤੇ ਹੱਕਾਂ ਲਈ ਸੰਘਰਸ਼ ਰੱਖਣਗੇ ਜਾਰੀ: ਮਾਨ



**ਨਵੀਂ ਦਿੱਲੀ, 31 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਕਿਹਾ ਕਿ ਸਿੱਖ ਕੌਮ ਕਿਸੇ ਵੀ ਦੇਵੀ-ਦੇਵਤੇ, ਵੰਦੇ ਮਾਤਰਮ ਜਾਂ ਜਨ ਗਣ ਮਨ ਵਰਗੇ ਗਾਇਨਾਂ ਦੀ ਪੂਜਾਰੀ ਨਹੀਂ, ਸਗੋਂ ਕੇਵਲ ਇੱਕ ਅਕਾਲ ਪੁਰਖ, ਦਸ ਗੁਰੂ ਸਾਹਿਬਾਨ ਅਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਹੀ ਪੂਰਨ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ 'ਤੇ ਅਜਿਹੇ ਗਾਇਨ ਥੋਪੇ ਜਾਣ ਮਨਜ਼ੂਰ ਨਹੀਂ ਹੋਣਗੇ ਅਤੇ ਸਿੱਖ ਪੰਥ ਆਪਣੀ ਵੱਖਰੀ ਪਛਾਣ, ਸਰਬੱਤ ਦੇ ਭਲੇ ਅਤੇ ਮਨੁੱਖਤਾ ਦੀ ਸੇਵਾ ਦੇ ਸਿਧਾਂਤਾਂ 'ਤੇ ਅਡੋਲ ਰਹੇਗਾ। ਮਾਨ ਨੇ ਦੋਸ਼ ਲਾਇਆ ਕਿ 1947 ਤੋਂ ਬਾਅਦ ਸਿੱਖਾਂ ਨਾਲ ਕੀਤੇ ਗਏ ਵਾਅਦੇ ਪੂਰੇ ਨਹੀਂ ਹੋਏ ਅਤੇ ਪੰਜਾਬ ਦੇ ਪਾਣੀਆਂ, ਚੰਡੀਗੜ੍ਹ, ਪੰਜਾਬੀ ਬੋਲਦੇ ਇਲਾਕਿਆਂ, ਸਿੱਖ ਨੁਮਾਇੰਦਗੀ ਅਤੇ ਹੋਰ ਸੰਵਿਧਾਨਕ ਹੱਕਾਂ ਦੇ ਮਾਮਲਿਆਂ ਵਿੱਚ ਲਗਾਤਾਰ ਵਿਤਕਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸਿੱਖਾਂ 'ਤੇ ਹਮਲਿਆਂ ਦੇ ਬਾਵਜੂਦ ਦੋਸ਼ੀਆਂ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਨਹੀਂ ਹੁੰਦੀ, ਜਿਸ ਨਾਲ ਸਿੱਖ ਭਾਈਚਾਰੇ ਵਿੱਚ ਬੇਇਨਸਾਫ਼ੀ ਦੀ ਭਾਵਨਾ ਪੈਦਾ ਹੋ ਰਹੀ ਹੈ। ਉਨ੍ਹਾਂ ਖਾਲਿਸਤਾਨ ਦੀ ਮੰਗ ਦੁਹਰਾਉਂਦਿਆਂ ਕਿਹਾ ਕਿ ਸਿੱਖਾਂ ਨਾਲ ਕੀਤੇ ਇਤਿਹਾਸਕ ਵਾਅਦੇ ਪੂਰੇ ਕੀਤੇ ਜਾਣ। ਮਾਨ ਨੇ ਵਿਦੇਸ਼ਾਂ ਵਿੱਚ ਵਸਦੇ ਸਿੱਖਾਂ ਨੂੰ 2 ਅਗਸਤ ਨੂੰ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਵਿੱਚ ਹੋਣ ਵਾਲੀ ਕਾਰ ਰੈਲੀ ਵਿੱਚ ਸ਼ਮੂਲੀਅਤ ਦੀ ਅਪੀਲ ਕੀਤੀ। ਇਸ ਦੇ ਨਾਲ ਹੀ ਉਨ੍ਹਾਂ 15 ਅਗਸਤ ਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਹੋਣ ਵਾਲੇ ਇਕੱਠ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਚੰਡੀਗੜ੍ਹ ਵਿੱਚ ਹੋਏ ਰੋਸ ਪ੍ਰਦਰਸ਼ਨ ਦੌਰਾਨ ਦਰਜ ਕੀਤੇ ਕੇਸਾਂ ਦੀ ਨਿੰਦਾ ਕਰਦਿਆਂ ਉਨ੍ਹਾਂ ਨੂੰ ਵਾਪਸ ਲੈਣ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਵੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼ੈਲਟਰ ਚੈਰੀਟੇਬਲ ਟਰੱਸਟ ਨੇ ਲਾਲੜੂ ਖੇਡ ਸਟੇਡੀਅਮ ਦੀ

# ਸ.ਫ਼ਾਈ ਕਰਵਾਈ ਤੇ ਪੌਦੇ ਲਗਾਏ : ਡਾ. ਦਲੇਰ ਸਿੰਘ ਮੁਲਤਾਨੀ

**ਚੌਕ ਮਹਿਤਾ, 31 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵੀ ਸੰਸਥਾ ਸ਼ੈਲਟਰ ਚੈਰੀਟੇਬਲ ਟਰੱਸਟ (ਰਜਿ.) ਵੱਲੋਂ ਸਮਾਜ ਸੇਵਾ ਦੇ ਆਪਣੇ ਲਗਾਤਾਰ ਯਤਨਾਂ ਤਹਿਤ ਅੱਜ ਲਾਲੜੂ ਖੇਡ ਸਟੇਡੀਅਮ ਵਿੱਚ ਸ.ਫ਼ਾਈ ਅਭਿਆਨ ਚਲਾਇਆ ਗਿਆ। ਇਸ ਮੌਕੇ ਸਟੇਡੀਅਮ ਦੀ ਘਾਹ ਦੀ ਸ.ਫ਼ਾਈ ਕਰਵਾਉਣ ਦੇ ਨਾਲ-ਨਾਲ ਵਾਤਾਵਰਣ ਦੀ ਸੰਭਾਲ ਅਤੇ ਸੁੰਦਰਤਾ ਲਈ ਕਈ ਪੌਦੇ ਵੀ ਲਗਾਏ ਗਏ। ਬੱਚਿਆਂ ਦੀ ਦੌੜ ਲਈ ਟਰੈਕ ਦੀ ਵੀ ਸ.ਫ਼ਾਈ ਅਤੇ ਸੁਧਾਰ ਕਰਵਾਇਆ ਗਿਆ, ਜਿਸ ਨਾਲ ਸਟੇਡੀਅਮ ਨੂੰ ਹੋਰ ਵਧੀਆ ਢੰਗ ਨਾਲ ਵਰਤਣ ਯੋਗ ਬਣਾਇਆ ਗਿਆ।



ਡਾ. ਦਲੇਰ ਸਿੰਘ ਮੁਲਤਾਨੀ, ਸਾਬਕਾ ਸਿਵਲ ਸਰਜਨ ਅਤੇ ਸ਼ੈਲਟਰ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਨੇ ਦੱਸਿਆ ਕਿ ਇਹ ਕੰਮ ਲਾਲੜੂ ਦੇ ਬੱਚਿਆਂ ਦੀ ਮੰਗ ਅਤੇ ਲੋਕ ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸਾਲ 2020-21 ਦੌਰਾਨ ਵੀ ਸ਼ੈਲਟਰ ਚੈਰੀਟੇਬਲ ਟਰੱਸਟ ਨੇ ਆਪਣੇ ਸਰੋਤਾਂ ਰਾਹੀਂ ਕਈ ਲੱਖ ਰੁਪਏ ਖਰਚ ਕਰਕੇ ਸਟੇਡੀਅਮ ਦੇ ਟਰੈਕ, ਚਾਰਦੀਵਾਰੀ ਦੀ ਮੁਰੰਮਤ, ਦੋ ਵੱਡੇ ਗੇਟ, ਲੋਹੇ ਦੇ ਬੈਰੀਕੇਡ ਅਤੇ ਪੈਵੀਲੀਅਨ ਸਮੇਤ ਹੋਰ ਬੁਨਿਆਦੀ ਸਹੂਲਤਾਂ ਦਾ ਵਿਕਾਸ ਕਰਵਾਇਆ ਸੀ, ਜਿਸ ਨਾਲ ਇਹ ਸਟੇਡੀਅਮ ਮੁੜ ਖੇਡ ਗਤੀਵਿਧੀਆਂ ਲਈ ਵਰਤਣ ਯੋਗ ਬਣਿਆ ਡਾ. ਮੁਲਤਾਨੀ ਨੇ ਕਿਹਾ ਕਿ ਲਾਲੜੂ ਦਾ ਇਹ ਸਟੇਡੀਅਮ ਇਲਾਕੇ ਦੀ ਸ਼ਾਨ ਹੈ। ਇੱਥੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਤੋਂ ਇਲਾਵਾ ਆਸ-ਪਾਸ ਦੇ ਪਿੰਡਾਂ ਦੇ ਬਹੁਤ ਸਾਰੇ ਨੌਜਵਾਨ ਖੇਡਾਂ ਦੀ ਪ੍ਰੈਕਟਿਸ ਕਰਨ ਆਉਂਦੇ ਹਨ। ਇਸ ਦੇ ਨਾਲ ਹੀ ਸਵੇਰੇ ਅਤੇ ਸ਼ਾਮ ਦੇ ਸਮੇਂ ਵੱਡੀ ਗਿਣਤੀ ਵਿੱਚ ਲੋਕ ਸੈਰ ਅਤੇ ਕਸਰਤ ਲਈ ਵੀ ਇਸ ਸਟੇਡੀਅਮ ਦੀ ਵਰਤੋਂ ਕਰਦੇ ਹਨ ਉਨ੍ਹਾਂ ਸਥਾਨਕ ਨਗਰ ਕੌਂਸਲ ਨੂੰ ਅਪੀਲ ਕੀਤੀ ਕਿ ਲੋਕ ਹਿੱਤ ਨੂੰ ਮੁੱਖ ਰੱਖਦਿਆਂ ਸਟੇਡੀਅਮ ਦੀ ਨਿਯਮਤ ਦੇਖਭਾਲ ਲਈ ਘੱਟੋ-ਘੱਟ ਦੋ ਮਾਲੀਆਂ ਦੀ ਨਿਯੁਕਤੀ ਕੀਤੀ ਜਾਵੇ, ਤਾਂ ਜੋ ਇਸ ਦੀ ਹਰਿਆਵਲੀ ਅਤੇ ਸ.ਫ਼ਾਈ ਨੂੰ ਲਗਾਤਾਰ ਬਣਾਈ ਰੱਖਿਆ ਜਾ ਸਕੇ ਸ਼ੈਲਟਰ ਚੈਰੀਟੇਬਲ ਟਰੱਸਟ ਵੱਲੋਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਸਾਫ਼-ਸ.ਫ਼ਾਈ ਬਣਾਈ ਰੱਖਣ ਅਤੇ ਸਰਕਾਰੀ ਸੰਪਤੀ ਨੂੰ ਆਪਣੀ ਸਾਂਝੀ ਜ਼ਿੰਮੇਵਾਰੀ ਸਮਝਦੇ ਹੋਏ ਉਸ ਦੀ ਸੁਰੱਖਿਆ ਵਿੱਚ ਸਹਿਯੋਗ ਦੇਣ।

ਡਾ. ਮੁਲਤਾਨੀ ਨੇ ਕਿਹਾ ਕਿ ਸ਼ੈਲਟਰ ਸਿਰਫ਼ ਇੱਕ ਨਾਮ ਨਹੀਂ, ਸਗੋਂ ਇੱਕ ਸੋਚ ਅਤੇ ਸਮਾਜ ਸੇਵਾ ਦਾ ਫ਼ਲਸਫ਼ਾ ਹੈ। ਸੰਸਥਾ ਵੱਲੋਂ ਸੈਂਕੜੇ ਸਕੂਲਾਂ ਵਿੱਚ ਵਾਤਾਵਰਣ ਸੁਧਾਰ, ਪ੍ਰਦੂਸ਼ਣ ਨਿਯੰਤਰਣ, ਖੇਡ ਮੈਦਾਨਾਂ ਦੇ ਵਿਕਾਸ ਅਤੇ ਹੋਰ ਲੋਕ-ਭਲਾਈ ਦੇ ਕੰਮ ਲਗਾਤਾਰ ਕੀਤੇ ਜਾ ਰਹੇ ਹਨ ਇਸ ਮੌਕੇ ਸ਼ੈਲਟਰ ਚੈਰੀਟੇਬਲ ਟਰੱਸਟ ਦੇ ਸੀਨੀਅਰ ਮੀਤ ਪ੍ਰਧਾਨ ਲਾਭ ਸਿੰਘ, ਜਨਰਲ ਸਕੱਤਰ ਰਾਜਬੀਰ ਸਿੰਘ ਰਾਣਾ, ਖ਼ਜ਼ਾਨਚੀ ਰਘੁਬੀਰ ਜੁਨੇਜਾ, ਪ੍ਰੈੱਸ ਸਕੱਤਰ ਸ਼ਤੀਸ ਰਾਣਾ ,ਜੱਗੀ ਤੁਸ਼ਾਰ ਅਤੇ ਮਨੋਜ ਮਹਿਤਾ ਅਮਨ ਵੀ ਹਾਜ਼ਰ ਸਨ।

### ਰੂਬੀ ਤਲਵੰਡੀ ਡੋਗਰਾ ਨਾਲ

# ਬਲਬੀਰ ਸਿੰਘ ਚੰਦੀ ਟੱਕਰ ਜਾਣੀਆ ਅਤੇ ਹੋਰਨਾਂ ਨੇ ਦੁੱਖ ਸਾਂਝਾ ਕੀਤਾ





**ਜੰਡਿਆਲਾ ਗੁਰੂ, 31 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨੀ 23 ਜੁਲਾਈ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਓ ਬੀ ਸੀ ਵਿੰਗ ਦੇ ਸਾਬਕਾ ਚੇਅਰਮੈਨ ਜਗਰੂਪ ਸਿੰਘ ਰੂਬੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨਾਂ ਦੇ ਪਿਤਾ ਮਾਸਟਰ ਸ੍ਰ: ਕੁਲਦੀਪ ਸਿੰਘ ਥਿੰਦ ਅਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲ਼ਵਿਦਾ ਆਖ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ! ਇਸ ਦੁਖਦਾਈ ਖਬਰ ਸੁਣਦਿਆਂ ਹੀ ਜਗਰੂਪ ਸਿੰਘ ਰੂਬੀ ਤਲਵੰਡੀ ਡੋਗਰਾ ਨਾਲ ਬਲਬੀਰ ਸਿੰਘ ਚੰਦੀ ਟੱਕਰ ਜਾਣੀਆ ਅਤੇ ਇਲਾਕੇ ਦੀਆਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ,ਧਾਰਮਿਕ ਸਖਸ਼ੀਅਤਾਂ ਵੱਲੋਂ ਅਤੇ ਹੋਰਨਾਂ ਤੋਂ ਇਲਾਵਾ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਸ੍ਰੀ ਰਮਨ ਬਖਸੀ ਸਾਬਕਾ ਡਿਪਟੀ ਮੇਅਰ ਅੰਮ੍ਰਿਤਸਰ ਦਲਬੀਰ ਸਿੰਘ ਜਹਾਂਗੀਰ ਕੋਮੀ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਬਲਬੀਰ ਸਿੰਘ ਚੰਦੀ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮਜੀਠਾ, ਰਾਜਵਿੰਦਰ ਸਿੰਘ ਜੋਸਨ ਭੈਣੀ ਸਿੱਧਵਾਂ ,ਨਰਿੰਦਰ ਸਿੰਘ ਕੋਸਲਰ ਜੰਡਿਆਲਾ ਗੁਰੂ, ਰਾਜਵਿੰਦਰ ਸਿੰਘ ਜੋਸਨ ਅਤੇ ਹੋਰ ਆਗੂਆਂ ਨੇ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਅਤੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ! ਮਾਸਟਰ ਕੁਲਦੀਪ ਸਿੰਘ ਥਿੰਦ ਦੀ ਵਿਛੜੀ ਰੂਹ ਦੇ ਪ੍ਰਥਾਏ ਮਿਤੀ 1 ਅਗਸਤ ਦਿਨ ਸ਼ਨੀਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ਅਤੇ ਉਪਰੰਤ ਗੁਰਦੁਆਰਾ ਸਾਹਿਬ ਬਾਬਾ ਭੂਰੇ ਵਾਲਾ ਜੀ ਪਿੰਡ ਰਾਮਪੁਰਾ ਨੇੜੇ ਬੈਸਟ ਪ੍ਰਾਈਜ ਜੀਟੀ ਰੋਡ ਅੰਮ੍ਰਿਤਸਰ ਵਿਖੇ ਦੁਪਹਿਰ 12 ਤੋਂ 1 ਵਜੇ ਦਰਮਿਆਨ ਗੁਰੂ ਘਰ ਦੇ ਕੀਰਤਨੀ ਜਥੇ ਦੇ ਸਿੰਘਾਂ ਵਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਸ਼ਬਦ ਕੀਰਤਨ ਸਰਵਨ ਕੀਤੇ ਜਾਣਗੇ ਉਪਰੰਤ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਨ ਉਪਰੰਤ ਅੰਤਿਮ ਅਰਦਾਸ ਹੋਵੇਗੀ।

**ਮਾਸਟਰ ਸ੍ਰ: ਕੁਲਦੀਪ ਸਿੰਘ ਥਿੰਦ ਜੀ ਦੀ ਸਰਧਾਂਜਲੀ ਸਮਾਰੋਹ ਤੇ ਅੰਤਿਮ ਅਰਦਾਸ ਅੱਜ 1 ਅਗਸਤ ਨੂੰ ਜਗਰੂਪ ਸਿੰਘ ਰੂਬੀ**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

## ਨੀਟ ਪੇਪਰ ਵਿਵਾਦ: 'ਵਿਦਿਆਰਥੀਆਂ ਦੀਆਂ ਮੌਤਾਂ ਅਤੇ ਪੁਲਿਸ ਕਾਰਵਾਈ ਦੀ ਨਿਰਪੱਖ ਜਾਂਚ ਹੋਵੇ, ਜ਼ਿੰਮੇਵਾਰਾਂ 'ਤੇ ਸਖ਼ਤ ਧਾਰਾਵਾਂ ਤਹਿਤ ਕੀਤੇ ਜਾਣ ਕੇਸ ਦਰਜ'



ਨਵੀਂ ਦਿੱਲੀ 31 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਨੀਟ ਪੇਪਰ ਵਿਵਾਦ ਅਤੇ ਲੰਬੇ ਸਮੇਂ ਤੋਂ ਸਾਹਮਣੇ ਆ ਰਹੀਆਂ ਪੇਪਰ ਲੀਕ ਦੀਆਂ ਘਟਨਾਵਾਂ ਨੂੰ ਲੈ ਕੇ ਭਾਈ ਰਤਿੰਦਰ ਸਿੰਘ ਇੰਦੌਰ ਨੇ ਤਿੱਖੇ ਸਵਾਲ ਉਠਾਉਂਦਿਆਂ ਕਿਹਾ ਹੈ ਕਿ ਜੇਕਰ ਜਾਂਚ ਵਿੱਚ ਇਹ ਸਾਹਮਣੇ ਆਉਂਦਾ ਹੈ ਕਿ ਪੇਪਰ ਲੀਕ, ਪ੍ਰਸ਼ਾਸਨਿਕ ਲਾਪਰਵਾਹੀ ਜਾਂ ਭ੍ਰਿਸ਼ਟ ਤੰਤਰ ਕਾਰਨ ਵਿਦਿਆਰਥੀ ਅਜਿਹੇ ਮਾਨਸਿਕ ਦਬਾਅ ਵਿੱਚ ਧੱਕੇ ਗਏ ਜਿਸ ਨਾਲ ਉਨ੍ਹਾਂ ਨੇ ਆਪਣੀ ਜਾਨ ਗੁਆਈ, ਤਾਂ ਇਸ ਨੂੰ ਸਿਰਫ਼ ਇੱਕ ਪ੍ਰੀਖਿਆ ਘਪਲਾ ਨਹੀਂ, ਸਗੋਂ ਫੌਜਦਾਰੀ ਜਵਾਬਦੇਹੀ ਦੇ ਨਜ਼ਰੀਏ ਨਾਲ ਵੀ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸੱਚ ਸਾਹਮਣੇ ਲਿਆਉਣ ਅਤੇ ਕਾਨੂੰਨ ਅਨੁਸਾਰ ਜ਼ਿੰਮੇਵਾਰੀ ਤੈਅ ਕਰਨ ਲਈ ਸੁਤੰਤਰ ਅਤੇ ਨਿਰਪੱਖ ਜਾਂਚ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਅਖ਼ਬਾਰਾਂ ਅਤੇ ਵੱਖ-ਵੱਖ ਮੀਡੀਆ ਮਾਧਿਅਮਾਂ ਵਿੱਚ ਲਗਾਤਾਰ ਅਜਿਹੀਆਂ ਰਿਪੋਰਟਾਂ ਸਾਹਮਣੇ ਆਉਂਦੀਆਂ ਰਹੀਆਂ ਹਨ ਜਿਨ੍ਹਾਂ ਵਿੱਚ ਨੀਟ ਵਿਵਾਦ ਨਾਲ ਜੁੜੇ ਮਾਨਸਿਕ ਤਣਾਅ ਕਾਰਨ ਵਿਦਿਆਰਥੀਆਂ ਦੀਆਂ ਖੁਦਕੁਸ਼ੀਆਂ ਦਾ ਜ਼ਿਕਰ ਕੀਤਾ ਗਿਆ। ਉਨ੍ਹਾਂ ਸਵਾਲ ਕੀਤਾ ਕਿ ਜੇ ਜਾਂਚ ਵਿੱਚ ਇਹ ਗੱਲ ਸਾਬਤ ਹੁੰਦੀ ਹੈ ਕਿ ਕਿਸੇ ਦੀ ਲਾਪਰਵਾਹੀ ਜਾਂ ਗੈਰ-ਕਾਨੂੰਨੀ ਕਾਰਵਾਈ ਨੇ ਇਹ ਹਾਲਾਤ ਪੈਦਾ ਕੀਤੇ, ਤਾਂ ਕੀ ਕੇਵਲ ਅਧਿਕਾਰੀਆਂ ਦੇ ਤਬਾਦਲੇ, ਮੁਅੱਤਲੀਆਂ ਜਾਂ ਜਾਂਚ ਕਮੇਟੀਆਂ ਨਾਲ ਨਿਆਂ ਹੋ ਜਾਵੇਗਾ ? ਉਨ੍ਹਾਂ ਕਿਹਾ ਕਿ ਕਾਨੂੰਨ ਸਭ ਲਈ ਬਰਾਬਰ ਹੈ ਅਤੇ ਜੇ ਕਿਸੇ ਦੀ ਫੌਜਦਾਰੀ ਜ਼ਿੰਮੇਵਾਰੀ ਬਣਦੀ ਹੈ ਤਾਂ ਉਸ ਵਿਰੁੱਧ ਸਖ਼ਤ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਮਿਸਾਲੀ ਕਾਰਵਾਈ ਹੋਣੀ ਚਾਹੀਦੀ ਹੈ। ਭਾਈ ਰਤਿੰਦਰ ਸਿੰਘ ਇੰਦੌਰ ਨੇ ਵਿਦਿਆਰਥੀ ਪ੍ਰਦਰਸ਼ਨਾਂ ਦੌਰਾਨ ਹੋਏ ਕਥਿਤ ਲਾਠੀਚਾਰਜ ਅਤੇ ਬਲ ਪ੍ਰਯੋਗ 'ਤੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਜੇ ਜਾਂਚ ਵਿੱਚ ਇਹ ਸਾਬਤ ਹੁੰਦਾ ਹੈ ਕਿ ਕਿਸੇ ਵੀ ਸੁਰੱਖਿਆ ਏਜੰਸੀ ਜਾਂ ਹੋਰ ਵਿਅਕਤੀ ਨੇ ਆਪਣੀਆਂ ਕਾਨੂੰਨੀ ਹੱਦਾਂ ਤੋਂ ਬਾਹਰ ਜਾ ਕੇ ਵਿਦਿਆਰਥੀਆਂ ਨਾਲ ਗੈਰ-ਕਾਨੂੰਨੀ ਹਿੰਸਾ ਕੀਤੀ, ਤਾਂ ਉਨ੍ਹਾਂ ਵਿਰੁੱਧ ਵੀ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਇਹ ਵੀ ਸਵਾਲ ਕੀਤਾ ਕਿ ਜਦੋਂ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਰੁੱਧ ਤੁਰੰਤ ਮੁਕੱਦਮੇ ਦਰਜ ਕੀਤੇ ਜਾ ਸਕਦੇ ਹਨ, ਤਾਂ ਜੇ ਜਾਂਚ ਵਿੱਚ ਹੋਰ ਕਿਸੇ ਦੀ ਜ਼ਿੰਮੇਵਾਰੀ ਸਾਹਮਣੇ ਆਉਂਦੀ ਹੈ, ਉਸ ਵਿਰੁੱਧ ਵੀ ਉਸੇ ਗੰਭੀਰਤਾ ਨਾਲ ਕਾਨੂੰਨੀ ਕਾਰਵਾਈ ਕਿਉਂ ਨਾ ਹੋਵੇ ? ਉਨ੍ਹਾਂ ਭਾਰਤ ਦੇ ਸੁਪਰੀਮ ਕੋਰਟ, ਮਨੁੱਖੀ ਅਧਿਕਾਰ ਕਮਿਸ਼ਨ, ਵੱਖ-ਵੱਖ ਰਾਜਨੀਤਿਕ ਪਾਰਟੀਆਂ, ਵਿਦਿਆਰਥੀ ਜਥੇਬੰਦੀਆਂ ਅਤੇ ਕੌਮੀ-ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਨੂੰ ਸਿਰਫ਼ ਇੱਕ ਪ੍ਰੀਖਿਆ ਵਿਵਾਦ ਤੱਕ ਸੀਮਤ ਨਾ ਰੱਖਣ, ਸਗੋਂ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ, ਨਿਆਂ ਅਤੇ ਜਵਾਬਦੇਹੀ ਨਾਲ ਜੁੜੇ ਰਾਸ਼ਟਰੀ ਮੁੱਦੇ ਵਜੋਂ ਵੇਖਦਿਆਂ ਨਿਰਪੱਖ ਜਾਂਚ ਅਤੇ ਕਾਨੂੰਨ ਅਨੁਸਾਰ ਕਾਰਵਾਈ ਯਕੀਨੀ ਬਣਾਉਣ।

## ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣਾ ਅਤੇ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਨੂੰ ਹਰ ਘਰ ਤੱਕ ਪਹੁੰਚਾਉਣਾ ਵੱਡਾ ਉਪਰਾਲਾ : ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ



**ਚੌਕ ਮਹਿਤਾ, 1 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਜੰਡਿਆਲਾ ਗੁਰੂ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਹਰਜਿੰਦਰ ਰੰਧਾਵਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ ਅਤੇ ਸਰਕਾਰ ਦੀਆਂ ਲੋਕ- ਭਲਾਈ ਨੀਤੀਆਂ ਨੂੰ ਹਰ ਘਰ ਤੱਕ ਪਹੁੰਚਾਉਣ ਦੇ ਮੰਤਵ ਨਾਲ ਪੂਰੇ ਪੰਜਾਬ ਵਿੱਚ- "ਲੋਕ ਮਿਲਣੀ ਪ੍ਰੋਗਰਾਮਾਂ" ਦਾ ਦੌਰ ਲਗਾਤਾਰ ਤੇਜੀ ਨਾਲ ਜਾਰੀ ਸ੍ਰ ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਜੀ ਦੀ ਅਗਵਾਈ ਹੇਠ ਹਲਕੇ ਦੇ ਪਿੰਡਾਂ ਅਤੇ ਸਹਿਰੀ ਵਾਰਡਾਂ ਵਿੱਚ ਲਗਾਤਾਰ ਲੋਕ ਮਿਲਣੀਆਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਦੋਰਾਨ ਲੋਕਾਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਜਾ ਰਹੀਆਂ ਹਨ ਅਤੇ ਮੌਕੇ 'ਤੇ ਹੀ ਸੰਬੰਧਿਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਤੁਰੰਤ ਹੱਲ ਲਈ ਨਿਰਦੇਸ ਦਿੱਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਲੋਕਾਂ ਦੀ ਸਰਕਾਰ ਹੈ। ਹਰ ਘਰ ਤੱਕ ਪਹੁੰਚ ਕੇ ਲੋਕਾਂ ਦੀਆਂ ਮੁਸਕਲਾਂ ਸੁਣ ਰਹੇ ਹਾਂ ਅਤੇ ਉਨ੍ਹਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾ ਰਹੇ ਹਾਂ।ਹਲਕੇ ਦਾ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਹੀ ਸਾਡੀ ਪਹਿਲ ਹੈ।ਉਹਨਾਂ ਕਿਹਾ ਕਿ ਸਾਢੇ ਚਾਰ ਸਾਲ ਪਹਿਲਾਂ ਸਰਕਾਰ ਬਣਦੇ ਸਾਰ ਹੀ ਪੰਜਾਬ ਦੇ ਵਿੱਚ 600 ਯੂਨਿਟ ਪ੍ਰਤੀ ਬਿੱਲ ਮਾਫ ਕਰਨ ਦੇ ਐਲਾਨ ਨੂੰ ਅਮਲੀ ਜਾਮਾ ਪਹਿਨਾ ਦਿੱਤਾ ਗਿਆ ਸੀ ਅਤੇ ਉਸ ਤੋਂ ਬਾਅਦ ਸਾਰੀਆਂ ਗਰੰਟੀਆਂ ਅਤੇ ਵਾਅਦਿਆਂ ਨੂੰ ਪੂਰਾ ਕਰ ਲਿਆ ਗਿਆ ਹੈ। ਪੰਜਾਬ ਦੇ 70 ਹਜ਼ਾਰ ਤੇ ਕਰੀਬ ਬੇਰੁਜਗਾਰਾਂ ਨੂੰ ਪੱਕੀਆਂ ਸਰਕਾਰੀ ਨੌਕਰੀਆਂ ਮੁਹਈਆ ਕਰਵਾ ਦਿੱਤੀਆਂ ਗਈਆਂ ਹਨ। ਇਹ ਸਭ ਨੌਕਰੀਆਂ ਬਿਨਾਂ ਕਿਸੇ ਭੇਦ-ਭਾਵ, ਬਿਨਾਂ ਕਿਸੇ ਸਿਫਾਰਿਸ ਦੇ ਦਿੱਤੀਆਂ ਗਈਆਂ। ਮੈਰਿਟ ਵਿੱਚ ਆਉਣ ਵਾਲੇ ਬੱਚਿਆਂ ਨੂੰ ਉਹਨਾਂ ਨੂੰ ਘਰ ਬੈਠੇ-ਬਿਠਾਇਆ ਨੂੰ ਸਰਕਾਰੀ ਨਿਯੁਕਤੀ-ਪੱਤਰ ਪਹੁੰਚ ਗਏ। ਇਸ ਤੋਂ ਇਲਾਵਾ ਸਿੱਖਿਆ ਕ੍ਰਾਂਤੀ ਦੇ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਲੁੜੀਂਦਾ ਸਮਾਨ ਪੂਰਾ ਕਰ ਲਿਆ ਗਿਆ ਹੈ ਅਤੇ ਜਿੰਨੇ ਵੀ ਸਟਾਫ ਦੀ ਲੋੜ ਸੀ ਉਹ ਵੀ ਭਰਤੀ ਕਰਕੇ ਸਰਕਾਰੀ ਸਕੂਲਾਂ ਦੇ ਵਿੱਚ ਵੀ ਪ੍ਰਾਈਵੇਟ ਸਕੂਲਾਂ ਤੋਂ ਵੀ ਵਧੀਆ ਵਿਦਿਅਕ ਮਾਹੌਲ ਬਣਾ ਦਿੱਤਾ ਗਿਆ ਹੈ। ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਲਿਆਂਦੀ ਸਿੱਖਿਆ ਕ੍ਰਾਂਤੀ ਦੇ ਤਹਿਤ ਹੀ ਪੰਜਾਬ ਪ੍ਰਦੇਸ ਸਿੱਖਿਆ ਦੇ ਖੇਤਰ ਵਿੱਚ ਭਾਰਤ ਦਾ ਨੰਬਰ ਇੱਕ ਸੂਬਾ ਬਣ ਚੁੱਕਾ ਹੈ। ਸਿਹਤ ਕ੍ਰਾਂਤੀ ਦੇ ਤਹਿਤ ਪੰਜਾਬ ਭਰ ਵਿੱਚ 1000 ਤੋਂ ਵੀ ਵੱਧ ਖੋਲ੍ਹੇ ਗਏ ਮੁਹੱਲਾ ਕਲੀਨਿਕਾਂ ਦੇ ਵਿੱਚ ਰੋਜਾਨਾ ਲੱਖਾਂ ਦੀ ਗਿਣਤੀ ਦੇ ਵਿੱਚ ਮਰੀਜ ਆਪਣੀ ਸਿਹਤ ਜਾਂਚ ਕਰਵਾਉਂਦੇ ਹਨ। ਇਹਨਾਂ ਮੁਹੱਲਾ ਕਲੀਨਿਕਾਂ ਦੇ ਵਿੱਚ ਉਹਨਾਂ ਨੂੰ ਮੁਫਤ ਦਵਾਈਆਂ ਅਤੇ ਲੋੜੀਂਦੇ ਟੈਸਟ ਵੀ ਮੁਫਤ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਪੰਜਾਬ ਦੇ ਲੋਕਾਂ ਨੂੰ 10 ਲੱਖ ਰੁਪਏ ਤੱਕ ਮੁਫਤ ਇਲਾਜ ਕਰਵਾਉਣ ਲਈ ਸਿਹਤ ਬੀਮਾ ਉਪਲੱਬਧ ਹੈ।

## ਹਿੰਦੂ ਭਰਾ ਬਸੰਤ ਕਾਂਝਲਾ ਨੇ ਕੀਤੀ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਮੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਉੱਘੇ ਸਮਾਜ ਸੇਵੀ ਬਸੰਤ ਕੁਮਾਰ ਕਾਂਝਲਾ ਨੇ ਕੇਂਦਰ ਅਤੇ ਪੰਜਾਬ ਦੀਆਂ ਵੱਖ-ਵੱਖ ਜੇਲਾ ਦੇ ਵਿੱਚ ਬੰਦ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੇ ਹੱਕ ਵਿੱਚ ਹਾਂਅ ਦਾ ਨਾਅਰਾ ਮਾਰਦਿਆਂ ਹੋਇਆ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰਾਂ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘ, ਹਿੰਦੂ, ਮੁਸਲਿਮ, ਇਸਾਈ ਸਾਰੇ ਧਰਮਾਂ ਦੇ ਆਗੂਆਂ ਨੂੰ ਜੇਲਾਂ ਚੋਂ ਰਿਹਾਅ ਕਰਕੇ ਆਪਣੇ ਪਰਿਵਾਰ ਦੇ ਨਾਲ ਚੰਗਾ ਸਮਾਂ ਬਤੀਤ ਕਰਨ ਉਹਨਾਂ ਕਿਹਾ ਕਿ ਅੱਜ ਕਿਸੇ ਵੀ ਵਿਅਕਤੀ ਨੂੰ ਪੰਜ ਸਾਲ ਜਾਂ 10 ਸਾਲ ਦੀ ਸਜ਼ਾ ਹੋਈ ਹੈ ਉਸ ਨੇ ਆਪਣੀ ਸਜ਼ਾ ਪੂਰੀ ਕਰ ਲਈ ਤਾਂ ਫਿਰ ਉਹਨੂੰ ਸਜ਼ਾ ਪੂਰੀ ਹੋਣ ਤੋਂ ਬਾਅਦ ਉਹਨੂੰ ਬਾਹਰ ਕਰ ਦੇਣਾ ਚਾਹੀਦਾ ਹੈ।

### ਬੇਅਦਬੀ ਕਾਨੂੰਨ : ਸੰਵਿਧਾਨ ਬਨਾਮ ਅਕਾਲ ਤਖ਼ਤ ਨਹੀਂ

# ਸੰਵਾਦ ਤੇ ਸਰਬਸੰਮਤੀ ਦੀ ਲੋੜ-ਪ੍ਰੋ. ਸਰਚਾਂਦ ਸਿੰਘ



**ਘੜੀ** ਦਾ ਖੁੰਝਿਆ ਸੌ ਕੋਹ ਤੇ ਜਾ ਪੈਂਦਾ ਹੈ—ਇਹ ਪੰਜਾਬੀ ਕਹਾਵਤ ਅੱਜ ਦੇ ਹਾਲਾਤਾਂ ਉੱਤੇ ਬਿਲਕੁਲ ਢੁੱਕਵੀਂ ਬੈਠਦੀ ਹੈ। ਭਗਵੰਤ ਮਾਨ ਸਰਕਾਰ ਵੱਲੋਂ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਪਾਸ ਕਰਦੇ ਸਮੇਂ ਸਿੱਖ ਪੰਥ ਦੀਆਂ ਸਰਵਉੱਚ ਸੰਸਥਾਵਾਂ—ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ—ਨਾਲ ਵਿਸ਼ਾਲ ਪੱਧਰ 'ਤੇ ਸਲਾਹ-ਮਸ਼ਵਰਾ ਅਤੇ ਸਹਿਮਤੀ ਬਣਾਉਣ ਦੀ ਪ੍ਰਕਿਰਿਆ ਅਪਣਾਈ ਨਹੀਂ ਗਈ। ਨਤੀਜੇ ਵਜੋਂ, ਜਿਸ ਕਾਨੂੰਨ ਦਾ ਉਦੇਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਦੀ ਰੱਖਿਆ ਕਰਨਾ ਸੀ, ਉਹੀ ਅੱਜ ਸਰਕਾਰ ਅਤੇ ਪੰਥਕ ਸੰਸਥਾਵਾਂ ਵਿਚਕਾਰ ਟਕਰਾਅ ਦਾ ਕਾਰਨ ਬਣ ਗਿਆ ਹੈ। ਜੇਕਰ ਸ਼ੁਰੂ ਤੋਂ ਹੀ ਸੰਵਾਦ ਅਤੇ ਸਹਿਮਤੀ ਦਾ ਰਾਹ ਅਪਣਾਇਆ ਜਾਂਦਾ ਤਾਂ ਅੱਜ ਦੀ ਸਥਿਤੀ ਤੋਂ ਬਚਿਆ ਜਾ ਸਕਦਾ ਸੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਪੰਥ ਲਈ ਕੇਵਲ ਇੱਕ ਧਾਰਮਿਕ ਗ੍ਰੰਥ ਨਹੀਂ, ਸਗੋਂ ਸਦੀਵੀ ਗੁਰੂ ਅਤੇ ਜਗਤ ਜੋਤ ਹਨ। ਗੁਰਬਾਣੀ 'ਚ ਇੱਕ ਅੱਖਰ ਜਾਂ ਲਗਾਂ-ਮਾਤਰਾਂ 'ਚ ਵੀ ਵਾਧ ਘਾਟ ਮਨਜ਼ੂਰ ਨਾ ਹੋਵੇ ਉਥੇ ਬੇਅਦਬੀ ਦੀ ਕੋਈ ਵੀ ਘਟਨਾ ਕਰੋੜਾਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਣੀ ਕੁਦਰਤੀ ਹੈ। ਇਸ ਕਰਕੇ ਬੇਅਦਬੀ ਦਾ ਮੁੱਦਾ ਸਿਰਫ਼ ਕਾਨੂੰਨੀ ਨਹੀਂ, ਸਗੋਂ ਧਾਰਮਿਕ, ਸਮਾਜਿਕ ਅਤੇ ਭਾਵਨਾਤਮਕ ਪੱਖਾਂ ਨਾਲ ਵੀ ਜੁੜਿਆ ਹੋਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਖ਼ਾਸ ਕਰਕੇ 2015 ਦੀਆਂ ਬਰਗਾੜੀ ਬੇਅਦਬੀ ਦੀਆਂ ਘਟਨਾਵਾਂ ਅਤੇ ਉਸ ਤੋਂ ਬਾਅਦ ਵਾਪਰੀਆਂ ਘਟਨਾਵਾਂ ਨੇ ਪੰਜਾਬ ਦੀ ਰਾਜਨੀਤੀ ਦਾ ਰੁਖ ਹੀ ਬਦਲ ਦਿੱਤਾ। ਇਹ ਮੁੱਦਾ ਲੋਕਾਂ ਦੇ ਮਨਾਂ ਵਿੱਚ ਇਨਸਾਫ਼, ਜਵਾਬਦੇਹੀ ਅਤੇ ਧਾਰਮਿਕ ਸਤਿਕਾਰ ਨਾਲ ਜੁੜ ਗਿਆ। ਇਸ ਤੋਂ ਬਾਅਦ ਹਰ ਰਾਜਨੀਤਿਕ ਪਾਰਟੀ ਨੇ ਇਸ ਮਸਲੇ ਨੂੰ ਆਪਣੀ ਰਾਜਨੀਤਿਕ ਹਥਿਆਰ ਵਜੋਂ ਰਣਨੀਤੀ ਦਾ ਹਿੱਸਾ ਬਣਾਇਆ।

2017 ਦੀਆਂ ਚੋਣਾਂ ਵਿੱਚ ਕਾਂਗਰਸ ਨੇ ਬੇਅਦਬੀ ਦੇ ਮਾਮਲਿਆਂ ਵਿੱਚ ਇਨਸਾਫ਼ ਦਿਵਾਉਣ ਦਾ ਵਾਅਦਾ ਕੀਤਾ ਅਤੇ 2022 ਵਿੱਚ ਆਮ ਆਦਮੀ ਪਾਰਟੀ ਨੇ ਵੀ ਦੋਸ਼ੀਆਂ ਨੂੰ 24 ਘੰਟਿਆਂ ਦੇ ਅੰਦਰ ਸਜ਼ਾ ਦਿਵਾਉਣ ਦਾ ਮੁੱਦਾ ਜ਼ੋਰ-ਸ਼ੋਰ ਨਾਲ ਉਠਾਇਆ। ਪਰ ਸੱਤਾ ਵਿੱਚ ਆਉਣ ਤੋਂ ਬਾਅਦ ਨਾ ਤਾਂ ਦੋਸ਼ੀਆਂ ਨੂੰ ਸਜ਼ਾ ਮਿਲੀ ਅਤੇ ਨਾ ਹੀ ਉਹ ਇਨਸਾਫ਼ ਮਿਲਿਆ ਜਿਸ ਦੀ ਲੋਕ ਉਮੀਦ ਕਰ ਰਹੇ ਸਨ। ਇਸ ਕਾਰਨ ਲੋਕਾਂ ਵਿੱਚ ਇਹ ਧਾਰਨਾ ਮਜ਼ਬੂਤ ਹੋਈ ਕਿ ਬੇਅਦਬੀ ਦਾ ਮੁੱਦਾ ਇਨਸਾਫ਼ ਨਾਲੋਂ ਵੱਧ ਰਾਜਨੀਤੀ ਦਾ ਸਾਧਨ ਬਣ ਗਿਆ।

ਹਾਲਾਂਕਿ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕੋਈ ਨਵੀਂ ਨਹੀਂ ਸੀ। ਅਕਾਲੀ-ਭਾਜਪਾ ਸਰਕਾਰ ਨੇ 22 ਮਾਰਚ 2016 ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਲਈ ਉਮਰ ਕੈਦ ਦੀ ਸਜ਼ਾ ਦਾ ਪ੍ਰਬੰਧ ਕਰਨ ਦੀ ਕੋਸ਼ਿਸ਼ ਕੀਤੀ। ਪਰ ਕਿਉਂਕਿ ਇਹ ਭਾਰਤੀ ਦੰਡ ਸੰਹਿਤਾ ਦੀ ਧਾਰਾ 295-ਏ ਨਾਲ ਸੰਬੰਧਿਤ ਸੋਧ ਸੀ ਅਤੇ ਕੇਵਲ ਇੱਕ ਧਰਮ ਨੂੰ ਕੇਂਦਰ ਵਿੱਚ ਰੱਖਦੀ ਸੀ, ਇਸ ਲਈ ਇਸ ਨੂੰ ਸੰਵਿਧਾਨਕ ਇਤਰਾਜ਼ਾਂ ਦਾ ਸਾਹਮਣਾ ਕਰਨਾ ਪਿਆ ਅਤੇ ਇਹ ਕਾਨੂੰਨ ਲਾਗੂ ਨਾ ਹੋ ਸਕਿਆ।

ਇਸ ਤੋਂ ਬਾਅਦ 28 ਅਗਸਤ 2018 ਵਿੱਚ ਕਾਂਗਰਸ ਸਰਕਾਰ ਨੇ ਇਸ ਵਿੱਚ ਸ੍ਰੀਮਦ ਭਗਵਦ ਗੀਤਾ, ਕੁਰਾਨ ਸ਼ਰੀਫ਼ ਅਤੇ ਬਾਈਬਲ ਨੂੰ ਵੀ ਸ਼ਾਮਲ ਕਰਕੇ ਨਵਾਂ ਯਤਨ ਕੀਤਾ, ਪਰ ਉਹ ਵੀ ਮਨਜ਼ੂਰੀ ਹਾਸਲ ਨਾ ਕਰ ਸਕਿਆ। ਬਾਅਦ ਵਿੱਚ ਭਾਰਤੀ ਨਿਆਇ ਸੰਹਿਤਾ ਲਾਗੂ ਹੋਣ ਨਾਲ ਪੁਰਾਣੀ ਆਈਪੀਸੀ ਵਿੱਚ ਸੋਧ ਦਾ ਪ੍ਰਸ਼ਨ ਵੀ ਅਪ੍ਰਸੰਗਿਕ ਹੋ ਗਿਆ। ਇਸੇ ਤਰਾਂ 14 ਜੁਲਾਈ 2025 ਵਿੱਚ ਆਮ ਆਦਮੀ ਪਾਰਟੀ ਸਰਕਾਰ ਨੇ 'ਪੰਜਾਬ ਪਵਿੱਤਰ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ' ਪੇਸ਼ ਕੀਤਾ, ਪਰ ਇਸ ਨੂੰ ਸਿਲੈਕਟ ਕਮੇਟੀ ਕੋਲ ਭੇਜ ਦਿੱਤਾ ਗਿਆ ਅਤੇ ਉਹ ਇਕ ਸਾਲ ਤੋਂ ਧੂੜ ਫੱਕ ਰਿਹਾ ਹੈ। ਇਸ ਤੋਂ ਬਾਅਦ ਸਰਕਾਰ ਨੇ ਵੱਖਰਾ ਰਸਤਾ ਅਪਣਾਉਂਦਿਆਂ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ, 2008 ਵਿੱਚ ਸੋਧ ਕਰਕੇ ਨਵਾਂ ਕਾਨੂੰਨ ਲਿਆਉਣ ਦਾ ਰਾਹ ਫੜਿਆ। 13 ਅਪ੍ਰੈਲ 2026 ਨੂੰ ਇਹ ਸੋਧ ਵਿਧਾਨ ਸਭਾ ਵਿੱਚ ਪਾਸ ਹੋਈ ਅਤੇ 9 ਜੂਨ 2026 ਨੂੰ ਰਾਜਪਾਲ ਦੀ ਮਨਜ਼ੂਰੀ ਤੋਂ ਬਾਅਦ ਕਾਨੂੰਨ ਦਾ ਰੂਪ ਧਾਰ ਗਈ।

ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਤੋਂ ਰਾਏ ਨਾ ਲਏ ਜਾਣ 'ਤੇ ਵਿਵਾਦ ਦੀ ਸ਼ੁਰੂਆਤ ਕਾਨੂੰਨ ਬਣਨ ਤੋਂ ਪਹਿਲਾਂ ਹੀ ਹੋ ਗਈ ਸੀ। ਇਨਾਂ ਸੰਸਥਾਵਾਂ ਨੇ ਐਕਟ ਦੀਆਂ ਕਈ ਧਾਰਾਵਾਂ 'ਤੇ ਗੰਭੀਰ ਇਤਰਾਜ਼ ਪ੍ਰਗਟ ਕੀਤੇ। ਖ਼ਾਸ ਤੌਰ 'ਤੇ ਕਸਟੋਡੀਅਨ, ਕੇਂਦਰੀ ਰਜਿਸਟਰ, ਯੂਨੀਕ ਪਛਾਣ ਨੰਬਰ ਅਤੇ ਹੋਰ ਕੁਝ ਪ੍ਰਬੰਧਾਂ ਬਾਰੇ ਪੰਥਕ ਤੌਖਲੇ ਸਾਹਮਣੇ ਆਏ।

ਇਸ ਪਿਛੋਕੜ ਵਿੱਚ ਵਿਧਾਨ ਸਭਾ ਦੇ ਸਪੀਕਰ ਅਤੇ ਬਾਅਦ ਵਿੱਚ 29 ਜੂਨ 2026 ਨੂੰ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਗਿਆ। ਉੱਥੇ ਮੌਜੂਦ ਵਿਧਾਇਕਾਂ ਅਤੇ ਮੰਤਰੀਆਂ ਨੇ ਪੰਥਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਐਕਟ ਵਿੱਚ ਲੋੜੀਂਦੀਆਂ ਸੋਧਾਂ ਕਰਨ ਦਾ ਭਰੋਸਾ ਦਿੱਤਾ। ਇਸ ਤੋਂ ਬਾਅਦ ਇਹ ਉਮੀਦ ਬਣੀ ਕਿ ਸਰਕਾਰ ਅਤੇ ਪੰਥਕ ਸੰਸਥਾਵਾਂ ਵਿਚਕਾਰ ਸਹਿਮਤੀ ਨਾਲ ਵਿਵਾਦ ਦਾ ਹੱਲ ਨਿਕਲ ਆਵੇਗਾ।

ਪਰ ਜਦੋਂ ਸਰਕਾਰ ਦਾ ਅਧਿਕਾਰਕ ਜਵਾਬ ਸਾਹਮਣੇ ਆਇਆ ਤਾਂ ਉਸ ਵਿੱਚ ਸੋਧਾਂ ਦੀ ਥਾਂ ਮੌਜੂਦਾ ਧਾਰਾਵਾਂ ਦੀ ਵਿਆਖਿਆ ਨੂੰ ਤਰਜੀਹ ਦਿੱਤੀ ਗਈ। ਇਸ ਨਾਲ ਇਹ ਪ੍ਰਭਾਵ ਪਿਆ ਕਿ 29 ਜੂਨ ਨੂੰ ਦਿੱਤੇ ਗਏ ਭਰੋਸੇ ਅਤੇ ਬਾਅਦ ਦੀ ਸਰਕਾਰੀ ਸਥਿਤੀ ਵਿਚਕਾਰ ਅੰਤਰ ਹੈ। ਇਹੀ ਉਹ ਮੋੜ ਸੀ ਜਿੱਥੋਂ ਵਿਵਾਦ ਹੋਰ ਡੂੰਘਾ ਹੋ ਗਿਆ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਐਕਟ ਨੂੰ ਲਾਗੂ ਨਾ ਕਰਨ ਦੀ ਗੱਲ ਸਾਹਮਣੇ ਆਈ।

ਇੱਥੇ ਸਭ ਤੋਂ ਮਹੱਤਵਪੂਰਨ ਸਵਾਲ ਕਾਨੂੰਨ ਬਣਾਉਣ ਦੇ ਅਧਿਕਾਰ ਦਾ ਨਹੀਂ, ਸਗੋਂ ਕਾਨੂੰਨ ਬਣਾਉਣ ਦੀ ਪ੍ਰਕਿਰਿਆ ਦਾ ਹੈ। ਕੀ ਸਰਕਾਰ ਨੂੰ ਐਕਟ ਪਾਸ ਕਰਨ ਤੋਂ ਪਹਿਲਾਂ ਪੰਥਕ ਸੰਸਥਾਵਾਂ ਨਾਲ ਵਿਆਪਕ ਸਲਾਹ-ਮਸ਼ਵਰਾ ਕਰਨਾ ਚਾਹੀਦਾ ਸੀ ? ਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨਾਲ ਜੁੜੇ ਮਾਮਲੇ ਵਿੱਚ ਸਰਬਸੰਮਤੀ ਨੂੰ ਤਰਜੀਹ ਮਿਲਣੀ ਚਾਹੀਦੀ ਸੀ ? ਅਤੇ ਕੀ ਸੰਵਾਦ ਰਾਹੀਂ ਅੱਜ ਦੇ ਟਕਰਾਅ ਤੋਂ ਬਚਿਆ ਜਾ ਸਕਦਾ ਸੀ ? ਇਹੋ ਉਹ ਪ੍ਰਸ਼ਨ ਹਨ ਜਿਨ੍ਹਾਂ ਦੇ ਜਵਾਬ ਅੱਜ ਪੰਜਾਬ ਦੇ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਮਾਹੌਲ ਲਈ ਬਹੁਤ ਮਹੱਤਵਪੂਰਨ ਹਨ।

ਇਸ ਪੂਰੇ ਵਿਵਾਦ ਨੂੰ ਸਮਝਣ ਲਈ ਸਭ ਤੋਂ ਪਹਿਲਾਂ ਇਹ ਸਪੱਸ਼ਟ ਕਰਨਾ ਜ਼ਰੂਰੀ ਹੈ ਕਿ ਇਹ ਕੇਵਲ ਧਾਰਮਿਕ ਜਾਂ ਰਾਜਨੀਤਿਕ ਮਸਲਾ ਨਹੀਂ, ਸਗੋਂ ਸੰਵਿਧਾਨਕ, ਕਾਨੂੰਨੀ ਅਤੇ ਪੰਥਕ ਪੱਖਾਂ ਨਾਲ ਜੁੜਿਆ ਇੱਕ ਬਹੁ-ਪੱਖੀ ਵਿਸ਼ਾ ਹੈ। ਇਸ ਲਈ ਇਸ ਦਾ ਮੁਲਾਂਕਣ ਭਾਵਨਾਵਾਂ ਜਾਂ ਰਾਜਨੀਤਿਕ ਨਾਅਰਿਆਂ ਦੇ ਆਧਾਰ 'ਤੇ ਨਹੀਂ, ਸਗੋਂ ਸੰਵਿਧਾਨਕ ਪ੍ਰਬੰਧਾਂ, ਨਿਆਂਕ ਸਿਧਾਂਤਾਂ ਅਤੇ ਸਿੱਖ ਪਰੰਪਰਾ—ਤਿੰਨਾਂ ਨੂੰ ਨਾਲ ਲੈ ਕੇ ਕਰਨਾ ਲਾਜ਼ਮੀ ਹੈ। ਭਾਰਤੀ ਸੰਵਿਧਾਨ ਦੇ ਸੱਤਵੇਂ ਅਨੁਸੂਚੀ ਦੀ ਸਮਵਰਤੀ ਸੂਚੀ ਵਿੱਚ ਫ਼ੌਜਦਾਰੀ ਕਾਨੂੰਨ ਅਤੇ ਫ਼ੌਜਦਾਰੀ ਪ੍ਰਕਿਰਿਆ ਸ਼ਾਮਲ ਹਨ। ਇਸ ਦਾ ਅਰਥ ਹੈ ਕਿ ਇਨ੍ਹਾਂ ਵਿਸ਼ਿਆਂ 'ਤੇ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਦੋਵਾਂ ਨੂੰ ਕਾਨੂੰਨ ਬਣਾਉਣ ਦਾ ਅਧਿਕਾਰ ਹੈ। ਇਸ ਲਈ ਇਹ ਕਹਿਣਾ ਕਾਨੂੰਨੀ ਤੌਰ 'ਤੇ ਸਹੀ ਨਹੀਂ ਕਿ ਪੰਜਾਬ ਵਿਧਾਨ ਸਭਾ ਨੂੰ ਬੇਅਦਬੀ ਨਾਲ ਸੰਬੰਧਿਤ ਕਾਨੂੰਨ ਬਣਾਉਣ ਦਾ ਅਧਿਕਾਰ ਹੀ ਨਹੀਂ ਸੀ।

ਹਾਂ, ਇਹ ਵੀ ਉਤਨਾ ਹੀ ਸਹੀ ਹੈ ਕਿ ਜੇ ਰਾਜ ਦਾ ਕੋਈ ਕਾਨੂੰਨ ਕੇਂਦਰੀ ਕਾਨੂੰਨ ਨਾਲ ਟਕਰਾਅ ਵਿੱਚ ਹੋਵੇ ਤਾਂ ਭਾਰਤੀ ਸੰਵਿਧਾਨ ਦੇ Article 254 ਤਹਿਤ ਰਾਸ਼ਟਰਪਤੀ ਦੀ ਮਨਜ਼ੂਰੀ ਲਾਜ਼ਮੀ ਹੋ ਜਾਂਦੀ ਹੈ। ਇਸੇ ਸੰਵਿਧਾਨਕ ਢਾਂਚੇ ਕਰਕੇ ਪਹਿਲਾਂ 2016 ਅਤੇ 2018 ਦੇ ਯਤਨਾਂ ਦੌਰਾਨ ਵੀ ਕਾਨੂੰਨੀ ਅੜਚਣਾਂ ਸਾਹਮਣੇ ਆਈਆਂ ਸਨ। ਹੁਣ ਭਾਰਤੀ ਦੰਡ ਸੰਹਿਤਾ (IPC) ਦੀ ਥਾਂ ਭਾਰਤੀ ਨਿਆਇ ਸੰਹਿਤਾ (BNS) ਲਾਗੂ ਹੋਣ ਤੋਂ ਬਾਅਦ ਕਾਨੂੰਨੀ ਸਥਿਤੀ ਵੀ ਬਦਲ ਚੁੱਕੀ ਹੈ। ਇਸ ਲਈ ਕਿਸੇ ਵੀ ਨਵੇਂ ਕਾਨੂੰਨ ਨੂੰ ਮੌਜੂਦਾ ਕੇਂਦਰੀ ਕਾਨੂੰਨੀ ਢਾਂਚੇ ਅਤੇ ਸੰਵਿਧਾਨਕ ਪ੍ਰਬੰਧਾਂ ਦੇ ਅਨੁਕੂਲ ਹੋਣਾ ਲਾਜ਼ਮੀ ਹੈ।

ਸੰਵਿਧਾਨਕ ਕਾਨੂੰਨ ਦਾ ਇੱਕ ਹੋਰ ਮਹੱਤਵਪੂਰਨ ਸਿਧਾਂਤ Reasonable Classification (ਵਾਜਬ ਵਰਗੀਕਰਨ) ਹੈ। ਸੁਪਰੀਮ ਕੋਰਟ ਦੇ ਕਈ ਫ਼ੈਸਲਿਆਂ ਵਿੱਚ ਇਹ ਸਿਧਾਂਤ ਸਥਾਪਿਤ ਕੀਤਾ ਗਿਆ ਹੈ ਕਿ ਜੇ ਕਿਸੇ ਵਿਸ਼ੇਸ਼ ਸਮਾਜਿਕ ਸਮੱਸਿਆ ਜਾਂ ਵਿਲੱਖਣ ਹਾਲਾਤ ਨਾਲ ਨਜਿੱਠਣ ਲਈ ਵੱਖਰਾ ਕਾਨੂੰਨ ਬਣਾਇਆ ਜਾਂਦਾ ਹੈ ਅਤੇ ਉਸ ਦਾ ਉਦੇਸ਼ ਜਨਤਕ ਹਿੱਤ ਨਾਲ ਜੁੜਿਆ ਹੋਵੇ ਤਾਂ ਅਜਿਹਾ ਵਰਗੀਕਰਨ ਆਪਣੇ ਆਪ ਵਿੱਚ ਅਸੰਵਿਧਾਨਿਕ ਨਹੀਂ ਮੰਨਿਆ ਜਾਂਦਾ। ਸਿੱਖ ਪੰਥ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕੇਵਲ ਇੱਕ ਧਾਰਮਿਕ ਗ੍ਰੰਥ ਨਹੀਂ, ਸਗੋਂ ਸਦੀਵੀ ਗੁਰੂ ਅਤੇ ਜਗਤ ਜੋਤ ਹਨ। ਪਿਛਲੇ ਇੱਕ ਦਹਾਕੇ ਦੌਰਾਨ ਬੇਅਦਬੀ ਦੀਆਂ ਘਟਨਾਵਾਂ ਨੇ ਪੰਜਾਬ ਵਿੱਚ ਕਾਨੂੰਨ-ਵਿਵਸਥਾ, ਸਮਾਜਿਕ ਸ਼ਾਂਤੀ ਅਤੇ ਧਾਰਮਿਕ ਭਾਵਨਾਵਾਂ 'ਤੇ ਡੂੰਘਾ ਪ੍ਰਭਾਵ ਪਾਇਆ ਹੈ। ਇਸ ਲਈ ਜੇ ਪੰਜਾਬ ਵਿਧਾਨ ਸਭਾ ਅਜਿਹੇ ਅਪਰਾਧਾਂ ਨੂੰ ਰੋਕਣ ਲਈ ਸਖ਼ਤ ਸਜ਼ਾਵਾਂ ਵਾਲਾ ਵਿਸ਼ੇਸ਼ ਕਾਨੂੰਨ ਬਣਾਉਂਦੀ ਹੈ ਤਾਂ ਇਹ ਸੰਵਿਧਾਨਕ ਹੈ। ਬੇਸ਼ੱਕ ਅੰਤਿਮ ਫ਼ੈਸਲਾ, ਜੇ ਚੁਣੌਤੀ ਦਿੱਤੀ ਜਾਂਦੀ ਹੈ, ਤਾਂ ਅਦਾਲਤਾਂ ਦੇ ਅਧਿਕਾਰ ਖੇਤਰ ਵਿੱਚ ਹੀ ਆਵੇਗਾ।

ਪਰ ਇਸ ਕਾਨੂੰਨੀ ਸਥਿਤੀ ਦਾ ਇਹ ਅਰਥ ਨਹੀਂ ਕਿ ਸਰਕਾਰ ਨੂੰ ਪੰਥਕ ਸੰਸਥਾਵਾਂ ਨਾਲ ਸੰਵਾਦ ਦੀ ਲੋੜ ਨਹੀਂ ਸੀ। ਫਿਰ ਦੁਹਰਾਉਂਦਾ ਹਾਂ, ਅਸਲ ਵਿਵਾਦ ਕਾਨੂੰਨ ਬਣਾਉਣ ਦੇ ਅਧਿਕਾਰ ਨੂੰ ਲੈ ਕੇ ਨਹੀਂ, ਸਗੋਂ ਉਸ ਦੀ ਪ੍ਰਕਿਰਿਆ ਨੂੰ ਲੈ ਕੇ ਹੈ। ਜਦੋਂ ਕੋਈ ਕਾਨੂੰਨ ਸਿੱਧੇ ਤੌਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ, ਮਰਿਆਦਾ ਅਤੇ ਧਾਰਮਿਕ ਪਰੰਪਰਾਵਾਂ ਨਾਲ ਜੁੜਿਆ ਹੋਵੇ ਤਾਂ ਉਸ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪ੍ਰਵਾਨਿਤ ਪੰਥਕ ਸੰਸਥਾਵਾਂ ਨਾਲ ਵਿਆਪਕ ਸਲਾਹ-ਮਸ਼ਵਰਾ ਕਰਨਾ ਲੋਕਤੰਤਰੀ ਅਤੇ ਪੰਥਕ—ਦੋਵਾਂ ਪੱਖਾਂ ਤੋਂ ਵਧੇਰੇ ਉਚਿਤ ਹੁੰਦਾ।

ਇੱਥੇ ਹੀ ਸਰਕਾਰ ਦੀ ਸਭ ਤੋਂ ਵੱਡੀ ਕਮੀ ਦਿਖਾਈ ਦਿੰਦੀ ਹੈ। ਜੇਕਰ ਸ਼ੁਰੂ ਤੋਂ ਹੀ ਪੰਥਕ ਸਹਿਮਤੀ ਬਣਾਉਣ ਦੀ ਗੰਭੀਰ ਕੋਸ਼ਿਸ਼ ਕੀਤੀ ਜਾਂਦੀ ਤਾਂ ਸੰਭਵ ਹੈ ਕਿ ਅੱਜ ਦਾ ਟਕਰਾਅ ਹੀ ਪੈਦਾ ਨਾ ਹੁੰਦਾ। ਬਾਅਦ ਵਿੱਚ ਇਤਰਾਜ਼ ਉੱਠਣ 'ਤੇ ਸਪਸ਼ਟੀਕਰਨ ਦੇਣਾ ਉਸ ਘਾਟ ਨੂੰ ਪੂਰਾ ਨਹੀਂ ਕਰ ਸਕਦਾ ਜੋ ਕਾਨੂੰਨ ਬਣਾਉਣ ਦੀ ਸ਼ੁਰੂਆਤੀ ਪ੍ਰਕਿਰਿਆ ਵਿੱਚ ਰਹਿ ਗਈ।

ਇਸੇ ਪ੍ਰਸੰਗ ਵਿੱਚ ਅਕਾਲ ਤਖ਼ਤ ਸਾਹਿਬ ਵੱਲੋਂ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਨੂੰ ਤਲਬ ਕਰਨ ਦੇ ਮਸਲੇ ਨੂੰ ਵੀ ਸੰਤੁਲਿਤ ਨਜ਼ਰੀਏ ਨਾਲ ਦੇਖਣ ਦੀ ਲੋੜ ਹੈ। ਸੰਵਿਧਾਨਕ ਪੱਖ ਤੋਂ ਵੇਖਿਆ ਜਾਵੇ ਤਾਂ ਵਿਧਾਇਕ ਅਤੇ ਮੰਤਰੀ ਆਪਣੇ ਵਿਧਾਨਿਕ ਅਤੇ ਕਾਰਜਕਾਰੀ ਫ਼ੈਸਲਿਆਂ ਲਈ ਵਿਧਾਨ ਸਭਾ, ਨਿਆਂਪਾਲਿਕਾ ਅਤੇ ਆਖ਼ਰਕਾਰ ਲੋਕਾਂ ਪ੍ਰਤੀ ਜਵਾਬਦੇਹ ਹੁੰਦੇ ਹਨ। ਭਾਰਤੀ ਸੰਵਿਧਾਨ ਕਿਸੇ ਧਾਰਮਿਕ ਸੰਸਥਾ ਨੂੰ ਵਿਧਾਨ ਸਭਾ ਵੱਲੋਂ ਪਾਸ ਕੀਤੇ ਕਾਨੂੰਨ ਨੂੰ ਰੱਦ ਕਰਨ ਜਾਂ ਸਰਕਾਰੀ ਫ਼ੈਸਲੇ 'ਤੇ ਕਾਨੂੰਨੀ ਤੌਰ 'ਤੇ ਬੰਧਨਕਾਰੀ ਹੁਕਮ ਜਾਰੀ ਕਰਨ ਦਾ ਅਧਿਕਾਰ ਨਹੀਂ ਦਿੰਦਾ।

ਪਰ ਪੰਥਕ ਦ੍ਰਿਸ਼ਟੀਕੋਣ ਇਸ ਤੋਂ ਵੱਖਰਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਦੀ ਸਰਵਉੱਚ ਧਾਰਮਿਕ ਅਤੇ ਮਰਿਆਦਕ ਸੰਸਥਾ ਹੈ। ਜੇ ਕੋਈ ਸਿੱਖ ਆਪਣੇ ਕਿਸੇ ਕਦਮ ਕਾਰਨ ਪੰਥਕ ਮਰਿਆਦਾ ਨਾਲ ਸੰਬੰਧਿਤ ਵਿਵਾਦ ਦਾ ਕਾਰਨ ਬਣਦਾ ਹੈ ਤਾਂ ਅਕਾਲ ਤਖ਼ਤ ਸਾਹਿਬ ਉਸ ਤੋਂ ਸਪਸ਼ਟੀਕਰਨ ਮੰਗ ਸਕਦਾ ਹੈ ਜਾਂ ਉਸ ਨੂੰ ਤਲਬ ਕਰ ਸਕਦਾ ਹੈ। ਇਹ ਪੰਥਕ ਅਥਾਰਟੀ ਦੇ ਦਾਇਰੇ ਦਾ ਮਾਮਲਾ ਹੈ, ਨਾ ਕਿ ਰਾਜ ਦੇ ਸੰਵਿਧਾਨਕ ਅਧਿਕਾਰਾਂ ਦਾ।

ਇਸ ਲਈ ਇਸ ਵਿਵਾਦ ਨੂੰ "ਸੰਵਿਧਾਨ ਬਨਾਮ ਅਕਾਲ ਤਖ਼ਤ" ਵਜੋਂ ਪੇਸ਼ ਕਰਨਾ ਨਾ ਤਾਂ ਕਾਨੂੰਨੀ ਤੌਰ 'ਤੇ ਸਹੀ ਹੈ ਅਤੇ ਨਾ ਹੀ ਪੰਥਕ ਤੌਰ 'ਤੇ ਲਾਭਕਾਰੀ। ਵਧੇਰੇ ਸਹੀ ਗੱਲ ਇਹ ਹੋਵੇਗੀ ਕਿ ਇਸ ਨੂੰ ਸੰਵਿਧਾਨਕ ਅਧਿਕਾਰਾਂ ਅਤੇ ਪੰਥਕ ਮਰਿਆਦਾ ਵਿਚਕਾਰ ਸੰਵਾਦ ਦੀ ਲੋੜ ਵਜੋਂ ਦੇਖਿਆ ਜਾਵੇ।

ਇੱਕ ਹੋਰ ਗੰਭੀਰ ਸਵਾਲ ਵੀ ਉੱਠਦਾ ਹੈ। ਸਰਕਾਰ ਨੇ ਦਾਅਵਾ ਕੀਤਾ ਕਿ ਉਸ ਨੇ ਕਾਨੂੰਨੀ ਮਾਹਿਰਾਂ ਅਤੇ ਵਿਦਵਾਨਾਂ ਨਾਲ ਸਲਾਹ ਕਰਕੇ ਅਕਾਲ ਤਖ਼ਤ ਸਾਹਿਬ ਦੇ ਇਤਰਾਜ਼ਾਂ ਦੇ ਜਵਾਬ ਤਿਆਰ ਕੀਤੇ। ਜੇ ਅਜਿਹਾ ਸੀ ਤਾਂ ਉਨ੍ਹਾਂ ਮਾਹਿਰਾਂ ਦੀ ਪਛਾਣ ਜਨਤਕ ਕਿਉਂ ਨਹੀਂ ਕੀਤੀ ਗਈ ? ਅਜਿਹੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਪਾਰਦਰਸ਼ਤਾ ਹੀ ਭਰੋਸਾ ਪੈਦਾ ਕਰਦੀ ਹੈ। ਬਿਹਤਰ ਹੁੰਦਾ ਕਿ ਸਰਕਾਰ ਖੁੱਲ੍ਹੇ ਮੰਚ 'ਤੇ ਪੰਥਕ ਵਿਦਵਾਨਾਂ, ਸੰਵਿਧਾਨਕ ਮਾਹਿਰਾਂ ਅਤੇ ਕਾਨੂੰਨਦਾਨਾਂ ਨਾਲ ਸਾਂਝਾ ਵਿਚਾਰ-ਵਟਾਂਦਰਾ ਕਰਦੀ।

ਇਸੇ ਤਰ੍ਹਾਂ ਐਕਟ ਦੀਆਂ ਕੁਝ ਧਾਰਾਵਾਂ—ਜਿਵੇਂ ਕਸਟੋਡੀਅਨ, ਯੂਨੀਕ ਪਛਾਣ ਨੰਬਰ, ਕੇਂਦਰੀ ਰਜਿਸਟਰ, ਫਾਸਟ ਟਰੈਕ ਅਦਾਲਤਾਂ ਅਤੇ ਪ੍ਰਸ਼ਾਸਨਿਕ ਨਿਗਰਾਨੀ ਨਾਲ ਸੰਬੰਧਿਤ ਵਿਵਸਥਾਵਾਂ—ਬਾਰੇ ਵੀ ਜੋ ਤੌਖਲੇ ਸਾਹਮਣੇ ਆਏ ਹਨ, ਉਨ੍ਹਾਂ ਨੂੰ ਟਕਰਾਅ ਦੀ ਬਜਾਏ ਖੁੱਲ੍ਹੇ ਸੰਵਾਦ ਰਾਹੀਂ ਦੂਰ ਕੀਤਾ ਜਾਣਾ ਚਾਹੀਦਾ ਹੈ। ਧਾਰਮਿਕ ਮਾਮਲਿਆਂ ਨਾਲ ਸੰਬੰਧਿਤ ਕਾਨੂੰਨ ਤਦ ਹੀ ਲੰਬੇ ਸਮੇਂ ਤੱਕ ਪ੍ਰਭਾਵਸ਼ਾਲੀ ਰਹਿੰਦੇ ਹਨ ਜਦੋਂ ਉਹ ਸਿਰਫ਼ ਕਾਨੂੰਨੀ ਤੌਰ 'ਤੇ ਹੀ ਨਹੀਂ, ਸਗੋਂ ਸਮਾਜਿਕ ਅਤੇ ਧਾਰਮਿਕ ਪੱਧਰ 'ਤੇ ਵੀ ਸਵੀਕਾਰਤਾ ਪ੍ਰਾਪਤ ਕਰਨ।

ਸਿੱਖ ਇਤਿਹਾਸ ਖ਼ੁਦ ਇਸ ਗੱਲ ਦਾ ਸਾਕਸ਼ੀ ਹੈ ਕਿ ਪੰਥਕ ਫ਼ੈਸਲੇ ਸੰਵਾਦ, ਗੁਰਮਤ ਅਤੇ ਸਰਬਸੰਮਤੀ ਦੇ ਆਧਾਰ 'ਤੇ ਲਏ ਜਾਂਦੇ ਰਹੇ ਹਨ। ਜਿਹੜੇ ਫ਼ੈਸਲੇ ਸੰਗਤ ਦੀ ਸਹਿਮਤੀ ਤੋਂ ਬਿਨਾਂ ਥੋਪੇ ਗਏ, ਉਹ ਲੰਬੇ ਸਮੇਂ ਤੱਕ ਟਿਕ ਨਹੀਂ ਸਕੇ। ਇਸ ਲਈ ਸਰਬਸੰਮਤੀ ਸਿਰਫ਼ ਧਾਰਮਿਕ ਪਰੰਪਰਾ ਨਹੀਂ, ਸਗੋਂ ਸਮਾਜਿਕ ਸਥਿਰਤਾ ਦੀ ਵੀ ਬੁਨਿਆਦ ਹੈ।

ਇਸ ਸਾਰੇ ਵਿਵਾਦ ਦਾ ਸਭ ਤੋਂ ਦੁਖਦਾਈ ਪੱਖ ਇਹ ਹੈ ਕਿ ਬਰਗਾੜੀ ਅਤੇ ਹੋਰ ਬੇਅਦਬੀ ਮਾਮਲਿਆਂ ਵਿੱਚ ਇਨਸਾਫ਼ ਦਾ ਸਵਾਲ ਅਜੇ ਵੀ ਅਧੂਰਾ ਹੈ। ਲੋਕਾਂ ਦੀ ਪਹਿਲੀ ਉਮੀਦ ਇਹ ਹੈ ਕਿ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਮਿਲੇ ਅਤੇ ਨਿਆਂ ਹੁੰਦਾ ਹੋਇਆ ਦਿਖਾਈ ਵੀ ਦੇਵੇ। ਜੇ ਇਨਸਾਫ਼ ਦੀ ਪ੍ਰਕਿਰਿਆ ਲੰਬੀ ਖਿੱਚਦੀ ਰਹੇ ਅਤੇ ਸਾਰਾ ਧਿਆਨ ਕੇਵਲ ਨਵੇਂ ਕਾਨੂੰਨਾਂ ਜਾਂ ਰਾਜਨੀਤਿਕ ਬਿਆਨਾਂ 'ਤੇ ਕੇਂਦਰਿਤ ਹੋ ਜਾਵੇ ਤਾਂ ਲੋਕਾਂ ਦਾ ਭਰੋਸਾ ਕਮਜ਼ੋਰ ਪੈਂਦਾ ਹੈ। ਬੇਅਦਬੀ ਦੇ ਮਾਮਲੇ ਵਿੱਚ ਪੰਜਾਬ ਦੀ ਜਨਤਾ ਨੂੰ ਰਾਜਨੀਤਿਕ ਨਾਅਰਿਆਂ ਦੀ ਨਹੀਂ, ਸਗੋਂ ਨਿਆਂ ਦੀ ਲੋੜ ਹੈ। ਇੱਕ ਅਜਿਹਾ ਕਾਨੂੰਨ, ਜੋ ਸੰਵਿਧਾਨ ਦੀ ਕਸੌਟੀ 'ਤੇ ਵੀ ਖਰਾ ਉਤਰੇ ਅਤੇ ਸਿੱਖ ਪੰਥ ਦੀ ਸਾਂਝੀ ਪ੍ਰਵਾਨਗੀ ਵੀ ਹਾਸਲ ਕਰੇ, ਉਹੀ ਲੰਬੇ ਸਮੇਂ ਤੱਕ ਪ੍ਰਭਾਵਸ਼ਾਲੀ ਹੋ ਸਕਦਾ ਹੈ। ਸਰਕਾਰ ਨੂੰ ਆਪਣੀ ਸੰਵਿਧਾਨਕ ਸ਼ਕਤੀ ਅਤੇ ਅਕਾਲ ਤਖ਼ਤ ਸਾਹਿਬ ਨੂੰ ਆਪਣੀ ਪੰਥਕ ਮਰਿਆਦਾ—ਦੋਵਾਂ ਦਾ ਆਪਸੀ ਸਤਿਕਾਰ ਕਰਦਿਆਂ ਸੰਵਾਦ ਦਾ ਰਾਹ ਅਪਣਾਉਣਾ ਚਾਹੀਦਾ ਹੈ। ਟਕਰਾਅ ਨਾ ਤਾਂ ਸਰਕਾਰ ਦੇ ਹਿੱਤ ਵਿੱਚ ਹੈ, ਨਾ ਪੰਥ ਦੇ ਅਤੇ ਨਾ ਹੀ ਪੰਜਾਬ ਦੇ। ਸਾਂਝੇ ਵਿਚਾਰ-ਵਟਾਂਦਰੇ ਨਾਲ ਬਣਿਆ ਕਾਨੂੰਨ ਹੀ ਲੋਕਾਂ ਦਾ ਭਰੋਸਾ ਜਿੱਤ ਸਕਦਾ ਹੈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਦੀ ਅਸਲ ਰੱਖਿਆ ਕਰ ਸਕਦਾ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ,**
**ਬੁਲਾਰਾ ਪੰਜਾਬ ਭਾਜਪਾ, 9781355522)**

## ਪੰਜਾਬੀ ਯੂਨੀਵਰਸਿਟੀ ਕੈਂਪਸ ਵਿਖੇ ਲਾਇਨਜ਼ ਕਲੱਬ ਰਾਮਾਂ ਹੋਪ ਅਤੇ ਈਕੋ ਕਲੱਬ ਵੱਲੋਂ ਫੁੱਲਦਾਰ ਪੌਦੇ ਲਗਾਕੇ ਸ਼ੁੱਧ ਵਾਤਾਵਰਨ ਰੱਖਣ ਦਾ ਸੁਨੇਹਾ ਦਿੱਤਾ



ਤਲਵੰਡੀ ਸਾਬੋ, 31 ਜੁਲਾਈ (ਗੁਰਜੰਟ ਸਿੰਘ ਨਥੇਹਾ)- ਅੱਜ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਲਾਇਨਜ਼ ਕਲੱਬ ਰਾਮਾ ਹੋਪ ਅਤੇ ਈਕੋ ਕਲੱਬ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵੱਲੋਂ ਸਾਂਝੇ ਤੌਰ ਤੇ ਕੈਂਪਸ ਅਧਿਕਾਰੀਆਂ, ਕਰਮਚਾਰੀਆਂ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਕੈਂਪਸ ਵਿੱਚ ਫੁੱਲਦਾਰ ਬੂਟੇ ਲਗਾਏ ਗਏ। ਕੈਂਪਸ ਨੂੰ ਹਰਿਆ ਭਰਿਆ, ਪ੍ਰਦੂਸ਼ਣ ਮੁਕਤ ਤੇ ਸੁੰਦਰ ਰੱਖਣ ਲਈ ਫੁੱਲਾਂ ਦੇ ਬੂਟੇ ਲਗਾਉਣ ਦਾ ਸ਼ੁਭ ਕਾਰਜ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਦੀ ਯੋਗ ਅਗਵਾਈ ਹੇਠ ਨੇਪਰੇ ਚੜ੍ਹਿਆ। ਇਸ ਮੌਕੇ ਲਾਇਨਜ਼ ਕਲੱਬ ਪ੍ਰਧਾਨ ਸ੍ਰੀ ਭੂਸ਼ਨ ਲਹਿਰੀ ਜਿਹਨਾਂ ਦੀ ਪਹਿਲਕਦਮੀ ਸਦਕਾ ਇਸ ਕਾਰਜ ਦਾ ਆਯੋਜਨ ਹੋਇਆ ਤੋਂ ਇਲਾਵਾ ਕਲੱਬ ਦੇ ਮੈਂਬਰ ਜਿਨ੍ਹਾਂ ਵਿੱਚ ਜੀਵਨ ਸਿੰਘ ਵਿਰਧ ਆਸ਼ਰਮ ਰਾਮਾਂ ਮੰਡੀ ਦੇ ਸੰਚਾਲਕ ਇੰਜ. ਹਰਜਿੰਦਰ ਸਿੰਘ, ਰਾਜ ਨਰਸਿੰਗ ਹੋਮ ਤਲਵੰਡੀ ਸਾਬੋ ਤੋਂ ਡਾ. ਦਿਨੇਸ਼, ਚੌਧਰੀ ਮੈਡੀਕਲ ਹਾਲ ਤੋਂ ਡਾ. ਵਿਜੈਪਾਲ, ਉੱਘੇ ਰਾਜਨੀਤਿਕ ਵਿਸ਼ਲੇਸ਼ਕ ਅਤੇ ਪੰਜਾਬ ਸਵੀਟਸ ਤੋਂ ਸ੍ਰੀ ਪੁਨੀਤ ਗਰਗ ਦੇ ਨਾਮ ਵਿਸੇਸ਼ ਤੌਰ 'ਤੇ ਜਿਕਰਯੋਗ ਹਨ। ਇਹਨਾਂ ਤੋਂ ਇਲਾਵਾ ਪੰਜਾਬੀ ਯੂਨੀਵਰਸਿਟੀ ਕੈਂਪਸ ਦੇ ਪ੍ਰੋਫੈਸਰ ਸਾਹਿਬਾਨ ਡਾ. ਜਗਤਾਰ ਸਿੰਘ, ਡਾ. ਲਖਬੀਰ ਸਿੰਘ, ਡਾ. ਦਿਆਲ ਭਟਨਾਗਰ, ਡਾ. ਹਰਪ੍ਰੀਤ ਸਿੰਘ ਅਤੇ ਡਾ. ਗੁਰਵਿੰਦਰ ਸਿੰਘ ਦੇ ਨਾਲ-ਨਾਲ ਕੈਂਪਸ ਦੇ ਬਾਗਬਾਨੀ ਵਿਭਾਗ ਦੇ ਗਾਰਡਨਰ ਸ੍ਰੀ ਸੁਰਿੰਦਰ ਸਿੰਘ ਵੀ ਹਾਜਰ ਸਨ। ਬਾਗਬਾਨੀ ਵਿਭਾਗ ਦੇ ਕਰਮਚਾਰੀਆਂ ਨੇ ਇਸ ਮੌਕੇ ਆਪਣੀਆਂ ਸੇਵਾਵਾਂ ਦੇ ਕੇ ਇਸ ਅਭਿਆਨ ਨੂੰ ਬੜੇ ਸਹਿਜ ਨਾਲ ਨੇਪਰੇ ਚਾੜ੍ਹਨ 'ਚ ਮੱਦਦ ਕੀਤੀ। ਇਸ ਉਪਰੰਤ ਕੈਂਪਸ ਡਾਇਰੈਕਟਰ ਵੱਲੋਂ ਲਾਇਨਜ਼ ਕਲੱਬ ਦੇ ਸਮੂਹ ਮੈਂਬਰ ਸਹਿਬਾਨ ਨਾਲ ਦਫਤਰ ਵਿਖੇ ਬੈਠ ਕੇ ਵਾਤਾਵਰਨ ਨੂੰ ਸਾਫ ਸੁਥਰਾ ਰੱਖਣ ਲਈ ਸਹਿਯੋਗ ਕਰਨ ਲਈ ਵਿਸਥਾਰ ਸਹਿਤ ਚਰਚਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਭਾਰਤ ਬੰਦ ਦੀ ਕਾਲ ਦੇਣ ਤੋਂ ਪਹਿਲਾਂ ਸਮੂਹ ਵੱਖ-ਵੱਖ ਜਥੇਬੰਦੀਆਂ ਆਮ ਲੋਕਾਂ ਦੀ ਭਾਵਨਾਵਾਂ ਨੂੰ ਪਹਿਚਾਨਣ ਅਤੇ ਅੰਦੋਲਨ ਦੀ ਰੂਪ ਰੇਖਾ ਬਦਲਣ



**ਜੰਡਿਆਲਾ ਗੁਰੂ, 31 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਬੇਸ਼ੱਕ ਭਾਰਤ ਦਾ ਲੋਕਤੰਤਰ ਹੈ ਕਿ ਹਰੇਕ ਵਿਅਕਤੀ ਆਪਣੀਆਂ ਹੱਕੀ ਮੰਗਾਂ ਨੂੰ ਲੈ ਕਿ ਅੰਦੋਲਨ ਕਰ ਸਕਦਾ ਹੈ ਲੇਕਿਨ ਪੰਜਾਬ ਬੰਦ ਭਾਰਤ ਬੰਦ ਸਿਰਫ ਦੋ ਚਾਰ ਘੰਟੇ ਵਾਸਤੇ ਕਰਨਾ ਚਾਹੀਦਾ ਕਿਉਂਕਿ ਕੱਲ੍ਹ ਦੇ ਪੰਜਾਬ ਚ ਆਮ ਲੋਕਾਂ ਨੂੰ ਭਾਰੀ ਮੁਸਕਲਾਂ ਦਾ ਸਾਹਮਣਾ ਕਰਨਾ ਪਿਆ ਕੱਲ੍ਹ ਪੰਜਾਬ ਬੰਦ ਦੌਰਾਨ ਇਕ ਪਰਿਵਾਰ ਦੀ ਹੱਡਬੀਤੀ ਸਾਹਮਣੇ ਆਈ ਹੈ ਕਿ ਉਨਾਂ ਦੀ ਬੇਟੀ ਸ੍ਰੀ ਅੰਮ੍ਰਿਤਸਰ ਵਿਖੇ ਵਿਆਹੀ ਹੋਈ ਹੈ ! ਲੇਕਿਨ ਜਦੋਂ ਕਿ ਉਨਾਂ ਦੇ ਰੋਜ ਮਰਾ ਦੀ ਜਿੰਦਗੀ ਚ ਵਰਤੀਆਂ ਜਾਣ ਵਾਲੀਆਂ ਚੀਜਾਂ ਦੁੱਧ ਖਾਸਕਰ ਜਰੂਰੀ ਹੈ ਜੋ ਬੱਚਿਆ ਲਈ ਤਾਜਾ ਲੈ ਕਿ ਆਉਣਾ ਪੈਂਦਾ ਹੈ ਪਰਿਵਾਰ ਦਾ ਕਹਿਣਾ ਹੈ ਕਿ ਜਦੋਂ ਪਤਾ ਚੱਲਿਆ ਕਿ ਸਾਡੀ ਬੇਟੀ ਚਾਹ ਤੋਂ ਬਗੈਰ ਅਤੇ ਛੋਟਾ ਬੱਚਾ ਸਾਡਾ ਦੋਹਤਾ ਦੁੱਧ ਪੀਣ ਤੋਂ ਬਗੈਰ ਬੈਠੇ ਹਨ ਤਾਂ ਅਸੀਂ ਆਪਣੇ ਪਿੰਡ ਤੋਂ ਦੁੱਧ ਸਬਜੀ ਲੈ ਕਿ ਉਨਾਂ ਕੋਲ ਪਹੁੰਚੇ ਜਦ ਅੰਮ੍ਰਿਤਸਰ ਬੇਟੀ ਦੇ ਘਰ ਪਹੁੰਚੇ ਤਾਂ ਸਵੇਰ ਤੋਂ ਹੀ ਦੋਹਤੇ ਦੇ ਪੇਟ ਵਿੱਚ ਦਰਦ ਹੋ ਰਹੀ ਸੀ ਅਤੇ ਪੋਟੀਆਂ ਕਰਨ ਕਰ ਰਿਹਾ ਸੀ ਫਿਰ ਜਦੋਂ ਦਵਾਈ ਲੈਣ ਲਈ ਅਸੀਂ ਮੈਡੀਕਲ ਸਟੋਰ ਦੀ ਤਲਾਸ਼ ਕੀਤੀ ਤਾਂ ਬਹੁਤ ਮੁਸ਼ਿਕਲ ਨਾਲ ਇਕ ਮੈਡੀਕਲ ਸਟੋਰ ਖੁੱਲਾ ਹੋਇਆ ਮਿਲਿਆ ਇਸ ਲਈ ਉਸ ਪ੍ਰੀਵਾਰ ਦੀ ਅਪੀਲ ਹੈ ਕਿ ਭਾਰਤ ਪੰਜਾਬ ਬੰਦ ਕਰਨ ਤੋਂ ਪਹਿਲਾਂ ਆਮ ਲੋਕਾਂ ਦੀਆਂ ਰੋਜਮਰਾ ਚ ਵਰਤੋਂ ਵਿੱਚ ਆਉਣ ਵਾਲੀਆਂ ਵਸਤੂਆਂ ਦੀਆਂ ਹਰੇਕ ਬਜਾਰ ਸੜਕ ਤੇ ਦੁਕਾਨਾਂ ਖੁੱਲਣ ਦੀ ਆਗਿਆ ਦਿੱਤੀ ਜਾਣੀ ਚਾਹੀਦੀ ਹੈ ! ਅਤੇ ਹੋ ਸਕੇ ਤਾਂ ਬਜਾਰ ਆਵਾਜਾਈ ਨੂੰ ਬੰਦ ਨਾ ਕੀਤਾ ਜਾਵੇ ਅਤੇ ਜੇਕਰ ਰੋਸ ਜਾਹਿਰ ਕਰਨਾ ਹੈ ਤਾਂ ਅਧਿਕਾਰੀਆਂ ਦੀਆਂ ਰਹਾਇਸਾਂ ਅੱਗੇ ਮੰਡੀਆਂ ਵਿੱਚ ਭਾਰੀ ਇਕੱਠ ਕਰਕੇ ਆਪਣੇ ਰੋਸ ਦਾ ਪ੍ਰਗਟਾਵਾ ਕੀਤਾ ਜਾਵੇ ਅਤੇ ਸਰਕਾਰ ਦੇ ਕਿਸੇ ਉਚ ਅਧਿਕਾਰੀ ਨੂੰ ਮੰਗ ਪੱਤਰ ਸੌਂਪਿਆ ਜਾਵੇ ! ਬਾਕੀ ਕੱਲ੍ਹ ਜੋ ਬੰਦ ਦੌਰਾਨ ਅੰਮ੍ਰਿਤਸਰ ਵਿਖੇ ਇਕ ਮੁਲਾਜ਼ਮ ਦੀ ਮੌਤ ਦੀ ਖਬਰ ਸੁਣਨ ਨੂੰ ਮਿਲੀ ਬਹੁਤ ਦੁਖਦਾਈ ਹੈ ਕਿ ਉਸ ਮੁਲਾਜ਼ਮ ਦੇ ਘਰ ਤੋਂ ਅਮਰਜੈਂਸੀ ਫੋਨ ਕਾਲ ਆਉਣ ਤੇ ਘਰ ਨੂੰ ਪ੍ਰੇਸ਼ਾਨੀ ਦੌਰਾਨ ਜਾਂਦਿਆਂ ਪੰਜਾਬ ਬੰਦ ਦੌਰਾਨ ਇਕ ਰੱਸੇ ਨਾਲ ਅੜ ਕਿ ਡਿੱਗਣ ਨਾਲ ਉਸ ਮੁਲਾਜ਼ਮ ਦੀ ਮੌਤ ਹੋ ਗਈ ਜਿਸ ਮੁਲਾਜ਼ਮ ਦੇ ਪ੍ਰੀਵਾਰ ਨਾਲ ਦੁੱਖ ਪ੍ਰਗਟ ਕਰਦੇ ਹਾਂ ਅਤੇ ਵਿਛੜੀ ਰੂਹ ਦੇ ਪ੍ਰਥਾਏ ਪ੍ਰਮਾਤਮਾ ਦੇ ਚਰਨਾਂ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਪ੍ਰੀਵਾਰ ਨੂੰ ਭਾਣਾ ਮੰਨਣ ਦਾ ਬਲ ਬਖਸਣ ! ਅੱਗੇ ਅਸੀਂ ਅਪੀਲ ਕਰਦੇ ਹਾਂ ਕਿ ਆਮ ਲੋਕਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖ ਕਿ ਵੱਖ ਵੱਖ ਸਮੂਹ ਜਥੇਬੰਦੀਆਂ ਨੂੰ ਇਨਾਂ ਅੰਦੋਲਨਾਂ ਦੀ ਰੂਪ ਰੇਖਾ ਬਦਲਣੀ ਚਾਹੀਦੀ ਹੈ !

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੂੰ ਸਖ਼ਤ ਆਦੇਸ਼ ਪੱਤਰ

# 'ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' 'ਤੇ ਮੁੜ ਵਿਚਾਰ ਕਰਨ ਲਈ ਕਿਹਾ

ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਨੰਬਰ ਅ:3/26/247 ਮਿਤੀ 31-07-2026

ਸ. ਕੁਲਤਾਰ ਸਿੰਘ ਜੀ,
ਮਾਣਯੋਗ ਸਪੀਕਰ,
ਪੰਜਾਬ ਵਿਧਾਨ ਸਭਾ, ਚੰਡੀਗੜ੍ਹ, ਪੰਜਾਬ।

ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥

ਗੁਰੂ ਸਵਾਰੇ ਜੀਓ,

ਪੰਜਾਬ ਸਰਕਾਰ ਵੱਲੋਂ ਬਣਾਏ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, ੨੦੨੬' ਦੇ ਸਬੰਧ ਵਿੱਚ ਜੋ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਚੱਲ ਰਿਹਾ ਹੈ ਦੇ ਸੰਦਰਭ ਵਿੱਚ ਆਪ ਨੂੰ ਪਹਿਲਾਂ ਭੇਜੇ ਗਏ ਪੱਤਰ ਨੰ: ਅ:੩/੨੬/੧੮੭ ਮਿਤੀ ੦੪ ਜੁਲਾਈ ੨੦੨੬ ਦੀ ਨਿਰੰਤਰਤਾ ਵਿੱਚ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਲਿਖਿਆ ਜਾਂਦਾ ਹੈ ਕਿ, "ਸਰਕਾਰ ਨੇ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਰਾਹੀਂ ਜੋ ਮਿਤੀ ੨੯ ਜੁਲਾਈ ੨੦੨੬ ਨੂੰ ਆਪਣਾ ਜਵਾਬ ਭੇਜਿਆ ਹੈ ਉਹ ਤਸੱਲੀਬਖ਼ਸ਼ ਨਹੀਂ ਹੈ, ਇਸ ਲਈ ਉਸ ਨੂੰ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਸਰਕਾਰ ਦੇ ਜਵਾਬ ਤੋਂ ਇਹ ਸਪੱਸ਼ਟ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭੇਜੇ ਗਏ ਇਤਰਾਜ਼ਾਂ ਅਤੇ ਅਹਿਮ ਨੁਕਤਿਆਂ ਦੀ ਭਾਵਨਾ ਅਨੁਸਾਰ ਕਾਨੂੰਨ ਵਿੱਚ ਵਧੇਰੀ ਸੋਧ ਕਰਨ ਨੂੰ ਤਿਆਰ ਨਹੀਂ ਹੈ। ਮਿਤੀ 29 ਜੂਨ 2026 ਨੂੰ ਆਪ ਦੇ ਸਮੇਤ ਪੰਜਾਬ ਵਿਧਾਨ ਸਭਾ ਦੇ ਬਾਕੀ ਸਿੱਖ ਵਿਧਾਇਕ ਅਤੇ ਕੈਬਨਿਟ ਮੰਤਰੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜੋ ਸਹਿਮਤੀ ਦੇ ਕੇ ਗਏ ਸਨ, ਸਰਕਾਰ ਦੇ ਜਵਾਬ ਵਿੱਚ ਉਸ ਦੀ ਭਾਵਨਾ ਪੂਰੀ ਨਹੀਂ ਹੁੰਦੀ। ਜਵਾਬ ਭੇਜਣ ਤੋਂ ਪਹਿਲਾਂ ਸਰਕਾਰ ਨੇ ਇੱਕ ਮਹੀਨੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਤਾਲਮੇਲ ਦਾ ਕੋਈ ਰਾਹ ਵੀ ਨਹੀਂ ਖੋਲ੍ਹਿਆ।"

"ਉਕਤ ਦੇ ਮੱਦੇਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫ਼ੋਂ ਸਰਕਾਰ ਨਾਲ ਅਗਾਂਹ ਗੱਲਬਾਤ ਜਾਰੀ ਰੱਖਣ ਅਤੇ ਸਹਿਮਤੀ ਬਣਾਉਣ ਲਈ ਇੱਕ ਕਮੇਟੀ ਗਠਤ ਕੀਤੀ ਗਈ ਹੈ, ਜਿਸ ਵਿੱਚ ਜਸਟਿਸ (ਸੇਵਾਮੁਕਤ) ਸ. ਰੁਪਿੰਦਰ ਸਿੰਘ ਸੋਢੀ, ਜਸਟਿਸ (ਸੇਵਾਮੁਕਤ) ਸ. ਮੋਹਿੰਦਰ ਮੋਹਨ ਸਿੰਘ ਬੇਦੀ, ਸੀਨੀਅਰ ਐਡਵੋਕੇਟ ਸ. ਪੂਰਨ ਸਿੰਘ ਹੁੰਦਲ, ਸਿੱਖ ਵਿਦਵਾਨ ਡਾ. ਕੇਹਰ ਸਿੰਘ ਪਟਿਆਲਾ, ਪ੍ਰੋ. ਜਗਮੋਹਨ ਸਿੰਘ ਲੁਧਿਆਣਾ ਅਤੇ ਸ਼੍ਰੋਮਣੀ ਕਮੇਟੀ ਦੇ ਚੰਡੀਗੜ੍ਹ ਸਬ-ਦਫ਼ਤਰ ਵਿਖੇ ਵਧੀਕ ਸਕੱਤਰ ਸ. ਲਖਵੀਰ ਸਿੰਘ ਕੋਆਰਡੀਨੇਟਰ ਵਜੋਂ ਸ਼ਾਮਲ ਹਨ। ਸਰਕਾਰ ਇਸ ਕਮੇਟੀ ਨਾਲ ਰਾਬਤਾ ਕਾਇਮ ਕਰਕੇ ਕਾਨੂੰਨ ਸਬੰਧੀ ਸਹਿਮਤੀ ਬਣਾ ਲਵੇ ਅਤੇ ਇਹ ਕਾਰਜ ਦੋ ਮਹੀਨਿਆਂ ਦੇ ਵਿੱਚ-ਵਿੱਚ ਕੀਤਾ ਜਾਵੇ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੰਵਾਦ ਦਾ ਰਾਹ ਅਜੇ ਵੀ ਖੁੱਲ੍ਹਾ ਹੈ ਪਰ ਸਰਕਾਰ ਸਾਫ਼ ਨਿਯਤ ਨਾਲ ਅੱਗੇ ਵਧੇ ਨਾ ਕਿ ਕਿਸੇ ਤਰ੍ਹਾਂ ਦੀ ਚਲਾਕੀ ਵਰਤੇ।"

"ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਚਿੰਤਾਵਾਂ ਸਰਕਾਰ ਜਾਂ ਸਿਆਸਤ ਨੂੰ ਲੈ ਕੇ ਨਹੀਂ ਹਨ, ਪਰੰਤੂ ਕਈ ਵਾਰ ਅਸੀਂ ਚੰਗਾ ਕਰਦਿਆਂ ਮਾੜਾ ਜ਼ਿਆਦਾ ਕਰ ਜਾਂਦੇ ਹਾਂ। ਜਿਹੜੀਆਂ ਧਿਰਾਂ ਨੇ ਟੀ.ਏ.ਡੀ.ਏ ਤੇ ਯੂ.ਏ.ਪੀ.ਏ ਵਰਗੇ ਕਾਨੂੰਨ ਲਿਆਂਦੇ, ਮਗਰੋਂ ਉਨ੍ਹਾਂ ਦੇ ਸਮਰਥਕਾਂ ਨੂੰ ਹੀ ਇਨ੍ਹਾਂ ਕਾਨੂੰਨਾਂ ਦੀ ਦੁਰਵਰਤੋਂ ਨਾਲ ਫਸਾਇਆ ਗਿਆ। ਇਸ ਕਰਕੇ ਸਾਡੀ ਚਿੰਤਾ ਭਵਿੱਖ ਦੀ ਹੈ, ਇਸ ਸਵਾਲ ਦਾ ਜਵਾਬ ਭਵਿੱਖ ਵਿੱਚ ਹੈ ਕਿ ਕੀ ਇਸ ਕਾਨੂੰਨ ਨਾਲ ਬੇਅਦਬੀਆਂ ਦਾ ਵਰਤਾਰਾ ਰੁਕੇਗਾ ਜਾਂ ਨਹੀਂ। ਪਰ ਇਹ ਤਾਂ ਸਾਡਾ ਤਜਰਬਾ ਹੈ

1

Phone/Fax : 0183-2540820 | E-Mail : info@sriakaltakhatsahibji.net

ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਨੰਬਰ ਅ:3/26/247 ਮਿਤੀ 31-07-2026

ਕਿ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਭਾਵੇਂ ਰਾਜ ਜਾਂ ਕੇਂਦਰ ਸਰਕਾਰ ਦੀਆਂ ਹੋਣ, ਉਨ੍ਹਾਂ ਦੀ ਕੋਸ਼ਿਸ਼ ਬੇਅਦਬੀ ਦੇ ਅਸਲੀ ਦੋਸ਼ੀਆਂ ਨੂੰ ਬਚਾਉਣ ਦੀ ਰਹੀ ਹੈ। ਅਜਿਹੇ ਵਿੱਚ ਇਹ ਭਰੋਸਾ ਕਿਵੇਂ ਕਰ ਲਈਏ ਕਿ ਉਹੀ ਏਜੰਸੀਆਂ ਭਵਿੱਖ ਵਿੱਚ ਬੇਅਦਬੀਆਂ ਦੇ ਬਹਾਨੇ ਸਿੱਖਾਂ ਵਿਰੁੱਧ ਇਸੇ ਕਾਨੂੰਨ ਦੀ ਦੁਰਵਰਤੋਂ ਨਹੀਂ ਕਰਨਗੀਆਂ। ਜੇ ਅਜਿਹਾ ਹੁੰਦਾ ਹੈ ਤਾਂ ਅੱਜ ਜੋ ਪੰਜਾਬ ਵਿਧਾਨ ਸਭਾ ਵਿੱਚ ਬੈਠੇ ਹਨ, ਉਨ੍ਹਾਂ ਦੇ ਪੱਲੇ ਕੇਵਲ ਪਛਤਾਵਾ ਰਹਿ ਜਾਵੇਗਾ। ਇਸ ਕਰਕੇ ਜ਼ਰੂਰੀ ਹੈ ਕਿ ਇਸ ਕਾਨੂੰਨ ਦੇ ਮਸਲੇ ਨੂੰ ਮੌਜੂਦਾ ਸਿਆਸਤ 'ਚੋਂ ਬਾਹਰ ਨਿਕਲ ਕੇ ਦੇਖਿਆ ਤੇ ਸਮਝਿਆ ਜਾਵੇ। ਜਿੰਨਾ ਚਿਰ ਅਸੀਂ ਸਿਆਸੀ ਤੌਰ 'ਤੇ ਨਿਰਪੱਖ ਹੋ ਕੇ ਇਸ ਕਾਨੂੰਨ ਨੂੰ ਨਹੀਂ ਦੇਖਦੇ, ਉਤਨਾ ਚਿਰ ਸਾਨੂੰ ਇਸ ਕਾਨੂੰਨ ਦਾ ਕੋਝਾਪਣ ਨਜ਼ਰ ਨਹੀਂ ਆਵੇਗਾ।"

"ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਹ ਜਾਣਕਾਰੀ ਵੀ ਪੁੱਜੀ ਹੈ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਦਾ ਜੋ ਸੈਸ਼ਨ ੦੩ ਅਗਸਤ ੨੦੨੬ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ ਉਸ ਦੌਰਾਨ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, ੨੦੨੬' ਵਿੱਚ ਵਧੇਰੀ ਸੋਧ ਕੀਤੀ ਜਾ ਸਕਦੀ ਹੈ। ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਆਪ ਨੂੰ ਤਾਕੀਦ ਕੀਤੀ ਹੈ ਕਿ ਤੁਸੀਂ ਬਤੌਰ ਸਿੱਖ ਆਪਣਾ ਫ਼ਰਜ਼ ਪਛਾਣੋ ਅਤੇ ਸਰਕਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਦਰਜ ਕਰਵਾਈਆਂ ਸਿੱਖ ਭਾਵਨਾਵਾਂ ਅਨੁਸਾਰ ਕਾਨੂੰਨ ਵਿੱਚ ਸੋਧ ਕਰਨ ਲਈ ਆਖੋ। ਆਪ ਨੇ ਵਿਧਾਨ ਸਭਾ ਦੇ ੦੩ ਅਗਸਤ ੨੦੨੬ ਤੋਂ ਸ਼ੁਰੂ ਹੋਣ ਵਾਲੇ ਸੈਸ਼ਨ ਵਿੱਚ ਇਹ ਯਕੀਨੀ ਬਣਾਉਣਾ ਹੈ ਕਿ ਜਦੋਂ ਤੱਕ ਇਸ ਕਾਨੂੰਨ ਦੇ ਮਸਲੇ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਹਿਮਤੀ ਨਹੀਂ ਬਣ ਜਾਂਦੀ ਉਦੋਂ ਤੱਕ ਤੁਹਾਡੇ ਵੱਲੋਂ ਕਾਨੂੰਨ ਵਿੱਚ ਕੀਤੀ ਜਾਣ ਵਾਲੀ ਵਧੇਰੀ ਸੋਧ ਨੂੰ ਕੋਈ ਸਹਿਮਤੀ ਨਹੀਂ ਦਿੱਤੀ ਜਾਵੇਗੀ। ਵਿਧਾਨ ਸਭਾ ਅੰਦਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਭਾਵਨਾ ਅਨੁਸਾਰ ਪੱਖ ਰੱਖਣਾ ਆਪ ਦੀ ਧਾਰਮਿਕ ਜ਼ਿੰਮੇਵਾਰੀ ਹੋਵੇਗੀ।"

ਧੰਨਵਾਦ ਸਹਿਤ,

ਸ਼ੁਭਚਿੰਤਕ,

ਨੱਥੀ: ਪੰਜਾਬ ਸਰਕਾਰ ਵੱਲੋਂ ਮਿਤੀ ੨੯ ਜੁਲਾਈ ੨੦੨੬ ਨੂੰ
ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜਿਆ ਜਵਾਬ।

(ਬਗੀਚਾ ਸਿੰਘ)
ਇੰਚਾਰਜ,
ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ।

2

Phone/Fax : 0183-2540820 | E-Mail : info@sriakaltakhatsahibji.net

**ਅੰਮ੍ਰਿਤਸਰ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਨੂੰ ਲੈ ਕੇ ਚੱਲ ਰਹੇ ਵਿਵਾਦ ਦਰਮਿਆਨ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੂੰ ਇੱਕ ਸਖ਼ਤ ਅਤੇ ਅਹਿਮ ਆਦੇਸ਼ ਪੱਤਰ ਜਾਰੀ ਕੀਤਾ ਗਿਆ ਹੈ। ਇਹ ਪੱਤਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ਾਂ ਅਨੁਸਾਰ ਭੇਜਿਆ ਗਿਆ ਹੈ।ਆਦੇਸ਼ ਪੱਤਰ ਵਿੱਚ ਕਿਹਾ ਗਿਆ ਹੈ ਕਿ 24 ਜੁਲਾਈ 2026 ਨੂੰ ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤੇ ਗਏ ਇਸ ਸੋਧ ਐਕਟ ਸਬੰਧੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ 29 ਜੁਲਾਈ ਨੂੰ ਆਪਣਾ ਸਪੱਸ਼ਟ ਆਦੇਸ਼ ਜਾਰੀ ਕਰਦਿਆਂ ਕਿਹਾ ਸੀ ਕਿ ਸਰਕਾਰ ਇਸ ਕਾਨੂੰਨ ਨੂੰ ਤੁਰੰਤ ਵਾਪਸ ਲਵੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈਆਂ ਧਾਰਮਿਕ ਅਤੇ ਕਾਨੂੰਨੀ ਮਾਹਿਰਾਂ ਦੀ ਕਮੇਟੀ ਨਾਲ ਸਲਾਹ-ਮਸ਼ਵਰਾ ਕਰਕੇ ਹੀ ਅਗਲਾ ਫ਼ੈਸਲਾ ਲਵੇ। ਇਸ ਦੇ ਬਾਵਜੂਦ ਸਰਕਾਰ ਵੱਲੋਂ ਉਸ ਆਦੇਸ਼ ਦੀ ਪਾਲਣਾ ਨਾ ਕਰਨ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ ਹੈ। ਪੱਤਰ ਵਿੱਚ ਦਰਜ ਹੈ ਕਿ ਜਥੇਦਾਰ ਸਾਹਿਬ ਦਾ ਮੰਨਣਾ ਹੈ ਕਿ ਸਰਕਾਰ ਨੇ ਧਾਰਮਿਕ ਮਾਮਲੇ ਵਿੱਚ ਬਿਨਾਂ ਸਿੱਖ ਸੰਸਥਾਵਾਂ, ਵਿਦਵਾਨਾਂ ਅਤੇ ਪੰਥਕ ਜਥੇਬੰਦੀਆਂ ਨਾਲ ਵਿਆਪਕ ਵਿਚਾਰ-ਵਟਾਂਦਰਾ ਕੀਤੇ ਕਾਨੂੰਨ ਬਣਾਇਆ ਹੈ, ਜੋ ਪੰਥਕ ਮਰਿਆਦਾ ਅਤੇ ਸਿੱਖ ਭਾਵਨਾਵਾਂ ਦੇ ਅਨੁਕੂਲ ਨਹੀਂ ਹੈ। ਸਕੱਤਰੇਤ ਵੱਲੋਂ ਸਪੀਕਰ ਨੂੰ ਲਿਖੇ ਪੱਤਰ ਵਿੱਚ ਇਹ ਵੀ ਯਾਦ ਕਰਵਾਇਆ ਗਿਆ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਇੱਕ ਉੱਚ ਪੱਧਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਕਮੇਟੀ ਵਿੱਚ ਸੇਵਾਮੁਕਤ ਜਸਟਿਸ ਗੁਰਮੀਤ ਸਿੰਘ ਸੇਖੋਂ, ਸੇਵਾਮੁਕਤ ਜਸਟਿਸ ਮਹਿੰਦਰ ਪਾਲ ਸਿੰਘ ਬਾਜਵਾ, ਸੀਨੀਅਰ ਐਡਵੋਕੇਟ ਪ੍ਰਤਾਪ ਸਿੰਘ ਹੁੰਦਲ, ਸਿੱਖ ਵਿਦਵਾਨ ਡਾ. ਕੇਵਲ ਸਿੰਘ ਪੰਨੂ, ਪ੍ਰੋ. ਗੁਰਮੇਜਨ ਸਿੰਘ, ਪ੍ਰੋ. ਸੁਰਜੀਤ ਸਿੰਘ, ਅਤੇ ਹੋਰ ਪੰਥਕ ਵਿਦਵਾਨ ਸ਼ਾਮਲ ਹਨ। ਇਸ ਕਮੇਟੀ ਨੂੰ ਕਾਨੂੰਨ ਦਾ ਹਰ ਪੱਖ ਤੋਂ ਅਧਿਐਨ ਕਰਕੇ ਆਪਣੀ ਰਿਪੋਰਟ ਦੇਣ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਪੱਤਰ ਵਿੱਚ ਸਪੀਕਰ ਨੂੰ ਸਪੱਸ਼ਟ ਤੌਰ 'ਤੇ ਕਿਹਾ ਗਿਆ ਹੈ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਇਸ ਕਾਨੂੰਨ ਨੂੰ ਲਾਗੂ ਕਰਨ ਲਈ ਕੋਈ ਵੀ ਪ੍ਰਸ਼ਾਸਨਿਕ ਜਾਂ ਕਾਨੂੰਨੀ ਕਾਰਵਾਈ ਕੀਤੀ ਜਾਂਦੀ ਹੈ ਤਾਂ ਉਹ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾ ਸਕਦੀ ਹੈ। ਇਸ ਲਈ ਕਾਨੂੰਨ ਦੇ ਅਮਲ ਨੂੰ ਰੋਕਿਆ ਜਾਵੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇ। ਆਦੇਸ਼ ਪੱਤਰ ਵਿੱਚ ਇਹ ਵੀ ਦਰਜ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪਹਿਲਾਂ ਹੀ ਸਪੱਸ਼ਟ ਕੀਤਾ ਜਾ ਚੁੱਕਾ ਹੈ ਕਿ ਧਾਰਮਿਕ ਮਸਲਿਆਂ 'ਤੇ ਅੰਤਿਮ ਫ਼ੈਸਲਾ ਪੰਥਕ ਸਹਿਮਤੀ ਅਤੇ ਗੁਰਮਤਿ ਸਿਧਾਂਤਾਂ ਦੇ ਆਧਾਰ 'ਤੇ ਹੀ ਹੋਣਾ ਚਾਹੀਦਾ ਹੈ। ਇਸ ਲਈ ਪੰਜਾਬ ਸਰਕਾਰ ਨੂੰ ਕਾਨੂੰਨ ਵਾਪਸ ਲੈ ਕੇ ਮਾਹਿਰ ਕਮੇਟੀ ਨਾਲ ਵਿਚਾਰ-ਵਟਾਂਦਰਾ ਕਰਨਾ ਚਾਹੀਦਾ ਹੈ, ਤਾਂ ਜੋ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦਾ ਧਾਰਮਿਕ ਜਾਂ ਸਮਾਜਿਕ ਵਿਵਾਦ ਪੈਦਾ ਨਾ ਹੋਵੇ। ਪੱਤਰ ਦੇ ਅੰਤ ਵਿੱਚ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਪੀਕਰ ਨੂੰ ਬੇਨਤੀ ਕੀਤੀ ਗਈ ਹੈ ਕਿ ਜਥੇਦਾਰ ਸਾਹਿਬ ਦੇ ਆਦੇਸ਼ਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਵਿਧਾਨ ਸਭਾ ਅਤੇ ਸਰਕਾਰ ਨੂੰ ਇਸ ਸਬੰਧੀ ਯੋਗ ਕਾਰਵਾਈ ਲਈ ਸੂਚਿਤ ਕੀਤਾ ਜਾਵੇ, ਤਾਂ ਜੋ ਸਿੱਖ ਪੰਥ ਦੀਆਂ ਭਾਵਨਾਵਾਂ ਅਤੇ ਮਰਿਆਦਾ ਦਾ ਪੂਰਾ ਸਨਮਾਨ ਬਣਿਆ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

### ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲ 'ਚ ਆਪਣਾ ਹਰ ਵਾਅਦਾ ਕੀਤਾ ਪੂਰਾ

# ਹਰ ਇਕ ਵਰਗ ਦਾ ਬਣੀ ਸਹਾਰਾ ਪਾਰਟੀ- ਪ੍ਰੋ. ਬਲਜਿੰਦਰ ਕੌਰ



**ਤਲਵੰਡੀ ਸਾਬੋ, 31 ਜੁਲਾਈ ਗੁਰਜੰਟ ਸਿੰਘ ਨਥੇਹਾ)-** ਮੁੱਖ ਮੰਤਰੀ ਪੰਜਾਬ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿਛਲੇ ਸਾਢੇ ਚਾਰ ਸਾਲਾਂ 'ਚ ਆਪਣਾ ਹਰ ਇਕ ਵਾਅਦਾ ਪੂਰਾ ਕਰ ਚੁੱਕੀ ਹੈ ਅਤੇ ਸਮਾਜ ਦੇ ਹਰ ਇਕ ਵਰਗ ਦਾ ਸਹਾਰਾ ਬਣ ਕੇ ਉਭਰੀ ਹੈ। ਚੀਫ਼ ਵਿੱਪ ਕੈਬਨਿਟ ਰੈਂਕ ਅਤੇ ਵਿਧਾਇਕ ਤਲਵੰਡੀ ਸਾਬੋ ਪ੍ਰੋ. ਬਲਜਿੰਦਰ ਕੌਰ ਨੇ ਇਹ ਪ੍ਰਗਟਾਵਾ ਅੱਜ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਮੇਅਰ ਨਗਰ ਨਿਗਮ ਸ਼੍ਰੀ ਪਦਮਜੀਤ ਸਿੰਘ ਮਹਿਤਾ ਅਤੇ ਚੇਅਰਮੈਨ ਸ਼ੂਗਰਫੈਡ ਅਤੇ ਲੋਕ ਸਭਾ ਹਲਕਾ ਬਠਿੰਡਾ ਇੰਚਾਰਜ ਸ਼੍ਰੀ ਨਵਦੀਪ ਸਿੰਘ ਜੀਦਾ ਵੀ ਉਨ੍ਹਾਂ ਨਾਲ ਹਾਜ਼ਰ ਸਨ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹਮੇਸ਼ਾ ਸਫਾਈ ਕਰਮਚਾਰੀਆਂ ਦੇ ਹਿੱਤਾਂ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ। ਉਹਨਾਂ ਕਿਹਾ ਕਿ ਸਰਕਾਰ ਸਫਾਈ ਕਰਮਚਾਰੀਆਂ ਦੀਆਂ ਹੋਰ ਲੰਬਿਤ ਮੰਗਾਂ 'ਤੇ ਵੀ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ ਅਤੇ ਪੜਾਅਵਾਰ ਢੰਗ ਨਾਲ ਉਨ੍ਹਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪੰਜਾਬ ਵਿੱਚ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਅਨੇਕਾਂ ਲੋਕ ਹਿਤੈਸ਼ੀ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਇੱਕ ਪੰਜਾਬੀ ਨੂੰ ਕੀਤੇ ਗਏ ਵਾਅਦਿਆਂ 'ਤੇ ਖਰਾ ਉਤਰਦਿਆਂ ਹਰ ਇਕ ਵਾਅਦਾ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਘਰੇਲੂ ਖਪਤਕਾਰਾਂ ਲਈ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦੀ ਯੋਜਨਾ ਲਾਗੂ ਕੀਤੀ ਜੋ ਨਿਰੰਤਰ ਜਾਰੀ ਹੈ। ਇਸ ਨਾਲ 80 ਫੀਸਦੀ ਤੋਂ ਵੱਧ ਬਿਜਲੀ ਖਪਤਕਾਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਲਈ ਵੀ ਸਰਕਾਰ ਵਰਦਾਨ ਸਾਬਤ ਹੋਈ ਹੈ, ਜਿੰਨ੍ਹਾਂ ਨੂੰ ਟੇਲਾਂ ਤੱਕ ਸਿੰਚਾਈ ਲਈ ਪਾਣੀ ਪਹੁੰਚਾਇਆਂ ਅਤੇ ਨਿਰੰਤਰ ਬਿਜਲੀ ਦੀ ਸਪਲਾਈ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 10 ਲੱਖ ਤੱਕ ਦਾ ਮੁਫ਼ਤ ਇਲਾਜ ਹਰ ਇਕ ਸਰਕਾਰੀ ਹਸਪਤਾਲ 'ਚ ਮਿਲ ਰਿਹਾ ਹੈ। ਇਹ ਪਹਿਲੀ ਵਾਰ ਹੈ ਕਿ ਸਰਕਾਰੀ ਹਸਪਤਾਲਾਂ ਚ ਗੋਡੇ ਬਦਲਣ ਅਤੇ ਚੂਲੇ ਬਦਲਣ ਦਾ ਇਲਾਜ ਮੁਫ਼ਤ ਕੀਤਾ ਜਾ ਰਿਹਾ ਹੈ। ਸਿਹਤ ਖੇਤਰ 'ਚ ਸਰਕਾਰ ਵੱਲੋਂ ਖੋਲ੍ਹੇ ਗਏ ਆਮ ਆਦਮੀ ਕਲੀਨਿਕ ਮੁਫ਼ਤ ਦਵਾਈਆਂ ਅਤੇ ਟੈਸਟਾਂ ਦੀ ਸਹੂਲਤ ਦੇ ਰਹੇ ਹਨ। ਨਾਲ ਹੀ ਸੂਬੇ ਦੇ ਵਾਸੀਆਂ ਦੀ ਸਿਹਤ ਦਾ ਵਿਸ਼ੇਸ਼ ਖ਼ਿਆਲ ਰੱਖਦਿਆਂ ਸਰਕਾਰ ਵੱਲੋਂ ਸੀ ਐਮ ਦੀ ਯੋਗਸ਼ਾਲਾ ਤਹਿਤ ਹਜ਼ਾਰਾਂ ਲੋਕਾਂ ਨੂੰ ਰੋਜ਼ਾਨਾ ਯੋਗਾ ਕਰਵਾਈ ਜਾਂਦੀ ਹੈ। ਪੰਜਾਬ 'ਚ ਸਰਕਾਰੀ ਸਕੂਲਾਂ ਦੇ ਸੁਧਾਰ ਤੇ ਸਕੂਲ ਆਫ ਐਮੀਨੈਂਸ ਮਾਡਲ ਸ਼ੁਰੂ ਕੀਤੇ ਗਏ। ਅਧਿਆਪਕਾਂ ਦੇ ਵੱਖ-ਵੱਖ ਬੈਚਾਂ ਨੂੰ ਵਿਸ਼ੇਸ਼ ਸਿਖਲਾਈ ਲਈ ਸਿੰਘਾਪੁਰ ਦੇ ਵਿੱਦਿਅਕ ਦੌਰੇ ਵੀ ਕਰਵਾਏ ਗਏ। ਹਰ ਇਕ ਵਿਧਾਇਕ ਆਪਣੇ ਹਲਕੇ ਸਰਕਾਰੀ ਸਕੂਲਾਂ ਚ ਜਾ ਕੇ ਕੰਮ ਕਰ ਰਿਹਾ ਹੈ ਤਾਂ ਜੋ ਵਿਦਿਆਰਥੀਆਂ ਦੇ ਪੱਧਰ ਨੂੰ ਨਿਰੰਤਰ ਸੁਧਾਰਿਆ ਜਾ ਸਕੇ। ਇਸ ਤੋਂ ਇਲਾਵਾ ਹੁਣ ਮਹਿਲਾਵਾਂ ਨੂੰ ਮਾਵਾਂ ਧੀਆਂ ਸਤਕਾਰ ਯੋਜਨਾ ਤਹਿਤ ਹਰ ਮਹੀਨੇ ਪੈਸੇ ਦਿੱਤੇ ਜਾ ਰਹੇ ਹਨ।

**☛ ਸਫਾਈ ਕਰਮਚਾਰੀਆਂ ਦੀ ਭਲਾਈ ਨੂੰ ਮੁੱਖ ਤਰਜੀਹ ਦੇ ਰਹੀ ਹੈ ਪੰਜਾਬ ਸਰਕਾਰ- ਪ੍ਰੋ. ਬਲਜਿੰਦਰ ਕੌਰ ☛ ਸਫਾਈ ਕਰਮਚਾਰੀ ਯੂਨੀਅਨਾਂ ਨੂੰ ਸਰਕਾਰ ਨੂੰ ਸਹਿਯੋਗ ਕਰਨ ਦੀ ਕੀਤੀ ਅਪੀਲ**

## ਵਾਰਿਸ ਪੰਜਾਬ ਦੇ ਜਥੇਬੰਦੀ ਦੀ ਨਲਾਇਕੀ ਕਾਰਨ ਚੰਡੀਗੜ੍ਹ ਪੁਲਿਸ ਨੂੰ ਮਿਲਿਆ 'ਖੁੱਲ੍ਹਾ ਲਾਇਸੈਂਸ'

### 3,000 ਅਣਪਛਾਤਿਆਂ ਦੇ ਨਾਂ 'ਤੇ ਪੰਜਾਬ ਦੇ ਕਿਸੇ ਵੀ ਨੌਜਵਾਨ ਨੂੰ ਬਾਏ-ਨੇਮ ਫਸਾਉਣ ਦਾ ਰਸਤਾ ਸਾਫ਼

ਬਿਨਾਂ ਰਣਨੀਤੀ ਮਾਰਚ ਦਾ ਖ਼ਾਮਿਆਜ਼ਾ ਭੁਗਤਣਗੇ ਬੇਗੁਨਾਹ! 3 ਹਜ਼ਾਰ 'ਅਣਪਛਾਤਿਆਂ' 'ਤੇ ਪਰਚਾ ਦਰਜ ਕਰਵਾ ਕੇ ਪੁਲਿਸ ਨੂੰ ਸੌਂਪਿਆ ਠੇਕਾ, ਹੁਣ ਕਿਸੇ ਵੀ ਪੰਜਾਬੀ ਨੌਜਵਾਨ 'ਤੇ ਲਟਕ ਸਕਦੀ ਹੈ ਗ੍ਰਿਫ਼ਤਾਰੀ ਦੀ ਤਲਵਾਰ

**ਨੌਜਵਾਨਾਂ 'ਤੇ ਲਟਕੀ ਗ੍ਰਿਫ਼ਤਾਰੀ ਦੀ ਤਲਵਾਰ**-ਵਾਰਿਸ ਪੰਜਾਬ ਦੇ ਅਤੇ ਹੋਰ ਜਥੇਬੰਦੀਆਂ ਵੱਲੋਂ ਬਿਨਾਂ ਕਿਸੇ ਠੋਸ ਯੋਜਨਾਬੰਦੀ ਦੇ ਕੀਤੇ ਗਏ ਇਸ ਪ੍ਰਦਰਸ਼ਨ ਦੇ ਸਿੱਟੇ ਵਜੋਂ ਚੰਡੀਗੜ੍ਹ ਪੁਲਿਸ ਦੇ ਹੱਥ ਵੱਡਾ ਅਧਿਕਾਰ ਲੱਗ ਗਿਆ ਹੈ। ਐਫਆਈਆਰ ਵਿੱਚ 3,000 ਦੇ ਕਰੀਬ ਅਣਪਛਾਤੇ ਲੋਕਾਂ ਨੂੰ ਦੋਸ਼ੀ ਬਣਾਇਆ ਗਿਆ ਹੈ। ਇਸ ਦਾ ਮਤਲਬ ਹੈ ਕਿ ਪੁਲਿਸ ਹੁਣ ਵੀਡੀਓ ਫੁਟੇਜ, ਮੋਬਾਈਲ ਲੋਕੇਸ਼ਨ ਜਾਂ ਕਿਸੇ ਵੀ ਸ਼ੱਕ ਦੇ ਅਧਾਰ 'ਤੇ ਪੰਜਾਬ ਦੇ ਕਿਸੇ ਵੀ ਨੌਜਵਾਨ ਨੂੰ "ਅਣਪਛਾਤੇ ਪ੍ਰਦਰਸ਼ਨਕਾਰੀ" ਵਜੋਂ ਬਾਏ-ਨੇਮ (ਨਾਮਜ਼ਦ) ਕਰਕੇ ਚੁੱਕ ਸਕਦੀ ਹੈ। ਜਥੇਬੰਦੀ ਦੀ ਅਗਵਾਈ ਦੀ ਇਸ ਲਾਪਰਵਾਹੀ ਨੇ ਪੰਜਾਬ ਦੇ ਅਨੇਕਾਂ ਬੇਗੁਨਾਹ ਨੌਜਵਾਨਾਂ ਦੇ ਭਵਿੱਖ ਨੂੰ ਕਾਨੂੰਨੀ ਸ਼ਿਕੰਜੇ ਵਿੱਚ ਫਸਾਉਣ ਦਾ ਰਸਤਾ ਖੋਲ੍ਹ ਦਿੱਤਾ ਹੈ।

ਮੁੱਖ ਮੰਤਰੀ ਕੋਠੀ ਘੇਰਾਓ ਮਾਮਲੇ ਅਤੇ ਐਫਆਈਆਰ ਦੀ ਸੰਪੂਰਨ ਡਿਟੇਲ

**ਮਾਮਲੇ ਦਾ ਪਿਛੋਕੜ ਤੇ ਘਟਨਾ ਸਥਾਨ**

29 ਜੁਲਾਈ ਨੂੰ ਬੰਦੀ ਸਿੰਘਾਂ ਅਤੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਮੋਹਾਲੀ ਤੋਂ ਚੰਡੀਗੜ੍ਹ ਵੱਲ ਮੁੱਖ ਮੰਤਰੀ ਦੀ ਕੋਠੀ ਦਾ ਘੇਰਾਓ ਕਰਨ ਲਈ ਮਾਰਚ ਕੱਢਿਆ ਗਿਆ ਸੀ। ਇਹ ਪੂਰੀ ਘਟਨਾ ਸੈਕਟਰ 45/46 ਅਤੇ 50/51 ਦੇ ਗੌਸ਼ਾਲਾ ਚੌਂਕ (ਚੰਡੀਗੜ੍ਹ) ਵਿਖੇ ਵਾਪਰੀ, ਜਿੱਥੇ ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿਚਾਲੇ ਤਿੱਖੀ ਝੜਪ ਹੋਈ।

**ਦੋਸ਼ੀ ਬਣਾਏ ਗਏ ਵਿਅਕਤੀ**-ਇਸ ਮਾਮਲੇ ਵਿੱਚ 15 ਨਾਮਜ਼ਦ ਆਗੂਆਂ ਦੇ ਨਾਲ-ਨਾਲ 2,500 ਤੋਂ 3,000 ਅਣਪਛਾਤੇ ਲੋਕਾਂ/ਸਮਰਥਕਾਂ ਖ਼ਿਲਾਫ਼ ਪਰਚਾ ਦਰਜ ਕੀਤਾ ਗਿਆ ਹੈ। ਨਾਮਜ਼ਦ ਕੀਤੇ ਗਏ ਮੁੱਖ ਆਗੂਆਂ ਵਿੱਚ ਮਨਪ੍ਰੀਤ ਸਿੰਘ ਇਯਾਲੀ (ਵਿਧਾਇਕ), ਲੱਖਾ ਸਿਧਾਨਾ, ਐਡਵੋਕੇਟ ਇਮਾਨ ਸਿੰਘ ਖਹਿਰਾ, ਕਰਨੈਲ ਸਿੰਘ ਪੰਜੋਲੀ, ਸਤਿੰਦਰਜੀਤ ਸਿੰਘ ਗਿੱਲ, ਕਬਲ ਸਿੰਘ ਭੁੱਲਰ, ਜਗਦੀਪ ਸਿੰਘ ਕਾਂਸਲਾ, ਇਕਬਾਲ ਸਿੰਘ ਸੰਧੂ, ਪਰਮਜੀਤ ਸਿੰਘ ਜੋਹਲ, ਅਜੀਬ ਸਿੰਘ ਮਖਮੈਲਪੁਰ, ਚਮਕੌਰ ਸਿੰਘ ਧੂਣ, ਜਸਵਿੰਦਰ ਸਿੰਘ ਡਰੋਲੀ, ਇਕਬਾਲ ਸਿੰਘ ਝੂੰਦਾ, ਅਤੇ ਭਾਨਾ ਸਿੱਧੂ ਆਦਿ ਸ਼ਾਮਲ ਹਨ।

**ਲਗਾਈਆਂ ਗਈਆਂ ਕਾਨੂੰਨੀ ਧਾਰਾਵਾਂ**-ਚੰਡੀਗੜ੍ਹ ਪੁਲਿਸ ਵੱਲੋਂ ਭਾਰਤੀ ਨਿਆਇ ਸੰਹਿਤਾ ਦੀਆਂ ਧਾਰਾਵਾਂ 121(1) (ਸਰਕਾਰੀ ਮੁਲਾਜ਼ਮ ਨੂੰ ਡਿਊਟੀ ਤੋਂ ਰੋਕਣ ਲਈ ਸੱਟ ਪਹੁੰਚਾਉਣਾ), 132 (ਸਰਕਾਰੀ ਸੇਵਕ 'ਤੇ ਹਮਲਾ), 223 (ਸਰਕਾਰੀ ਹੁਕਮਾਂ ਦੀ ਉਲੰਘਣਾ) ਅਤੇ BNSS ਦੀ ਧਾਰਾ 163 (ਚੰਡੀਗੜ੍ਹ ਵਿੱਚ ਲਾਗੂ ਧਾਰਾ 144/ਇਕੱਠ 'ਤੇ ਰੋਕ) ਦੀ ਉਲੰਘਣਾ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

**ਪੁਲਿਸ ਦੇ ਬਿਆਨ ਅਤੇ ਦੋਸ਼**-ਪੁਲਿਸ ਦੇ ਬਿਆਨ ਮੁਤਾਬਕ ਪ੍ਰਦਰਸ਼ਨਕਾਰੀਆਂ ਨੇ ਚੰਡੀਗੜ੍ਹ ਪੁਲਿਸ ਵੱਲੋਂ ਲਗਾਏ ਬੈਰੀਕੇਡ ਤੋੜੇ ਅਤੇ ਹਾਈ-ਸਕਿਓਰਿਟੀ ਜ਼ੋਨ ਵੱਲ ਵਧਣ ਦੀ ਕੋਸ਼ਿਸ਼ ਕੀਤੀ। ਪੁਲਿਸ ਦੀ ਵਾਟਰ ਕੈਨਨ (ਪਾਣੀ ਵਾਲੀ ਤੋਪ) ਦੀ ਗੱਡੀ 'ਤੇ ਚੜ੍ਹ ਕੇ ਉਸ ਦੇ ਨੋਜ਼ਲ ਨੂੰ ਨੁਕਸਾਨ ਪਹੁੰਚਾਇਆ ਗਿਆ ਅਤੇ ਡਰਾਈਵਰ (ASI ਗੁਰਜੀਤ ਸਿੰਘ) ਨਾਲ ਕੁੱਟਮਾਰ ਕੀਤੀ ਗਈ, ਜਿਸ ਨਾਲ ਉਸ ਦੀ ਬਾਂਹ ਫ੍ਰੈਕਚਰ ਹੋ ਗਈ। ਇਸ ਝੜਪ ਵਿੱਚ SSP ਕੰਵਰਦੀਪ ਕੌਰ ਸਮੇਤ 15 ਤੋਂ ਵੱਧ ਪੁਲਿਸ ਮੁਲਾਜ਼ਮ ਜ਼ਖਮੀ ਹੋਏ ਹਨ।

**ਪੁਲਿਸ ਦੀ ਅਗਲੀ ਕਾਰਵਾਈ**-ਚੰਡੀਗੜ੍ਹ ਪੁਲਿਸ ਮੁਤਾਬਕ ਘਟਨਾ ਦੀਆਂ ਵੀਡੀਓਜ਼, ਸੀਸੀਟੀਵੀ ਅਤੇ ਡਰੋਨ ਫੁਟੇਜ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਇਸ ਜਾਂਚ ਦੇ ਅਧਾਰ 'ਤੇ ਹੀ ਅਣਪਛਾਤੇ 3,000 ਲੋਕਾਂ ਵਿੱਚੋਂ ਇੱਕ-ਇੱਕ ਨੌਜਵਾਨ ਦੀ ਪਛਾਣ ਕਰਕੇ ਉਨ੍ਹਾਂ ਨੂੰ ਮਾਮਲੇ ਵਿੱਚ ਬਾਏ-ਨੇਮ ਨਾਮਜ਼ਦ ਕੀਤਾ ਜਾਵੇਗਾ।

**-ਪਰਗਟ ਸਿੰਘ ਬਲਬੇੜਾ, 9022000070**

### ਅਕਾਲ ਅਕੈਡਮੀ ਮਾਧੋਪੁਰ ਦੀਆਂ ਅੰਡਰ-14 ਅਤੇ ਅੰਡਰ-17 ਵਾਲੀਬਾਲ ਟੀਮਾਂ ਨੇ

# ਜ਼ੋਨ ਪੱਧਰੀ ਮੁਕਾਬਲਿਆਂ ਵਿੱਚ ਹਾਸਲ ਕੀਤਾ ਪਹਿਲਾ ਸਥਾਨ



**ਨਵੀਂ ਦਿੱਲੀ 31 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-** ਕਲਗੀਧਰ ਟਰੱਸਟ, ਬੜੂ ਸਾਹਿਬ ਅਧੀਨ ਸੰਚਾਲਿਤ ਅਕਾਲ ਅਕੈਡਮੀ ਮਾਧੋਪੁਰ ਦੀਆਂ ਵਿਦਿਆਰਥਣਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਕਾਲਜ, ਫਤਿਹਗੜ੍ਹ ਸਾਹਿਬ ਵਿਖੇ ਕਰਵਾਏ ਗਏ ਜ਼ੋਨ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਾਲੀਬਾਲ ਦੇ ਅੰਡਰ-14 ਅਤੇ ਅੰਡਰ-17 ਵਰਗ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਅਕੈਡਮੀ ਦਾ ਨਾਮ ਰੌਸ਼ਨ ਕੀਤਾ। ਦੋਵੇਂ ਵਰਗਾਂ ਦੀਆਂ ਟੀਮਾਂ ਨੇ ਮੁਕਾਬਲਿਆਂ ਦੌਰਾਨ ਬਿਹਤਰੀਨ ਖੇਡ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਪ੍ਰਦਰਸ਼ਨ ਕਰਦਿਆਂ ਵਿਰੋਧੀ ਟੀਮਾਂ ਨੂੰ ਹਰਾਇਆ ਅਤੇ ਜੇਤੂ ਟਰਾਫੀਆਂ ਆਪਣੇ ਨਾਮ ਕੀਤੀਆਂ। ਇਸ ਸ਼ਾਨਦਾਰ ਪ੍ਰਾਪਤੀ ਨਾਲ ਅਕਾਲ ਅਕੈਡਮੀ ਮਾਧੋਪੁਰ ਅਤੇ ਕਲਗੀਧਰ ਟਰੱਸਟ ਦਾ ਮਾਣ ਹੋਰ ਵਧਿਆ ਹੈ। ਇਸ ਮੌਕੇ ਅਕੈਡਮੀ ਦੇ ਕੋਚ ਸ. ਕਮਲਜੀਤ ਸਿੰਘ ਨੇ ਜੇਤੂ ਖਿਡਾਰਣਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸਫ਼ਲਤਾ ਉਨ੍ਹਾਂ ਦੀ ਅਣਥੱਕ ਮਿਹਨਤ, ਲਗਨ, ਅਨੁਸ਼ਾਸਨ ਅਤੇ ਨਿਯਮਿਤ ਅਭਿਆਸ ਦਾ ਨਤੀਜਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਵਿਦਿਆਰਥਣਾਂ ਆਉਣ ਵਾਲੇ ਮੁਕਾਬਲਿਆਂ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਨਗੀਆਂ। ਅਕੈਡਮੀ ਦੀ ਪ੍ਰਿੰਸੀਪਲ ਕੁਲਦੀਪ ਕੌਰ ਰਾਏ ਨੇ ਜੇਤੂ ਟੀਮਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੀਆਂ ਵਿਦਿਆਰਥਣਾਂ ਦੀ ਇਸ ਉਪਲਬਧੀ 'ਤੇ ਮਾਣ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਟੀਮ ਭਾਵਨਾ ਅਤੇ ਲੀਡਰਸ਼ਿਪ ਦੇ ਗੁਣਾਂ ਦਾ ਵਿਕਾਸ ਕਰਦੀਆਂ ਹਨ। ਉਨ੍ਹਾਂ ਉਮੀਦ ਜਤਾਈ ਕਿ ਵਿਦਿਆਰਥਣਾਂ ਖੇਡਾਂ ਦੇ ਨਾਲ-ਨਾਲ ਪੜ੍ਹਾਈ ਵਿੱਚ ਵੀ ਇਸੇ ਤਰ੍ਹਾਂ ਉੱਚੀਆਂ ਉਪਲਬਧੀਆਂ ਹਾਸਲ ਕਰਕੇ ਅਕੈਡਮੀ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਨਗੀਆਂ। ਅੰਤ ਵਿੱਚ ਅਕੈਡਮੀ ਪ੍ਰਬੰਧਕਾਂ ਅਤੇ ਸਮੂਹ ਸਟਾਫ਼ ਨੇ ਜੇਤੂ ਖਿਡਾਰਣਾਂ, ਕੋਚ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਭਵਿੱਖ ਦੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਜਨਮ ਦਿਨ ਮੁਬਾਰਕ





ਤਵਨੂਰਜੋਤ ਕੌਰ, ਪਿਤਾ ਬਚਿੱਤਰ ਸਿੰਘ ਸੰਧੂ, ਮਾਤਾ ਰਵਿੰਦਰ ਕੌਰ, ਪਿੰਡ ਮੁੱਛਲ, ਜ਼ਿਲ੍ਹਾ ਅੰਮ੍ਰਿਤਸਰ ਸਾਹਿਬ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)





ਸਰਗੁਨ ਕੌਰ
ਪਿਤਾ ਸੁਖਮਨਦੀਪ ਸਿੰਘ
ਮਾਤਾ ਸਿਮਰਨਜੀਤ ਕੌਰ
ਵਾਸੀ ਤਾਰਾਗੜ੍ਹ
ਜੰਡਿਆਲਾ ਗੁਰੂ
ਪੋਤਰੀ ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਡਾਇਰੈਕਟਰ ਤੇਜਬੀਰ ਸਿੰਘ ਸੋਹਲ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ ਨੇ ਕਿਹਾ

# ਹਰਿਆਲੀ ਅਤੇ ਦਰਖਤਾਂ ਦੀ ਅਹਿਮੀਅਤ





ਚੌਕ ਮਹਿਤਾ,31 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ) ਪ੍ਰਕਿਰਤੀ ਮਨੁੱਖ ਲਈ ਪਰਮਾਤਮਾ ਵੱਲੋਂ ਦਿੱਤਾ ਗਿਆ ਸਭ ਤੋਂ ਕੀਮਤੀ ਤੋਹਫ਼ਾ ਹੈ। ਪ੍ਰਕਿਰਤੀ ਦੀ ਸੁੰਦਰਤਾ ਨੂੰ ਵਧਾਉਣ ਵਿੱਚ ਹਰਿਆਲੀ ਅਤੇ ਦਰਖਤਾਂ ਦਾ ਸਭ ਤੋਂ ਵੱਡਾ ਯੋਗਦਾਨ ਹੁੰਦਾ ਹੈ। ਜਿੱਥੇ ਹਰੇ-ਭਰੇ ਰੁੱਖ, ਬੂਟੇ ਅਤੇ ਖੇਤ ਹੁੰਦੇ ਹਨ, ਉੱਥੇ ਵਾਤਾਵਰਣ ਸੁੱਚਾ, ਮਨ ਸ਼ਾਂਤ ਅਤੇ ਜੀਵਨ ਖੁਸ਼ਹਾਲ ਹੁੰਦਾ ਹੈ। ਦਰਖਤ ਮਨੁੱਖੀ ਜੀਵਨ ਦਾ ਆਧਾਰ ਹਨ। ਇਹ ਸਿਰਫ਼ ਸਾਨੂੰ ਆਕਸੀਜਨ ਹੀ ਨਹੀਂ ਦਿੰਦੇ, ਸਗੋਂ ਧਰਤੀ 'ਤੇ ਜੀਵਨ ਨੂੰ ਕਾਇਮ ਰੱਖਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਵਿਚਾਰ ਡਾਇਰੈਕਟਰ ਸ਼੍ ਤੇਜਬੀਰ ਸਿੰਘ ਸੋਹਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ ਅਤੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜ ਚੌਕ ਮਹਿਤਾ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਪ੍ਰਦੂਸ਼ਣ ਅਤੇ ਗਲੋਬਲ ਵਾਰਮਿੰਗ ਵਰਗੀਆਂ ਸਮੱਸਿਆਵਾਂ ਵੱਧ ਰਹੀਆਂ ਹਨ, ਉਸ ਵੇਲੇ ਹਰਿਆਲੀ ਦੀ ਮਹੱਤਤਾ ਹੋਰ ਵੀ ਵੱਧ ਜਾਂਦੀ ਹੈ। ਦਰਖਤ ਮਨੁੱਖ ਦੇ ਸੱਚੇ ਅਤੇ ਨਿਸ਼ਕਾਮ ਮਿੱਤਰ ਹਨ। ਇਹ ਸਾਡੇ ਤੋਂ ਕੁਝ ਨਹੀਂ ਮੰਗਦੇ, ਪਰ ਸਾਨੂੰ ਬਹੁਤ ਕੁਝ ਦਿੰਦੇ ਹਨ। ਦਰਖਤ ਸਾਨੂੰ ਸਾਹ ਲਈ ਸ਼ੁੱਧ ਆਕਸੀਜਨ ਪ੍ਰਦਾਨ ਕਰਦੇ ਹਨ ਅਤੇ ਹਾਨੀਕਾਰਕ ਗੈਸਾਂ ਨੂੰ ਆਪਣੇ ਵਿੱਚ ਸੋਖ ਲੈਂਦੇ ਹਨ। ਜੇ ਧਰਤੀ 'ਤੇ ਦਰਖਤ ਨਾ ਹੋਣ ਤਾਂ ਮਨੁੱਖੀ ਜੀਵਨ ਸੰਭਵ ਨਹੀਂ ਰਹੇਗਾ। ਇਸ ਲਈ ਦਰਖਤਾਂ ਨੂੰ "ਧਰਤੀ ਦੇ ਫੇਫੜੇ"ਵੀ ਕਿਹਾ ਜਾਂਦਾ ਹੈ। ਦਰਖਤ ਸਾਨੂੰ ਫਲ, ਫੁੱਲ, ਲੱਕੜ, ਔਸ਼ਧੀਆਂ ਅਤੇ ਕਈ ਪ੍ਰਕਾਰ ਦੀਆਂ ਜੜੀਆਂ-ਬੂਟੀਆਂ ਦਿੰਦੇ ਹਨ। ਬਹੁਤ ਸਾਰੀਆਂ ਦਵਾਈਆਂ ਦਰਖਤਾਂ ਅਤੇ ਪੌਦਿਆਂ ਤੋਂ ਹੀ ਬਣਦੀਆਂ ਹਨ। ਨੀਮ, ਤੁਲਸੀ, ਪੀਪਲ ਅਤੇ ਬਰਗਦ ਵਰਗੇ ਦਰਖਤ ਸਿਹਤ ਲਈ ਬਹੁਤ ਲਾਭਦਾਇਕ ਹਨ। ਪਿੰਡਾਂ ਵਿੱਚ ਲੋਕ ਅੱਜ ਵੀ ਘਰੇਲੂ ਇਲਾਜ ਲਈ ਇਨ੍ਹਾਂ ਦੀ ਵਰਤੋਂ ਕਰਦੇ ਹਨ ਦਰਖਤ ਵਾਤਾਵਰਣ ਨੂੰ ਸੁੱਚਾ ਅਤੇ ਤਾਜ਼ਾ ਬਣਾਉਂਦੇ ਹਨ। ਇਹ ਹਵਾ ਵਿੱਚ ਮੌਜੂਦ ਧੂੜ ਅਤੇ ਪ੍ਰਦੂਸ਼ਿਤ ਤੱਤਾਂ ਨੂੰ ਘਟਾਉਂਦੇ ਹਨ। ਜਿੱਥੇ ਵੱਧ ਦਰਖਤ ਹੁੰਦੇ ਹਨ, ਉੱਥੇ ਮੌਸਮ ਠੰਡਾ ਅਤੇ ਸੁਹਾਵਣਾ ਰਹਿੰਦਾ ਹੈ। ਸ਼ਹਿਰਾਂ ਵਿੱਚ ਵਧ ਰਹੇ ਧੂਏ ਅਤੇ ਫੈਕਟਰੀਆਂ ਕਾਰਨ ਹਵਾ ਪ੍ਰਦੂਸ਼ਿਤ ਹੋ ਰਹੀ ਹੈ, ਜਿਸ ਨਾਲ ਕਈ ਬਿਮਾਰੀਆਂ ਪੈਦਾ ਹੋ ਰਹੀਆਂ ਹਨ। ਜੇ ਅਸੀਂ ਵੱਧ ਤੋਂ ਵੱਧ ਰੁੱਖ ਲਗਾਈਏ ਤਾਂ ਪ੍ਰਦੂਸ਼ਣ ਨੂੰ ਘਟਾਇਆ ਜਾ ਸਕਦਾ ਹੈ ਦਰਖਤ ਬਾਰਸ਼ ਲਿਆਉਣ ਵਿੱਚ ਵੀ ਸਹਾਇਕ ਹੁੰਦੇ ਹਨ। ਜੰਗਲਾਂ ਅਤੇ ਹਰਿਆਲੀ ਵਾਲੇ ਇਲਾਕਿਆਂ ਵਿੱਚ ਮੀਂਹ ਵੱਧ ਪੈਂਦਾ ਹੈ। ਜੇ ਦਰਖਤਾਂ ਦੀ ਕਟਾਈ ਜਾਰੀ ਰਹੀ ਤਾਂ ਧਰਤੀ ਬੰਜਰ ਬਣ ਸਕਦੀ ਹੈ ਅਤੇ ਪਾਣੀ ਦੀ ਘਾਟ ਪੈ ਸਕਦੀ ਹੈ। ਇਸ ਲਈ ਹਰਿਆਲੀ ਜੀਵਨ ਲਈ ਬਹੁਤ ਜ਼ਰੂਰੀ ਹੈ। ਦਰਖਤ ਮਿੱਟੀ ਨੂੰ ਕਟਾਅ ਤੋਂ ਬਚਾਉਂਦੇ ਹਨ। ਜਦੋਂ ਭਾਰੀ ਮੀਂਹ ਜਾਂ ਹਵਾਵਾਂ ਚਲਦੀਆਂ ਹਨ ਤਾਂ ਦਰਖਤਾਂ ਦੀਆਂ ਜੜਾਂ ਮਿੱਟੀ ਨੂੰ ਮਜ਼ਬੂਤੀ ਨਾਲ ਫੜ ਕੇ ਰੱਖਦੀਆਂ ਹਨ। ਜਿੱਥੇ ਦਰਖਤ ਘੱਟ ਹੁੰਦੇ ਹਨ, ਉੱਥੇ ਬਾੜਾਂ ਅਤੇ ਮਿੱਟੀ ਦੇ ਕਟਾਅ ਦਾ ਖਤਰਾ ਵੱਧ ਜਾਂਦਾ ਹੈ। ਇਸ ਕਾਰਨ ਖੇਤੀਬਾੜੀ ਨੂੰ ਵੀ ਨੁਕਸਾਨ ਹੁੰਦਾ ਹੈ। ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ ਨੇ ਕਿਹਾ ਕਿ ਇਸ ਲਈ ਕਿਸਾਨਾਂ ਲਈ ਵੀ ਦਰਖਤ ਬਹੁਤ ਮਹੱਤਵਪੂਰਨ ਹਨ ਦਰਖਤ ਕਈ ਪੰਛੀਆਂ ਅਤੇ ਜਾਨਵਰਾਂ ਦਾ ਘਰ ਹੁੰਦੇ ਹਨ। ਪੰਛੀ ਦਰਖਤਾਂ 'ਤੇ ਆਪਣੇ ਘੋਸਲੇ ਬਣਾਉਂਦੇ ਹਨ ਅਤੇ ਜੰਗਲੀ ਜਾਨਵਰ ਜੰਗਲਾਂ ਵਿੱਚ ਰਹਿੰਦੇ ਹਨ। ਜੇ ਦਰਖਤਾਂ ਦੀ ਕਟਾਈ ਹੋਵੇਗੀ ਤਾਂ ਇਹ ਜੀਵ ਬੇਘਰ ਹੋ ਜਾਣਗੇ ਅਤੇ ਕੁਦਰਤੀ ਸੰਤੁਲਨ ਖਰਾਬ ਹੋ ਜਾਵੇਗਾ। ਇਸ ਲਈ ਜੀਵ-ਜੰਤੂਆਂ ਦੀ ਰੱਖਿਆ ਲਈ ਵੀ ਹਰਿਆਲੀ ਬਹੁਤ ਜ਼ਰੂਰੀ ਹੈ ਅੱਜ ਦੇ ਸਮੇਂ ਵਿੱਚ ਉਦਯੋਗੀਕਰਨ, ਸ਼ਹਿਰੀਕਰਨ ਅਤੇ ਵਧਦੀ ਆਬਾਦੀ ਕਾਰਨ ਦਰਖਤਾਂ ਦੀ ਅੰਨ੍ਹੇਵਾਹ ਕਟਾਈ ਹੋ ਰਹੀ ਹੈ। ਨਵੇਂ ਘਰ, ਫੈਕਟਰੀਆਂ ਅਤੇ ਸੜਕਾਂ ਬਣਾਉਣ ਲਈ ਜੰਗਲਾਂ ਨੂੰ ਨਸ਼ਟ ਕੀਤਾ ਜਾ ਰਿਹਾ ਹੈ। ਇਸ ਕਾਰਨ ਗਲੋਬਲ ਵਾਰਮਿੰਗ, ਮੌਸਮੀ ਤਬਦੀਲੀਆਂ, ਸੁੱਕਾ ਅਤੇ ਬਾੜਾਂ ਵਰਗੀਆਂ ਸਮੱਸਿਆਵਾਂ ਵੱਧ ਰਹੀਆਂ ਹਨ। ਧਰਤੀ ਦਾ ਤਾਪਮਾਨ ਲਗਾਤਾਰ ਵਧ ਰਿਹਾ ਹੈ ਜੋ ਮਨੁੱਖਤਾ ਲਈ ਵੱਡਾ ਖਤਰਾ ਹੈ ਹਰ ਮਨੁੱਖ ਦਾ ਫਰਜ਼ ਹੈ ਕਿ ਉਹ ਦਰਖਤਾਂ ਦੀ ਰੱਖਿਆ ਕਰੇ ਅਤੇ ਨਵੇਂ ਰੁੱਖ ਲਗਾਏ । ਸਕੂਲਾਂ, ਕਾਲਜਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਰੁੱਖ ਲਗਾਉਣ ਦੀਆਂ ਮੁਹਿੰਮਾਂ ਚਲਾਉਣੀਆਂ ਚਾਹੀਦੀਆਂ ਹਨ। ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਪ੍ਰਕਿਰਤੀ ਨਾਲ ਪਿਆਰ ਕਰਨ ਦੀ ਸਿੱਖਿਆ ਦੇਣੀ ਚਾਹੀਦੀ ਹੈ। ਜੇ ਹਰ ਵਿਅਕਤੀ ਇੱਕ ਰੁੱਖ ਲਗਾ ਕੇ ਉਸ ਦੀ ਸੰਭਾਲ ਕਰੇ ਤਾਂ ਧਰਤੀ ਮੁੜ ਹਰੀ-ਭਰੀ ਬਣ ਸਕਦੀ ਹੈ। ਸਾਨੂੰ ਪਲਾਸਟਿਕ ਦੀ ਵਰਤੋਂ ਘਟਾਉਣੀ ਚਾਹੀਦੀ ਹੈ ਅਤੇ ਵਾਤਾਵਰਣ ਨੂੰ ਸਾਫ਼ ਰੱਖਣ ਲਈ ਯਤਨ ਕਰਨੇ ਚਾਹੀਦੇ ਹਨ। ਸਰਕਾਰ ਵੱਲੋਂ ਵੀ ਜੰਗਲਾਂ ਦੀ ਰੱਖਿਆ ਲਈ ਕਈ ਯੋਜਨਾਵਾਂ ਬਣਾਈਆਂ ਜਾਂਦੀਆਂ ਹਨ, ਪਰ ਇਨ੍ਹਾਂ ਨੂੰ ਸਫਲ ਬਣਾਉਣ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਇਸ ਮੌਕੇ ਤੇ ਬਾਬਾ ਜੀ ਨੇ ਕਿਹਾ ਕਿ ਇਹ ਕਿਹਾ ਜਾ ਸਕਦਾ ਹੈ ਕਿ ਹਰਿਆਲੀ ਧਰਤੀ ਦੀ ਸ਼ਾਨ ਹੈ ਅਤੇ ਦਰਖਤ ਜੀਵਨ ਦਾ ਆਧਾਰ ਹਨ। ਇਹ ਸਾਨੂੰ ਸੁੱਚੀ ਹਵਾ, ਖਾਣ-ਪੀਣ ਦੀਆਂ ਚੀਜ਼ਾਂ, ਦਵਾਈਆਂ ਅਤੇ ਰਹਿਣ ਲਈ ਸੁੰਦਰ ਵਾਤਾਵਰਣ ਪ੍ਰਦਾਨ ਕਰਦੇ ਹਨ। ਦਰਖਤਾਂ ਤੋਂ ਬਿਨਾਂ ਧਰਤੀ ਸੁੰਨੀ ਅਤੇ ਜੀਵਨ ਅਸੰਭਵ ਹੋ ਜਾਵੇਗਾ। ਇਸ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਅਤੇ ਲੋਕਾਂ ਨੂੰ ਵੀ ਇਸ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।

ਕੀ ਜੂਨ ਚੁਰਾਸੀ ਦੇ ਵਹਿਸ਼ੀ ਹਮਲੇ ਦੀ ਦੋਸ਼ੀ ਕਾਂਗਰਸ ਪਾਰਟੀ ਨੂੰ

# ਸ੍ਰੀ ਅਕਾਲ ਤਖਤ ਸਾਹਿਬ ਤੋਂ ਮਾਫੀ ਮਿਲ ਚੁੱਕੀ ਹੈ ?-ਸ ਰਵੀਇੰਦਰ ਸਿੰਘ



**ਚੰਡੀਗੜ੍ਹ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਸ ਰਵੀਇੰਦਰ ਸਿੰਘ ਨੇ ਇਕ ਲਿਖਤੀ ਬਿਆਨ ਵਿੱਚ ਗੰਭੀਰ ਦੋਸ਼ ਲਾਉਂਦਿਆ ਸਵਾਲ ਕੀਤਾ ਕਿ ਜੂਨ 1984 ਨੂੰ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਾਹੁਣ ਵਾਲੀ ਅਤੇ ਨਵੰਬਰ ਚੁਰਾਸੀ ਵਿੱਚ ਸਿੱਖ ਕੌਮ ਦੀ ਨਸਲਕੁਸ਼ੀ ਕਰਨ ਵਾਲੀ ਕਾਂਗਰਸ ਪਾਰਟੀ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਕਲੀਨ ਚਿੱਟ ਮਿਲ ਚੁੱਕੀ ਹੈ ? ਸ ਰਵੀਇੰਦਰ ਸਿੰਘ ਨੇ ਕਿਹਾ ਕਿ ਛੇ ਜੂਨ ਨੂੰ ਹਰ ਸਾਲ ਆਪ੍ਰੇਸ਼ਨ ਬਲਿਊ ਸਟਾਰ ਦੀ ਯਾਦ ਮਨਾਉਂਦਿਆਂ ਇਹ ਅਰਦਾਸ ਕੀਤੀ ਜਾਂਦੀ ਹੈ ਕਿ "ਕਾਂਗਰਸ ਦੀ ਜਾਲਮ ਸਰਕਾਰ ਨੇ ਸਿੱਖਾਂ ਦੇ ਸਭ ਤੋਂ ਪਾਵਨ ਅਸਥਾਨ 'ਤੇ ਤੋਪਾਂ ਟੈਂਕਾਂ ਨਾਲ ਹਮਲਾ ਕੀਤਾ।" ਜੋ ਕਿ ਅਟੱਲ ਸੱਚਾਈ ਹੈ ਅਤੇ ਇਸ ਤੋਂ ਕਿਸੇ ਵੀ ਬਹਾਨੇ ਨਾਲ ਮੁਨਕਰ ਨਹੀਂ ਹੋਇਆ ਜਾ ਸਕਦਾ। ਪਰ 29 ਜੂਨ ਨੂੰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਕਾਂਗਰਸੀ ਵਿਧਾਇਕਾਂ ਨੂੰ ਜਿਸ ਤਰਾਂ ਸ੍ਰੀ ਅਕਾਲ ਤਖਤ ਸਾਹਿਬ ਸਕੱਤਰੇਤ ਵਿੱਚ ਦਾਖਲ ਹੋਣ ਅਤੇ ਖੁੱਲੇਆਮ ਭਾਸ਼ਣ ਦੇਣ ਦੀ ਇਜਾਜ਼ਤ ਦਿੱਤੀ, ਉਸਤੋਂ ਲੱਗਦਾ ਹੈ ਜਿਵੇਂ ਕਾਂਗਰਸ ਨੂੰ ਉਸਦੇ ਗੁਨਾਹਾਂ ਪ੍ਰਤੀ ਮਾਫ ਕਰ ਦਿੱਤਾ ਗਿਆ ਹੈ। ਅਤੇ ਹੁਣ ਵੀ ਵਿਧਾਨ ਸਭਾ ਵਿੱਚ ਹਿੱਸਾ ਲੈਣ ਸੰਬੰਧੀ ਉਹਨਾਂ ਨੂੰ ਜਥੇਦਾਰ ਸਾਹਿਬ ਤੋਂ ਇਸ ਤਰਾਂ ਆਗਿਆ ਮਿਲੀ ਹੈ, ਜਿਵੇਂ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਆਗਿਆ ਵਿੱਚ ਵਿਚਰਨ ਵਾਲੇ ਬਹੁਤ ਸ਼ਰਧਾਲੂ ਸਿੱਖ ਹੋਣ।

ਸ ਰਵੀਇੰਦਰ ਸਿੰਘ ਨੇ ਯਾਦ ਕਰਾਇਆ ਕਿ ਇਸ ਗੰਭੀਰ ਮਸਲੇ ਨੂੰ ਉਠਾਉਂਦਿਆਂ ਸਿੱਖ ਚਿੰਤਕ ਡਾ ਭਗਵਾਨ ਸਿੰਘ ਹੁਰਾਂ ਨੇ ਚਾਰ ਜੁਲਾਈ ਨੂੰ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਨੂੰ ਇਕ ਚਿੱਠੀ ਲਿਖ ਕੇ ਇਸ ਮਾਮਲੇ 'ਤੇ ਨਜ਼ਰਸਾਨੀ ਕਰਨ ਲਈ ਬੇਨਤੀ ਕੀਤੀ ਸੀ। ਭਾਵੇਂ ਉਸ 'ਤੇ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ ਪਰ ਅਖਬਾਰਾਂ ਵਿੱਚ ਛਪੀ ਉਸ ਚਿੱਠੀ ਵਿੱਚ ਇਤਿਹਾਸਕ ਹਵਾਲਿਆਂ ਨਾਲ ਦੱਸਿਆ ਗਿਆ ਸੀ ਕਿ ਜਦੋਂ ਕੋਈ ਸਰਕਾਰ ਨਾਲ ਮਿਲਵਰਤਨੀਆ ਸਿੱਖ ਸ੍ਰੀ ਅਕਾਲ ਤਖਤ ਸਾਹਿਬ 'ਤੇ ਆਉਂਦਾ ਹੈ ਤਾਂ ਪਹਿਲਾਂ ਉਹ ਪੰਜ ਸਿੰਘ ਸਾਹਿਬਾਨ ਅੱਗੇ ਪੇਸ਼ ਹੋ ਕੇ ਤਨਖਾਹ ਲਵਾਉਂਦਾ ਹੈ, ਉਸ ਤੋਂ ਬਾਦ ਉਸ ਦੀ ਗੱਲ ਸੁਣੀ ਜਾਂਦੀ ਹੈ। ਡਾਕਟਰ ਭਗਵਾਨ ਸਿੰਘ ਨੇ ਭਾਈ ਸ਼ਾਹਬੇਗ ਸਿੰਘ ਦੀ ਮਿਸਾਲ ਦਿੰਦਿਆ ਕਿਹਾ ਸੀ ਕਿ 1733 ਦੀ ਵਿਸਾਖੀ ਨੂੰ ਹੋਏ ਸਰਬੱਤ ਖਾਲਸਾ ਦੇ ਇਕੱਠ ਵਿੱਚ ਜਦੋਂ ਉਹ ਜਕਰੀਆ ਖਾਨ ਵੱਲੋਂ ਨਵਾਬੀ ਦੀ ਪੇਸ਼ਕਸ਼ ਲੈ ਕੇ ਆਏ ਸਨ ਤਾਂ ਪਹਿਲਾਂ ਉਹਨਾਂ ਨੂੰ ਸਰਕਾਰ ਦਾ ਮਿਲਵਰਤਨੀਆ ਹੋਣ ਕਰਕੇ ਪੰਜ ਪਿਆਰਿਆਂ ਵੱਲੋਂ ਤਨਖਾਹ ਲਾਈ ਗਈ ਸੀ, ਫਿਰ ਹੀ ਉਹਨਾਂ ਦੀ ਗੱਲ ਸੁਣੀ ਗਈ ਸੀ। ਏਸੇ ਤਰਾਂ 14/16 ਨਵੰਬਰ 1920 ਨੂੰ ਹੋਏ ਸਰਬੱਤ ਖਾਲਸਾ ਇਕੱਠ ਵਿੱਚ ਭਾਈ ਤੇਜਾ ਸਿੰਘ ਮਸਤੂਆਣੇ ਵਾਲਿਆਂ ਨੂੰ 'ਸੰਤ' ਕਹਾਉਣ ਕਰਕੇ ਅਤੇ ਸ ਸੁੰਦਰ ਸਿੰਘ ਮਜੀਠੀਆ ਨੂੰ ਅੰਗਰੇਜ ਸਰਕਾਰ ਨਾਲ ਮਿਲਵਰਤਨ ਕਰਕੇ ਸੁਧਾਈ ਕਰਵਾਉਣੀ ਪਈ ਸੀ। ਫਿਰ ਸਾਡੇ ਸਮਿਆਂ ਵਿੱਚ ਤਾਂ ਸਭ ਤੋਂ ਵੱਡਾ ਗੁਨਾਹ ਕਾਂਗਰਸ ਦੀ ਸਰਕਾਰ ਨੇ ਜੂਨ 1984 ਵਿੱਚ ਕੀਤਾ ਸੀ ਜਦੋਂ ਤੋਪਾਂ ਅਤੇ ਟੈਂਕਾਂ ਨਾਲ ਨਾ ਸਿਰਫ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਾਹਿਆ, ਸਗੋਂ ਹਜਾਰਾਂ ਬੀਬੀਆਂ, ਬੱਚਿਆਂ ਬਜੁਰਗਾਂ ਅਤੇ ਨੌਜਵਾਨ ਨੂੰ ਗੋਲੀਆਂ ਨਾਲ ਭੁੰਨ ਦਿੱਤਾ। ਇਸੇ ਤਰਾਂ ਦੇ ਕੁਕਰਮ ਨੂੰ ਦੁਹਰਾਉਂਦਿਆਂ ਨਵੰਬਰ 1984 ਵਿੱਚ ਪੂਰੇ ਦੇਸ਼ ਵਿੱਚ ਸੰਗਠਿਤ ਤਰੀਕੇ ਨਾਲ ਹਮਲੇ ਕਰਕੇ ਸਿੱਖਾਂ ਦੇ ਗਲਾਂ ਵਿੱਚ ਟਾਇਰ ਪਾਕੇ ਸਾੜਿਆ ਗਿਆ। ਕਾਂਗਰਸ ਪਾਰਟੀ ਨੇ ਆਪਣੇ ਇਹਨਾਂ ਜੁਲਮਾਂ ਦੀ ਸਿੱਖਾਂ ਕੋਲੋਂ ਕਦੇ ਮਾਫੀ ਨਹੀ ਮੰਗੀ। ਜੇ ਇਸ ਪਾਰਟੀ ਦੇ ਵਿਧਾਇਕਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਬੁਲਾਇਆ ਗਿਆ ਸੀ ਤਾਂ ਮਰਿਆਦਾ ਅਨੁਸਾਰ ਪਹਿਲਾਂ ਸਾਰਿਆਂ ਨੂੰ ਪੰਜ ਸਿੰਘ ਸਾਹਿਬਾਨ ਅੱਗੇ ਪੇਸ਼ ਹੋਕੇ ਤਨਖਾਹ ਲਵਾਉਣੀ ਚਾਹੀਦੀ ਸੀ। ਪਰ ਉਸ ਸਾਰੀ ਕਾਰਵਾਈ ਵਿੱਚ ਅਜਿਹਾ ਕੁਝ ਨਹੀਂ ਵਾਪਰਿਆ ਸਗੋਂ ਸਿੰਘ ਸਹਿਬਾਨ ਵੱਲੋਂ ਉਹਨਾਂ ਨੂੰ ਬੋਲਣ ਦਾ ਪੂਰਾ ਮੌਕਾ ਦਿੱਤਾ ਗਿਆ ਅਤੇ ਉਹਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਨੂੰ ਆਪਣੇ ਸਿਆਸੀ ਗੁਭਾਰ ਕੱਢਣ ਲਈ ਪੂਰੀ ਤਰਾਂ ਵਰਤਿਆ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਹੁਣ ਵੀ ਕਾਂਗਰਸੀ ਵਿਧਾਇਕਾਂ ਦੇ ਮੰਗਣ ਤੇ ਸਿੰਘ ਸਾਹਿਬ ਵੱਲੋਂ ਵਿਧਾਨ ਸਭਾ ਸੈਸ਼ਨ ਵਿੱਚ ਸ਼ਾਮਲ ਹੋਣ ਦੀ ਇਜਾਜਤ ਦਿੱਤੀ ਗਈ ਹੈ। ਇਸ ਸਾਰੇ ਮਿਲਵਰਤਨ ਤੋਂ ਇਸ ਤਰਾਂ ਲਗਦਾ ਹੈ ਜਿਵੇਂ ਕਾਂਗਰਸ ਪਾਰਟੀ ਦਾ ਬਾਦਲ ਦਲ ਨਾਲ ਗਠਜੋੜ ਹੋ ਗਿਆ ਹੋਵੇ। ਸ੍ਰੀ ਅਕਾਲ ਤਖ਼ਤ ਸਾਹਿਬ ਸਮੂਹ ਸਿੱਖਾਂ ਦੇ ਸਾਂਝੇ ਅਸਥਾਨ ਹਨ, ਜੋ ਕਿਸੇ ਇਕ ਧਿਰ ਵੱਲੋਂ ਸੌੜੀਆਂ ਰਾਜਸੀ ਕਿੜਾਂ ਲਈ ਨਹੀਂ ਵਰਤੇ ਜਾ ਸਕਦੇ। ਇਸ ਲਈ ਜਥੇਦਾਰ ਸਾਹਿਬ ਨੂੰ ਸਥਿੱਤੀ ਸਪੱਸ਼ਟ ਕਰਨੀ ਚਾਹੀਦੀ ਹੈ ਕਿ ਕੀ ਮੌਜੂਦਾ ਸਰਕਾਰ ਦੇ ਵਿਰੋਧ ਕਰਕੇ ਪਹਿਲੀਆਂ ਸਰਕਾਰਾਂ ਦੇ ਬੱਜਰ ਗੁਨਾਹ ਮਾਫ ਕਰ ਦਿੱਤੇ ਗਏ ਹਨ ? ਸ ਰਵੀਇੰਦਰ ਸਿੰਘ ਨੇ ਪੰਥਕ ਜਥੇਬੰਦੀਆਂ ਅਤੇ ਸਿੱਖ ਵਿਦਵਾਨਾਂ ਨੂੰ ਵੀ ਇਸ ਬਾਰੇ ਆਵਾਜ ਉਠਾਉਣ ਦੀ ਅਪੀਲ ਕੀਤੀ। ਮੀਡੀਆ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਸ਼ਹੀਦ ਸ੍ਰ: ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਸਤਿੰਦਰ ਸਿੰਘ ਨੇ ਸਾਥੀਆਂ ਸਮੇਤ ਸ਼ਹੀਦ ਨੂੰ ਯਾਦ ਕੀਤਾ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ



**ਜੰਡਿਆਲਾ ਗੁਰੂ, 31 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਅੱਜ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਨਗਰ ਕੌਂਸਲ ਦੀ ਸਾਰੀ ਟੀਮ ਵੱਲੋਂ ਪ੍ਰਧਾਨ ਸਤਿੰਦਰ ਸਿੰਘ ਦੀ ਅਗਵਾਈ ਹੇਠ ਸ਼ਹੀਦ ਊਧਮ ਸਿੰਘ ਚੌਂਕ ਵਿਖੇ ਸਥਾਪਿਤ ਬੁੱਤ ਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਉਹਨਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ । ਇਸ ਸਮੇਂ ਪ੍ਰਧਾਨ ਸਤਿੰਦਰ ਸਿੰਘ ਨੇ ਕਿਹਾ ਕਿ 31 ਜੁਲਾਈ 1940 ਨੂੰ ਸ਼ਹੀਦੇ ਆਜ਼ਮ ਨੂੰ ਲੰਡਨ ਦੀ ਜੇਲ੍ਹ ਵਿੱਚ ਫਾਂਸੀ ਦਿੱਤੀ ਗਈ ਸੀ ਅਤੇ ਉਸ ਸਮੇਂ ਉਹਨਾਂ ਦੀ ਉਮਰ 40 ਸਾਲ ਦੀ ਸੀ ਉਹਨਾਂ ਨੇ ਕਿਹਾ ਉਹ ਸੱਚੇ ਮਾਇਨਿਆਂ ਵਿੱਚ ਸ਼ਹੀਦੇ ਆਜ਼ਮ ਸਨ ਜਿਨਾਂ ਨੇ 21 ਸਾਲ ਤੱਕ ਬਦਲੇ ਦੀ ਅੱਗ ਆਪਣੇ ਸੀਨੇ ਵਿੱਚ ਰੱਖੀ ਅਤੇ ਸਮਾਂ ਆਉਣ ਤੇ ਕੁਰਬਾਨੀ ਦਿੱਤੀ । ਪ੍ਰਧਾਨ ਸਤਿੰਦਰ ਸਿੰਘ ਨੇ ਕਿਹਾ ਕਿ ਆਓ ਅੱਜ ਆਪਾਂ ਸਾਰੇ ਪ੍ਰਣ ਕਰੀਏ ਕਿ ਦੇਸ਼ ਦੀ ਆਜ਼ਾਦੀ ਅਤੇ ਏਕਤਾ ਲਈ ਹਮੇਸ਼ਾ ਤਿਆਰ ਰਹਾਂਗੇ । ਇਸ ਮੌਕੇ ਸਾਬਕਾ ਪ੍ਰਧਾਨ ਤੇ ਮੌਜੂਦਾ ਕੌਂਸਲਰ ਰਾਜਕੁਮਾਰ ਮਲਹੋਤਰਾ ਨੇ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਸਹੀਦ ਸ੍ਰ ਊਧਮ ਸਿੰਘ ਜੀ ਨੇ ਜਿਲ੍ਹਿਆਂ ਵਾਲੇ ਬਾਗ. ਦਾ ਬਦਲਾ ਲਿਆ ਅਤੇ ਆਪਣੀ ਸਹਾਦਤ ਨੂੰ ਹੱਸਦਿਆਂ ਹੱਸਦਿਆਂ ਪ੍ਰਵਾਨ ਕੀਤਾ ! ਇਸ ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਵਿਰਕ ਮੀਤ ਪ੍ਰਧਾਨ, ਐਡਵੋਕੇਟ ਰਾਜ ਕੁਮਾਰ ਮਲਹੋਤਰਾ ਸਾਬਕਾ ਪ੍ਰਧਾਨ ਅਤੇ ਕੌਂਸਲਰ, ਮਨਜਿੰਦਰ ਸਿੰਘ ਹੈਪੀ ਕੌਂਸਲਰ, ਰੋਬਿਨ ਪਸਾਹਨ ਚੇਅਰਮੈਨ, ਕਰਨ ਭੱਟੀ, ਗੁਰਪ੍ਰੀਤ ਸਿੰਘ ਚੰਦੀ ,ਭੁਪਿੰਦਰ ਸਿੰਘ ਹੈਪੀ ਆਦਿ ਹਾਜਰ ਸਨ ।

## ਪ੍ਰਮਾਤਮਾ ਦਾ ਸਿਮਰਨ ਕਰਨ ਨਾਲ ਦੁੱਖ ਦੂਰ ਹੁੰਦੇ ਹਨ : ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ ਜੰਡਿਆਲਾ ਗੁਰੂ ਵਾਲੇ



**ਚੌਕ ਮਹਿਤਾ,31 ਜੁਲਾਈ,(ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਵਾਲਿਆਂ ਨੇ ਧਾਰਮਿਕ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਮਨੁੱਖੀ ਜੀਵਨ ਵਿੱਚ ਆਉਣ ਵਾਲੇ ਦੁੱਖ-ਕਲੇਸ਼ਾਂ ਤੋਂ ਮੁਕਤੀ ਪਾਉਣ ਲਈ ਵਾਹਿਗੁਰੂ ਦੇ ਨਾਮ ਦਾ ਸਿਮਰਨ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਜੋ ਵਿਅਕਤੀ ਸੱਚੇ ਦਿਲ ਨਾਲ ਨਾਮ ਜਪਦਾ ਹੈ, ਉਸ ਦੇ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਜੀਵਨ ਸੁਖਮਈ ਬਣਦਾ ਹੈ। ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਵਾਲਿਆਂ ਨੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਬੁਰਾਈਆਂ ਤੋਂ ਦੂਰ ਰਹਿ ਕੇ ਗੁਰੂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਸਾਨੂੰ ਸਹੀ ਜੀਵਨ ਜੀਣ ਦੀ ਰਾਹ ਦਿਖਾਉਂਦੀ ਹੈ ਅਤੇ ਸਮਾਜ ਵਿੱਚ ਪਿਆਰ ਤੇ ਭਾਈਚਾਰੇ ਦੀ ਭਾਵਨਾ ਪੈਦਾ ਕਰਦੀ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਬੇਨਤੀ ਕੀਤੀ ਕਿ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੱੜ ਲੱਗੋ ਅਤੇ ਖੰਡੇ ਬਾਟੇ ਦਾ ਪਾਹੁਲ ਅੰਮ੍ਰਿਤ ਛੱਕ ਕੇ ਗੁਰੂ ਸਾਹਿਬ ਜੀ ਦੇ ਲੜ੍ਹ ਲੱਗੋ। ਚੁਗਲੀ,ਨਿੰਦਿਆ ਦਾ ਤਿਆਗ ਕਰਕੇ ਗੁਰੂ ਮੰਤਰ ਅਤੇ ਮੂਲ਼ ਮੰਤਰ ਦਾ ਵੱਧ ਤੋਂ ਵੱਧ ਜਾਪੁ ਕਰਕੇ ਆਪਣੇ ਸੁਆਸਾਂ ਨੂੰ ਸਫਲਾ ਕਰੋ।

## ਭਾਰਤੀ ਸੰਵਿਧਾਨ ਹਰ ਨਾਗਰਿਕ ਨੂੰ ਵਿਰੋਧ ਪ੍ਰਦਰਸ਼ਨ ਕਰਨ ਦਾ ਹੱਕ ਦਿੰਦਾ ਹੈ- ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 31 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਦੋਂ ਭਾਰਤ ਦਾ ਸੰਵਿਧਾਨ ਹਰ ਨਾਗਰਿਕ ਨੂੰ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਅਤੇ ਆਪਣੀ ਗੱਲ ਸਰਕਾਰ ਤੱਕ ਪਹੁੰਚਾਉਣ ਦਾ ਅਧਿਕਾਰ ਦਿੰਦਾ ਹੈ ਤਾਂ ਫਿਰ ਪੰਜਾਬੀ ਆਪਣੀ ਹੀ ਰਾਜਧਾਨੀ ਚੰਡੀਗੜ੍ਹ ਵਿੱਚ ਪ੍ਰਦਰਸ਼ਨ ਕਿਉਂ ਨਹੀਂ ਕਰ ਸਕਦੇ ? ਉਹਨਾਂ ਨੂੰ ਆਪਣੀ ਹੀ ਰਾਜਧਾਨੀ ਵਿੱਚ ਦਾਖ਼ਲ ਹੋਣ ਤੋਂ ਕਿਉਂ ਰੋਕਿਆ ਜਾਂਦਾ ਹੈ ? ਅਤੇ ਆਪਣੇ ਸੂਬੇ ਦੇ ਮੁੱਖ ਮੰਤਰੀ ਦੀ ਰਿਹਾਇਸ਼ ਸਾਹਮਣੇ ਮੈਮੋਰੈਂਡਮ ਦੇਣ ਦਾ ਹੱਕ ਖੋਹ ਕੇ ਪਰਚੇ ਕਿਉਂ ਦਰਜ ਕੀਤੇ ਜਾ ਰਹੇ ਹਨ ? ਗਿਆਨੀ ਹਰਪ੍ਰੀਤ ਸਿੰਘ ਨੇ ਅੱਗੇ ਕਿਹਾ ਕਿ ਵਾਰਿਸ ਪੰਜਾਬ ਦੇ ਜੱਥੇਬੰਦੀ ਵੱਲੋਂ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ 'ਤੇ ਉਨ੍ਹਾਂ ਖਿਲਾਫ਼ ਐਫਆਈਆਰ ਦਰਜ਼ ਕਰਨਾ ਲੋਕਤੰਤਰੀ ਹੱਕਾਂ 'ਤੇ ਸਿੱਧਾ ਹਮਲਾ ਹੈ। ਲੋਕਤੰਤਰ ਵਿੱਚ ਜਵਾਬ ਐਫਆਈਆਰ ਨਾਲ ਨਹੀਂ, ਸੰਵਾਦ ਨਾਲ ਦਿੱਤਾ ਜਾਂਦਾ ਹੈ। ਮੁੱਖ ਮੰਤਰੀ ਨੂੰ ਖ਼ੁਦ ਮੈਮੋਰੈਂਡਮ ਪ੍ਰਾਪਤ ਕਰਕੇ ਬੰਦੀ ਸਿੰਘਾਂ ਦੀ ਰਿਹਾਈ ਵਰਗੇ ਅਹਿਮ ਮਸਲੇ 'ਤੇ ਆਪਣਾ ਸਪੱਸ਼ਟ ਪੱਖ ਰੱਖਣਾ ਚਾਹੀਦਾ ਸੀ ਅਤੇ ਖੁਦ ਇਸ ਮਸਲੇ 'ਤੇ ਅੱਗੇ ਲੱਗਣਾ ਚਾਹੀਦਾ ਸੀ, ਜਿਵੇਂ ਕਿ ਉਹ ਖੁਦ ਮੁੱਖ ਮੰਤਰੀ ਬਣਨ ਤੋਂ ਪਹਿਲਾਂ ਰਿਹਾਈਆਂ ਦੀ ਮੰਗ ਕਰਦੇ ਰਹੇ ਹਨ। ਅਸੀਂ ਪੰਜਾਬੀਆਂ ਨੂੰ ਖਾਸ ਕਰਕੇ ਸਿੱਖਾਂ ਨੂੰ ਆਪਣੀ ਹੀ ਰਾਜਧਾਨੀ ਵਿੱਚ ਸ਼ਾਂਤਮਈ ਰੋਸ ਪ੍ਰਦਰਸ਼ਨ ਕਰਨ ਤੋਂ ਰੋਕਣ ਅਤੇ 3000 ਤੋਂ ਵੱਧ ਪ੍ਰਦਰਸ਼ਨਕਾਰੀਆਂ ਖਿਲਾਫ ਐਫਆਈਆਰ ਦਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ। ਪ੍ਰੈੱਸ ਨੋਟ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਰਾਮਗੜ੍ਹੀਆ ਸੁਸਾਇਟੀ ਵੱਲੋਂ

# ਮੀਰੀ-ਪੀਰੀ ਖਾਲਸਾ ਮਾਰਚ ਨਗਰ ਕੀਰਤਨ ਦਾ ਨਿੱਘਾ ਸਵਾਗਤ : ਦੜਿਆਲਾ





**ਫ਼ਿਰੋਜ਼ਪੁਰ, 31 ਜੁਲਾਈ (ਮਨੋਹਰ ਲਾਲ) :—** ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਵੱਲੋਂ ਫਿਰੋਜ਼ਪੁਰ ਸ਼ਹਿਰ ਵਿਖੇ ਪਹੁੰਚਣ ਤੇ ਪਵਿੱਤਰ ਨਗਰ ਕੀਰਤਨ ਦਾ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਨਿੱਘਾ ਸਵਾਗਤ ਕੀਤਾ ਗਿਆ। ਇਸ ਸਮੇਂ ਸੁਸਾਇਟੀ ਦੇ ਅਹੁਦੇਦਾਰ ਅਤੇ ਮੈਂਬਰਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਆ ਰਹੇ ਨਗਰ ਕੀਰਤਨ ਉੱਤੇ ਫੁੱਲਾਂ ਦੀ ਵਰਖਾ ਕੀਤੀ ਗਈ, ਉਪਰੰਤ ਸੁਸਾਇਟੀ ਵੱਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਸੰਗਤਾਂ ਲਈ ਠੰਡੇ ਮਿੱਠੇ ਜਲ ਅਤੇ ਮਠਿਆਈਆਂ ਦਾ ਇੰਤਜਾਮ ਕੀਤਾ ਗਿਆ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗਜ ਨੇ ਮੀਰੀ ਪੀਰੀ ਖਾਲਸਾ ਮਾਰਚ ਨਗਰ ਕੀਰਤਨ ਦੇ ਦਰਸ਼ਨਾਂ ਨੂੰ ਆਈਆਂ ਸੰਗਤਾਂ ਨੂੰ ਵਧਾਈਆਂ ਦਿੰਦੇ ਹੋਏ ਸਿੱਖ ਕੌਮ ਦੀ ਚੜ੍ਹਦੀ ਕਲਾ ਦੀ ਅਰਦਾਸ ਵੀ ਕੀਤੀ, ਸੋਸਾਇਟੀ ਮੈਂਬਰਾਂ ਨੇ ਉਨ੍ਹਾਂ ਨੂੰ ਸਿਰੀ ਸਹਿਬ ਅਤੇ ਸਿਰੋਪਾਓ ਭੇਂਟਾਂ ਕਰਕੇ ਸਨਮਾਨਿਤ ਕੀਤਾ। ਗੱਲਬਾਤ ਕਰਦਿਆਂ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਦੱਸਿਆ ਕੀ ਸਿੱਖ ਕੌਮ ਦੇ ਮਹਾਨ ਜਰਨੈਲ ਮਹਾਰਾਜਾ ਸ: ਜੱਸਾ ਸਿੰਘ ਰਾਮਗੜੀਆ ਦੀ ਵਿਰਾਸਤ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੇ ਚੱਲਦਿਆ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ 140 ਵੱਲੋਂ ਹਮੇਸ਼ਾ ਹੀ ਅਜਿਹੇ ਧਾਰਮਿਕ ਅਤੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਵੱਧ ਚੜ ਕੇ ਯੋਗਦਾਨ ਪਾਇਆ ਜਾਂਦਾ ਹੈ। ਨਗਰ ਕੀਰਤਨ ਵਿੱਚ ਸ਼ਾਮਿਲ ਹੋਈਆਂ ਸਮੂਹ ਸਾਧ ਸੰਗਤਾਂ ਨੂੰ ਸੋਸਾਇਟੀ ਵੱਲੋਂ ਜੀ ਆਇਆ ਨੂੰ ਆਖਿਆ ਗਿਆ। ਇਸ ਮੌਕੇ ਸੋਸਾਇਟੀ ਦੇ ਅਹੁਦੇਦਾਰ ਭਗਵਾਨ ਸਿੰਘ ਦੜਿਆਲਾ, ਪਰਮਜੀਤ ਸਿੰਘ ਕਲਸੀ, ਸੁਖਮਿੰਦਰ ਸਿੰਘ ਜੱਬਲ, ਦਵਿੰਦਰ ਸਿੰਘ ਕਲਸੀ, ਮੇਹਰ ਸਿੰਘ ਕਲਸੀ, ਅੰਗਰੇਜ਼ ਸਿੰਘ ਕਲਸੀ, ਸਤਨਾਮ ਸਿੰਘ ਹਰਿਆਨ, ਹਰਵਿੰਦਰ ਸਿੰਘ ਦੇਵਗੁਨ ਬੂਟਾ ਸਿੰਘ ਹਰਿਆਨ, ਹਰਜਿੰਦਰ ਸਿੰਘ ਦੜਿਆਲਾ, ਕੁਲਦੀਪ ਸਿੰਘ ਸੰਧੂ, ਜਸਬੀਰ ਸਿੰਘ ਕਲਸੀ, ਜਸਪਾਲ ਸਿੰਘ ਕਲਸੀ, ਜਸਵਿੰਦਰ ਸਿੰਘ ਸੰਧੂ, ਜਰਨੈਲ ਸਿੰਘ ਗਾਬੜੀਆ, ਅਮਰ ਸਿੰਘ ਗਾਬੜੀਆ, ਬਲਵਿੰਦਰ ਸਿੰਘ ਕਲਸੀ, ਗੁਰਪ੍ਰੀਤ ਸਿੰਘ ਕਲਸੀ, ਜਗਤਾਰ ਸਿੰਘ ਕਲਸੀ, ਸੁਖਚੈਨ ਸਿੰਘ ਖਾਲਸਾ, ਵਰਜਿਦਰ ਸਿੰਘ ਗਾਬੜੀਆ ਅਤੇ ਵਰਜਿਦਰ ਸਿੰਘ ਗਾਬੜੀਆ ਤੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ਜਿਨਾਂ ਨੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਆਪਣੀ ਹਾਜਰੀ ਲਵਾਈ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀਬੀ ਸਦਾ ਕੌਰ ਦੀ ਸਲਾਨਾ ਬਰਸੀ ਸਮਾਗਮ



ਫ਼ਿਰੋਜ਼ਪੁਰ, 31 ਜੁਲਾਈ (ਮਨੋਹਰ ਲਾਲ) :— ਬੀਬੀ ਸਦਾ ਕੌਰ ਜੀ ਦੀ ਬਰਸੀ ਨਗਰ ਸ਼ਾਮ ਸਿੰਘ ਵਾਲਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਬੀਬੀ ਸਦਾ ਕੌਰ ਜੀ ਦੀ ਮਿੱਠੀ ਯਾਦ ਵਿਚ ਇਲਾਕੇ ਦੀਆਂ ਸੰਗਤਾਂ ਵੱਲੋਂ ਇਕ ਜੁਲਾਈ ਨੂੰ ਸ੍ਰੀ ਆਖੰਡ ਪਾਠ ਸਾਹਿਬ ਦੀ ਲੜੀ ਪ੍ਰਾਰੰਭ ਕਰਵਾਈ ਗਈ ਸੀ, ਜਿਸ ਦੇ (14 ਸਾਵਣ) 29 ਜੁਲਾਈ ਨੂੰ ਅੰਮ੍ਰਿਤ ਵੇਲੇ ਭੋਗ ਪਾਏ ਗਏ, ਉਪਰੰਤ ਮਹਾਨ ਗੁਰਮਤਿ ਸਮਾਗਮ ਆਰੰਭ ਹੋਏ, ਜਿਸ ਵਿਚ ਸੰਤ ਬਾਬਾ ਭੁਪਿੰਦਰ ਸਿੰਘ, ਸੰਤ ਭਗਵਾਨ ਸਿੰਘ ਟਲੇਵਾਲ ਵਾਲੇ, ਭਾਈ ਗੁਰਨੇਕ ਸਿੰਘ ਖਾਲਸਾ ਸੰਗਰਾਹੂਰ ਵਾਲੇ ਅਤੇ ਹੋਰ ਗੁਰਮੁੱਖ ਪਿਆਰਿਆਂ ਵੱਲੋਂ ਗੁਰਬਾਣੀ ਕੀਰਤਨ, ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮਾਗਮ ਵਿਚ ਜਥੇਦਾਰ ਰਛਪਾਲ ਸਿੰਘ ਦਮਦਮੀ ਟਕਸਾਲ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਗਈ। ਇਸ ਸਮਾਗਮ ਵਿਚ ਸ: ਜ਼ਸਵਿੰਦਰ ਸਿੰਘ ਸੈਕਟਰੀ ਨੂੰ ਸਿੱਖ ਬੁੱਧੀਜੀਵੀ, ਸੰਘਰਸ਼ੀ ਨੌਜਵਾਨ ਦੀ ਐਵਾਰਡ ਦਿੱਤਾ ਗਿਆ। ਸਮਾਗਮ ਤੋਂ ਉਪਰੰਤ ਸ੍ਰੀ ਕਲਗੀਧਰ ਅੰਮ੍ਰਿਤ ਸੰਚਾਰ ਜਥੇ ਵੱਲੋਂ ਅੰਮ੍ਰਿਤ ਸੰਚਾਰ ਕੀਤਾ ਗਿਆ, ਜਿਸ ਵਿਚ 20 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣੇ। ਇਸ ਸਮੇਂ ਮੁੱਖ ਗ੍ਰੰਥ ਭਾਈ ਲਵਪ੍ਰੀਤ ਸਿੰਘ, ਬਲਜੀਤ ਸਿੰਘ ਪ੍ਰਧਾਨ, ਭਾਈ ਪਿੱਪਲ ਸਿੰਘ, ਭਾਈ ਭੁਪਿੰਦਰ ਸਿੰਘ, ਕੁਲਦੀਪ ਸਿੰਘ ਭੋਲਾ, ਜ਼ੋਰਾ ਸਿੰਘ, ਬਾਬਾ ਜੁਗਿੰਦਰ ਸਿੰਘ, ਨਰਿੰਦਰ ਸਿੰਘ ਬਾਪੂ ਗੁਰਮੇਜ਼ ਸਿੰਘ ਅਤੇ ਬਹੁਤਾਤ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 65 ਪ੍ਰਤੀਸ਼ਤ ਅਬਾਦੀ ਵਾਲੇ ਸਮਾਜ ਦੀ ਇੱਕਜੁਟਤਾ ਨਾਲ ਪੰਜਾਬ ਇਕ ਨਵੇਂ ਦੌਰ ਵਿੱਚ ਦਾਖਲ ਹੋਵੇਗਾ—ਇੰਜ ਸੁਰਿੰਦਰ ਸਿੰਘ ਭਿੰਡਰ



ਫ਼ਿਰੋਜ਼ਪੁਰ, 31 ਜੁਲਾਈ (ਮਨੋਹਰ ਲਾਲ) :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਪੰਜਾਬ ਵਿੱਚ 65—70 ਪ੍ਰਤੀਸ਼ਤ ਦੇ ਕਰੀਬ ਅਨੁਸੂਚਿਤ ਅਤੇ ਪਛੜੀਆਂ ਜਾਤੀਆਂ ਵਸਦੀਆਂ ਹਨ ਪਰ ਰਾਜਨੀਤੀ ਵਿੱਚ ਇੰਨਾਂ ਵਰਗਾਂ ਦੇ ਹਿੱਸੇਦਾਰੀ ਨਾਂਹ ਦੇ ਬਰਾਬਰ ਹੈ, ਰਾਜਪਾਠ ਇੰਨਾ ਦੀ ਪਕੜ ਤੋਂ ਬਹੁਤ ਦੂਰ ਹੈ। ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ 2027 ਦੀਆਂ ਅਗਾਮੀ ਚੋਣਾਂ ਤੋਂ ਪਹਿਲਾਂ ਪਹਿਲਾਂ ਜੇ ਅਨੁਸੂਚਿਤ ਅਤੇ ਪਛੜੀਆਂ ਜਾਤੀਆਂ ਇੱਕ ਰਾਜਨੀਤਿਕ ਪਲੇਟਫਾਰਮ ਤੇ ਇਕੱਤਰ ਹੋ ਜਾਂਦੀਆਂ ਹਨ ਤਾਂ ਪੰਜਾਬ ਵਿਚ ਇੰਨਾਂ ਵਰਗਾਂ ਦੀ ਆਪਣੀ ਸਰਕਾਰ ਹੋਵੇਗੀ। ਇੰਨਾਂ ਵਰਗਾਂ ਨੂੰ ਰਾਜਸੀ ਤਾਕਤ ਹਾਸਲ ਕਰਨ ਲਈ ਅਡੋਲ ਵਚਨਬੱਧਤਾ, ਸਮਾਜਿਕ ਜ਼ਿੰਮੇਵਾਰੀ, ਲੋਕਤੰਤਰਿਕ ਜ਼ਿੰਮੇਵਾਰੀ, ਸੰਵਿਧਾਨਕ ਜ਼ਿੰਮੇਵਾਰੀ ਅਤੇ ਮਨੁੱਖੀ ਮਰਿਆਦਾ ਦੀ ਸਕਰਾਤਮਿਕ ਸੋਚ ਅਪਨਾਉਣੀ ਹੋਵੇਗੀ।

ਇੰਜ ਭਿੰਡਰ ਨੇ ਅੱਗੇ ਕਿਹਾ ਕਿ ਇੰਨਾਂ ਵਰਗਾਂ ਦੀ ਇਕਜੁੱਟਤਾ ਅਤੇ ਸਕਰਾਤਮਿਕ ਸੋਚ 2027 ਵਿੱਚ ਸਰਕਾਰ ਬਣਾਉਣ ਵਿੱਚ ਸਹਾਈ ਹੋ ਸਕਦੀ ਹੈ ਅਤੇ ਪੰਜਾਬ ਇੱਕ ਨਵੇਂ ਦੌਰ ਵਿੱਚ ਦਾਖਲ ਹੋਵੇਗਾ, ਜਿਸ ਨਾਲ ਰਵਾਇਤੀ ਪਾਰਟੀਆਂ ਦਾ ਬਿਸਤਰਾ ਵੀ ਗੋਲ ਹੋ ਜਾਵੇਗਾ। ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਇੰਨਾਂ ਵਰਗਾਂ ਦੀ ਸਰਕਾਰ ਬਣਨ ਤੇ ਪੰਜਾਬ ਦਾ ਮੁੱਖ ਮੰਤਰੀ ਮਜ਼ਬੀ ਸਿੱਖ ਵਾਲਮੀਕਿ ਭਾਈਚਾਰੇ ਚੋਂ ਅਤੇ ਦੋ ਡਿਪਟੀ ਸੀ.ਐਮ ਪਹਿਲਾ ਪਛੜੇ ਅਤੇ ਦੂਸਰਾ ਰਵੀਦਾਸੀਏ ਚਮਾਰ ਭਾਈਚਾਰੇ ਵਿਚੋਂ ਹੋਵੇਗਾ। ਉਨਾਂ ਕਿਹਾ ਕਿ ਇੰਨਾਂ ਵਰਗਾਂ ਦੀ ਪੰਜਾਬ ਵਿੱਚ ਸਰਕਾਰ ਬਣਨ ਤੇ ਲੈਂਡ ਸੀਲਿੰਗ ਸੁਧਾਰ ਐਕਟ 1972 ਲਾਗੂ ਕਰਕੇ ਲੋੜਵੰਦ ਲੋਕਾਂ ਨੂੰ ਮਾਲਕੀ ਜ਼ਮੀਨ ਅਲਾਟ ਕੀਤੀ ਜਾਵੇਗੀ, ਪੰਜਾਬ ਵਿੱਚ ਮੰਡਲ ਕਮਿਸ਼ਨ ਰਿਪੋਰਟ ਅਤੇ 85 ਵੀਂ ਸੰਵਿਧਾਨਿਕ ਸੋਧ ਲਾਗੂ ਕੀਤੀ ਜਾਵੇਗੀ। ਇੰਜ ਭਿੰਡਰ ਨੇ ਕਿਹਾ ਅਧਿਕਾਰ ਸੰਘਰਸ਼ ਪਾਰਟੀ ਵਾਹਿਦ ਇੱਕ ਤਾਕਤਵਰ ਰਾਜਨੀਤਕ ਸੰਗਠਨ ਹੈ ਜੋ ਸਾਰੀਆਂ ਰਵਾਇਤੀ ਪਾਰਟੀਆਂ ਨੂੰ ਟੱਕਰ ਦੇਣ ਦੀ ਤਾਕਤ ਰੱਖਦਾ ਹੈ, ਦੀ ਸਰਕਾਰ ਬਣਨ ਤੇ ਪੰਜਾਬ ਅੰਦਰ ਕਾਨੂੰਨ ਅਤੇ ਸੰਵਿਧਾਨ ਦਾ ਰਾਜ ਹੋਵੇਗਾ। ਉਨ੍ਹਾਂ ਕਿਹਾ ਕਿ ਗੁੰਡਾਗਰਦੀ, ਕਤਲੇਆਮ, ਲੁੱਟ ਖਸੁੱਟ ਦਾ ਖ਼ਾਤਮਾ ਕਰਾਂਗੇ। ਪੰਜਾਬ ਵਿੱਚੋਂ ਨਸ਼ਾ ਤਸਕਰਾਂ, ਮਾਫ਼ੀਆ ਗ੍ਰੋਹਾਂ ਅਤੇ ਸਨੇਚਰਾਂ ਦਾ ਮੁਕੰਮਲ ਅੰਤ ਕਰਾਂਗੇ। ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਅਸਪਾ ਦੀ ਸਰਕਾਰ ਬਣਨ ਤੇ ਆਂਗਨਵਾੜੀ ਵਰਕਰਾਂ, ਮਿਡ ਡੇ ਮੀਲ ਵਰਕਰਾਂ, ਆਸ਼ਾ ਵਰਕਰਾਂ, ਫਸਿਲੀਟੇਟਰ ਅਤੇ ਮਨਰੇਗਾ ਵਰਕਰਾਂ ਦੀਆਂ ਸੱਦ ਭਾਵਨਾ ਮਹੌਲ ਵਿਚ ਸਭ ਵਾਜ਼ਿਬ ਮੰਗਾਂ ਪ੍ਰਵਾਨ ਕੀਤੀਆਂ ਜਾਣਗੀਆਂ। ਪੰਜਾਬ ਅੰਦਰ ਡਾਂਗ ਦਾ ਨਹੀਂ ਸ਼ਾਂਤੀ ਅਤੇ ਭਾਈਚਾਰਕ ਮਾਹੌਲ ਹੋਵੇਗਾ, ਸਰਕਾਰੀ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇਗੀ। ਇੰਜ. ਭਿੰਡਰ ਨੇ ਕਿਹਾ ਕਿ ਆਰਥਿਕ ਤੌਰ ਤੇ ਪੱਛੜੀਆਂ ਸ਼੍ਰੇਣੀਆਂ ਦੀਆਂ ਇਸਤਰੀਆਂ ਨੂੰ ਹਰ ਸਾਲ ਇੱਕ ਲੱਖ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ, ਸਿਹਤ ਤੇ ਸਿੱਖਿਆ ਗਰੀਬ ਲੋਕਾਂ ਲਈ ਬਿਲਕੁਲ ਮੁਫ਼ਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਯੂਨੀਵਰਸਿਟੀ ਮੇਲਿਆਂ 'ਚ ਧਰੂ ਤਾਰੇ ਵਾਂਗ ਚਮਕਣ ਲੱਗਾ ਸਰਵਨ ਢੋਲੀ

ਫ਼ਿਰੋਜ਼ਪੁਰ, 31 ਜੁਲਾਈ (ਮਨੋਹਰ ਲਾਲ) :— ਪੰਜਾਬ ਦੇ ਨਾਮਵਰ ਢੋਲੀਆਂ ਤੇ ਝਾਤ ਮਾਰੀ ਜਾਵੇ ਤਾਂ ਸਭ ਤੋਂ ਮਹੂਰਲੀ ਕਤਾਰ ਚ ਖੜਾ ਸਰਵਨ ਜਦੋਂ ਭੰਗੜੇ ਨਾਲ ਢੋਲ ਵਜਾ ਰਿਹਾ ਹੁੰਦਾ ਹੈ ਤਾਂ ਭੰਗੜਾ ਵੇਖਣ ਵਾਲੇ ਸਰਵਨ ਦੇ ਢੋਲ ਦੀਆਂ ਤਾਲਾਂ ਸੁਣ ਅੱਛ—ਅੱਛ ਕਰ ਉੱਠਦੇ ਹਨ। ਥੋੜੇ ਸਮੇਂ ਚ ਹੀ ਸਰਵਨ ਦਾ ਢੋਲ ਪੰਜਾਬ ਦੀਆਂ ਨਾਮਵਰ ਯੂਨੀਵਰਸਿਟੀਆਂ ਅਤੇ ਚੋਟੀ ਦੇ ਕਾਲਜਾਂ ਚ ਗੂੰਜਣ ਲੱਗਾ ਹੈ ਅਤੇ 33 ਕੁ ਵਰ੍ਹੇ ਪਹਿਲਾਂ ਪਿਤਾ ਸ਼ਿਵ ਰਾਮ ਦੀ ਘਰ ਪੈਦਾ ਹੋਏ ਸਰਵਨ ਨੂੰ ਢੋਲ ਵਜਾਉਣ ਦੀ ਗੁੜਤੀ ਉਸਦੇ ਦਾਦੇ ਨੱਥੂ ਰਾਮ ਤੋਂ ਮਿਲੀ ਅਤੇ 10 ਸਾਲ ਦੀ ਉਮਰ ਵਿਚ ਸਰਵਨ ਨੇ ਤੀਲੀ ਅਤੇ ਡਗਾ ਫੜ ਕੇ ਢੋਲ ਤੇ ਥਾਪ ਦੇਣੀ ਸ਼ੁਰੂ ਕਰ ਦਿੱਤੀ। ਉਸਤਾਦ ਰਾਕੇਸ਼ ਨੂੰ ਪੱਗ ਦੇਕੇ ਗੁਰੂ ਧਾਰ ਲਿਆ ਅਤੇ ਸਟੇਜਾਂ ਉਪਰ ਪੈਂਦੇ ਭੰਗੜੇ ਚ ਆਵਦੇ ਢੋਲ ਦੇ ਜੌਹਰ ਦਿਖਾਉਣੇ ਸ਼ੁਰੂ ਕਰ ਦਿੱਤੇ। ਦਸਣਯੋਗ ਹੈ ਕਿ ਸਰਵਨ ਆਪਣੇ ਪੜਦਾਦੇ ਜਿਓਣਾ ਰਾਮ ਦਾ ਨਾਂਅ ਚਮਕਾਉਣ ਲਈ ਦਿਨ ਰਾਤ ਮਿਹਨਤ ਕਰਨ ਲੱਗਾ, ਉਸਦਾ ਸੁਪਨਾ ਸੀ ਕਿ ਉਸਦੇ ਢੋਲ ਦੀ ਗੂੰਜ ਯੂਨੀਵਰਸਿਟੀ ਮੇਲਿਆਂ ਵਿੱਚ ਗੂੰਜੇ ਬਸ ਫੇਰ ਕੀ ਸੀ ਉਸਨੇ ਉਸਤਾਦ ਜੋਲੀ, ਉਸਤਾਦ ਰਵੀ ਅਤੇ ਉਸਤਾਦ ਬਿੱਟੂ ਤੋਂ ਢੋਲ ਦੀਆਂ ਤਾਲਾਂ ਦੀਆਂ ਬਰੀਕੀਆਂ ਸਿੱਖ ਕੇ ਸਟੇਜ ਵਿਚ ਆ ਕੁੱਦਿਆ। ਇਹ ਕਿ ਸਰਵਨ ਦਾ ਢੋਲ ਲੋਕਾਂ ਨੂੰ ਕੀਲਦਾ ਗਿਆ ਤੇ ਧਮਕ ਪੂਰੇ ਪੰਜਾਬ ਚ ਗੂੰਜਣ ਲੱਗੀ, ਪਹਿਲਾਂ ਜੋਨਲ ਪੱਧਰ, ਫੇਰ ਇੰਟਰਜ਼ੋਨਲ, ਨਾਰਥ ਜੋਨ ਅਤੇ ਫੇਰ ਨੈਸ਼ਨਲ ਪੱਧਰ ਤੱਕ ਸਰਵਨ ਦਾ ਢੋਲ ਆਪਣੇ ਜੌਹਰ ਵਿਖਾਉਂਦਾ ਹੋਇਆ ਟੀਮਾਂ ਨੂੰ ਜਿੱਤ ਹਾਸਲ ਕਰਵਾ ਚੁੱਕਿਆ ਹੈ। ਕਾਲਜਾਂ ਦੇ ਵਿਦਿਆਰਥੀ ਭੰਗੜਾ ਵੇਖਣ ਦੇ ਨਾਲ਼—ਨਾਲ਼ ਸਰਵਨ ਦੇ ਢੋਲ ਦੇ ਮੁਰੀਦ ਹੋ ਚੁੱਕੇ ਹਨ ਅਤੇ ਜਦ ਸਰਵਨ ਭੰਗੜੇ ਨਾਲ਼ ਢੋਲ ਵਜਾ ਰਿਹਾ ਹੁੰਦਾ ਹੈ ਤਾਂ ਵਿਦਿਆਰਥੀ ਸਿਰਫ ਢੋਲ ਨੂੰ ਹੀ ਵੇਖ ਰਹੇ ਹੁੰਦੇ ਹਨ। ਸਰਵਨ ਨੂੰ 2017 ਵਿਚ ਬੈਸਟ ਢੋਲੀ ਦਾ ਐਵਾਰਡ, ਉਸਤਾਦ ਭਾਨਾ ਰਾਮ ਐਵਾਰਡ ਤੋਂ ਇਲਾਵਾ ਸਰਵਨ ਨੂੰ ਕਈ ਐਵਾਰਡ ਮਿਲ ਚੁੱਕੇ ਹਨ। ਲਗਭਗ 150 ਕਾਲਜਾਂ ਅਤੇ ਸਕੂਲਾਂ ਦੀਆਂ ਭੰਗੜੇ, ਝੂਮਰ, ਮਲਵਈ ਗਿੱਧਾ ਅਤੇ ਸੰਮੀ ਦੀਆਂ ਟੀਮਾਂ ਨਾਲ ਢੋਲ ਵਜਾ ਚੁੱਕਾ ਹੈ। ਉੱਤਰੀ ਸਭਿਆਚਾਰਕ ਕੇਂਦਰ ਪਟਿਆਲਾ ਵੱਲੋਂ ਭਾਰਤ ਦੇ ਵੱਖ—ਵੱਖ ਪ੍ਰਾਂਤਾਂ ਵਿਚ ਹੁੰਦੇ ਲੋਕ ਮੇਲਿਆਂ ਵਿਚ ਪੰਜਾਬ ਦੀ ਪ੍ਰਤਿਨਿਧਤਾ ਕਰਦਿਆਂ ਭੰਗੜੇ ਦੀਆਂ ਕਈ ਟੀਆਂ ਨਾਲ਼ ਸਰਵਨ ਨੇ ਢੋਲ ਵਜਾਇਆ ਹੈ। ਬੇਸ਼ੱਕ ਘਰ ਦੀਆਂ ਮਜਬੂਰੀਆਂ ਕਰਕੇ ਸਰਵਨ ਅਨਪੜ ਹੈ ਪਰ ਉਸਨੇ ਸਕੂਲਾਂ ਤੋਂ ਕਾਲਜਾਂ ਤੇ ਫੇਰ ਯੂਨੀਵਰਸਿਟੀ ਤੱਕ ਆਪਣੇ ਬਾਪ ਦਾਦੇ ਦਾ ਨਾਂਅ ਚਮਕਾਇਆ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243